19-JAN-PAGE-1.qxd 1/18/2024 10:22 PM Page 1

ਸ਼ੁੱਕਰਵਾਰ, 19 ਜਨਵਰੀ, 2024
6 ਮਾਘ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 230

ਨਵਾਂ ਜ਼ਮਾਨਾ

DAILY NAWAN ZAMANA • FRIDAY, 19 JANUARY, 2024
ਜਲੰਧਰ
nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

'ਇੰਡੀਆ' ਤੋਂ ਡਰੀ ਭਾਜਪਾ

ਚੰਡੀਗੜ੍ਹ 'ਚ ਮੇਅਰ ਚੋਣਾਂ ਚਾਣਚੱਕ ਮੁਲਤਵੀ

ਆਮ ਆਦਮੀ ਪਾਰਟੀ ਤੇ ਕਾਂਗਰਸ ਦੇ ਆਗੂ ਤੇ ਵਰਕਰ ਪ੍ਰੋਟੈਸਟ ਕਰਦੇ ਹੋਏ।

ਚੰਡੀਗੜ੍ਹ (ਗੁਰਜੀਤ ਬਿੱਲਾ)

ਇੰਡੀਆ ਗਠਜੋੜ ਅਤੇ ਭਾਜਪਾ ਵਿਚਾਲੇ ਪਹਿਲੀ ਵੱਡੀ ਲੜਾਈ ਵਜੋਂ ਦੇਖੀਆਂ ਜਾ ਰਹੀਆਂ ਚੰਡੀਗੜ੍ਹ ਦੇ ਮੇਅਰ, ਸੀਨੀਅਰ ਡਿਪਟੀ ਮੇਅਰ ਅਤੇ ਡਿਪਟੀ ਮੇਅਰ ਦੀਆਂ ਚੋਣਾਂ ਨੂੰ ਵੀਰਵਾਰ ਮੁਲਤਵੀ ਕਰ ਦਿੱਤਾ ਗਿਆ। ਸਵੇਰੇ 11 ਵਜੇ ਤੋਂ ਚੋਣਾਂ ਹੋਣੀਆਂ ਸਨ, ਪਰ ਪ੍ਰੀਜ਼ਾਈਡਿੰਗ ਅਫਸਰ ਅਨਿਲ ਮਸੀਹ ਦੀ ਸਿਹਤ ਖਰਾਬ ਹੋਣ ਕਾਰਨ ਚੋਣਾਂ ਮੁਲਤਵੀ ਕਰ ਦਿੱਤੀਆਂ ਗਈਆਂ।

ਮੇਅਰ ਦੀ ਚੋਣ ਲਈ ਆਮ ਆਦਮੀ ਪਾਰਟੀ ਅਤੇ ਕਾਂਗਰਸ ਗਠਜੋੜ ਦੇ ਉਮੀਦਵਾਰ ਕੁਲਦੀਪ ਟੀਟਾ ਅਤੇ ਭਾਜਪਾ ਉਮੀਦਵਾਰ ਮਨੋਜ ਸੋਨਕਰ ਵਿਚਕਾਰ ਮੁਕਾਬਲਾ ਹੈ। ਚੋਣ ਰੱਦ ਕਰਨ ਦਾ ਆਮ ਆਦਮੀ ਪਾਰਟੀ ਅਤੇ ਕਾਂਗਰਸ ਨੇ ਸਖਤ ਵਿਰੋਧ ਕੀਤਾ।

ਦੋਹਾਂ ਪਾਰਟੀਆਂ ਦੇ ਸੀਨੀਅਰ ਆਗੂਆਂ, ਕੌਂਸਲਰਾਂ ਤੇ ਵਰਕਰਾਂ ਨੇ ਨਗਰ ਨਿਗਮ ਦੀ ਇਮਾਰਤ ਦੇ ਬਾਹਰ ਭਾਜਪਾ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕੀਤੀ। ਆਮ ਆਦਮੀ ਪਾਰਟੀ ਅਤੇ ਕਾਂਗਰਸ ਦੇ ਸੀਨੀਅਰ ਆਗੂਆਂ ਨੇ ਦੋਸ਼ ਲਾਇਆ ਕਿ ਭਾਜਪਾ ਨੇ ਆਪਣੀ ਹਾਰ ਨਜ਼ਰ ਆਉਣ ਤੋਂ ਬਾਅਦ ਤਾਕਤ ਦੀ ਦੁਰਵਰਤੋਂ ਕੀਤੀ ਹੈ। ਦੂਜੇ ਪਾਸੇ ਸੁਰੱਖਿਆ ਕਾਰਨਾਂ ਕਰਕੇ ਹਰ ਕਿਸੇ ਨੂੰ ਨਗਰ ਨਿਗਮ ਦੀ ਇਮਾਰਤ 'ਚ ਦਾਖਲ ਹੋਣ ਤੋਂ ਰੋਕ ਦਿੱਤਾ ਗਿਆ। ਚੰਡੀਗੜ੍ਹ ਦੀ ਐੱਸ ਐੱਸ ਪੀ ਕੰਵਰਦੀਪ ਕੌਰ ਵੀ ਮੌਕੇ 'ਤੇ ਮੌਜੂਦ ਸੀ। ਪੁਲਸ ਨੇ ਨਿਗਮ ਭਵਨ ਦੇ ਆਲੇ-ਦੁਆਲੇ ਬੈਰੀਕੇਡ ਲਗਾ ਕੇ ਆਮ ਲੋਕਾਂ ਦੀ ਆਵਾਜਾਈ ਨੂੰ ਰੋਕ ਦਿੱਤਾ।

ਸਾਬਕਾ ਕੇਂਦਰੀ ਮੰਤਰੀ ਤੇ ਚੰਡੀਗੜ੍ਹ ਦੇ ਸਾਬਕਾ ਲੋਕ ਸਭਾ ਮੈਂਬਰ ਪਵਨ ਬਾਂਸਲ ਨੇ ਕਿਹਾ ਕਿ ਉਹ ਹਾਈ ਕੋਰਟ ● ਬਾਕੀ ਸਫ਼ਾ 2 'ਤੇ

ਠੰਢ ਨੂੰ ਲੈ ਕੇ ਮੌਸਮ ਵਿਭਾਗ ਨੇ ਰੈੱਡ ਅਲਰਟ ਕੀਤਾ ਹੋਇਆ ਹੈ। ਜਲੰਧਰ 'ਚ ਵੀਰਵਾਰ ਸਵੇਰ ਦੀ ਸ਼ੁਰੂਆਤ ਠੰਢ ਅਤੇ ਸੰਘਣੀ ਧੁੰਦ ਨਾਲ ਹੋਈ। ਸਵੇਰ ਵੇਲੇ ਤਾਪਮਾਨ 'ਚ ਭਾਰੀ ਗਿਰਾਵਟ ਦੇਖੀ ਗਈ। (ਤਸਵੀਰ : ਕਮਲਜੀਤ ਬਾਬਲਕੇ)

ਮਨੀਪੁਰ ਦੇ ਥੌਬਲ 'ਚ ਕਰਫਿਊ

ਇੰਫਾਲ : ਮਨੀਪੁਰ ਦੇ ਥੌਬਲ ਜ਼ਿਲ੍ਹੇ ਵਿਚ ਗੋਲੀਬਾਰੀ ਨਾਲ ਬੀ ਐੱਸ ਐੱਫ ਦੇ 3 ਜਵਾਨ ਜ਼ਖਮੀ ਹੋ ਗਏ। ਪੁਲਸ ਨੇ ਦੱਸਿਆ ਕਿ ਬੁੱਧਵਾਰ ਦੇਰ ਰਾਤ ਭੀੜ 'ਚ ਸ਼ਾਮਲ ਕੁਝ ਬੰਦੂਕਧਾਰੀਆਂ ਨੇ ਥੌਬਲ ਪੁਲਸ ਹੈੱਡਕੁਆਰਟਰ 'ਚ ਭੰਨਤੋੜ ਕਰਨ ਦੀ ਕੋਸ਼ਿਸ਼ ਕੀਤੀ ਅਤੇ ਜਵਾਨਾਂ 'ਤੇ ਗੋਲੀਬਾਰੀ ਕੀਤੀ। ਇਸ ਦੌਰਾਨ ਪ੍ਰਸ਼ਾਸਨ ਨੇ ਥੌਬਲ 'ਚ ਕਰਫਿਊ ਲਗਾ ਦਿੱਤਾ ਹੈ।

ਹੂਤੀ ਬਾਗੀਆਂ 'ਤੇ ਮਿਜ਼ਾਈਲਾਂ ਦਾਗੀਆਂ

ਵਾਸ਼ਿੰਗਟਨ : ਅਮਰੀਕੀ ਫੌਜ ਨੇ ਯਮਨ 'ਚ ਹੂਤੀ ਬਾਗੀਆਂ ਦੇ ਕਬਜ਼ੇ ਵਾਲੇ ਇਲਾਕਿਆਂ 'ਤੇ ਮਿਜ਼ਾਈਲਾਂ ਦਾਗੀਆਂ। ਇਜ਼ਰਾਈਲ ਅਤੇ ਹਮਾਸ ਵਿਚਾਲੇ ਚੱਲ ਰਹੀ ਜੰਗ ਦੇ ਵਿਚਕਾਰ ਯਮਨ ਦੇ ਹੂਤੀ ਬਾਗੀਆਂ 'ਤੇ ਅਮਰੀਕੀ ਫੌਜ ਦਾ ਇਹ ਚੌਥਾ ਹਮਲਾ ਹੈ।

ਧਮਾਕੇ 'ਚ ਜਵਾਨ ਸ਼ਹੀਦ

ਰਾਜੌਰੀ : ਨੌਸ਼ਹਿਰਾ ਦੇ ਕਲਾਲ ਸੈਕਟਰ 'ਚ ਕੰਟਰੋਲ ਰੇਖਾ 'ਤੇ ਜ਼ਬਰਦਸਤ ਧਮਾਕੇ ਨਾਲ ਇਕ ਫੌਜੀ ਸ਼ਹੀਦ ਹੋ ਗਿਆ ਹੈ ਅਤੇ ਇਕ ਹੋਰ ਗੰਭੀਰ ਜ਼ਖਮੀ ਹੋ ਗਿਆ। ਕੁਪਵਾੜਾ ਜ਼ਿਲ੍ਹੇ 'ਚ ਸ੍ਰੀਨਗਰ-ਚੌਕੀਬਲ ਹਾਈਵੇਅ 'ਤੇ ਚੌਕੀਬਲ ਨੇੜੇ ਫੌਜ ਨੇ ਇਕ ਆਈ ਈ ਡੀ ਬਰਾਮਦ ਕਰ ਕੇ ਅਤੇ ਉਸ ਨੂੰ ਮੌਕੇ 'ਤੇ ਨਸ਼ਟ ਕਰਕੇ ਵੱਡੀ ਅੱਤਵਾਦੀ ਘਟਨਾ ਨੂੰ ਟਾਲ ਦਿੱਤਾ।

ਕੇਂਦਰ ਸਰਕਾਰ ਦੇ ਦਫਤਰਾਂ 'ਚ 22 ਨੂੰ ਅੱਧੇ ਦਿਨ ਦੀ ਛੁੱਟੀ

ਨਵੀਂ ਦਿੱਲੀ : ਕੇਂਦਰੀ ਮੰਤਰੀ ਜਤਿੰਦਰ ਸਿੰਘ ਨੇ ਵੀਰਵਾਰ ਕਿਹਾ ਕਿ ਅਯੋਧਿਆ 'ਚ ਰਾਮ ਮੰਦਰ ਦੇ ਉਦਘਾਟਨ ਦੇ ਮੱਦੇਨਜ਼ਰ 22 ਜਨਵਰੀ ਨੂੰ ਕੇਂਦਰ ਸਰਕਾਰ ਦੇ ਸਾਰੇ ਦਫਤਰ ਅੱਧੇ ਦਿਨ ਲਈ ਬੰਦ ਰਹਿਣਗੇ। ਉਨ੍ਹਾ ਕਿਹਾ ਕਿ ਇਹ ਫੈਸਲਾ ਲੋਕਾਂ 'ਚ ਭਾਰੀ ਉਤਸ਼ਾਹ ਸਦਕਾ ਲਿਆ ਗਿਆ ਹੈ।

ਰਾਮ ਮੰਦਰ 'ਤੇ ਟਿਕਟ ਜਾਰੀ

ਨਵੀਂ ਦਿੱਲੀ : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵੀਰਵਾਰ ਅਯੋਧਿਆ 'ਚ ਰਾਮ ਮੰਦਰ 'ਤੇ ਯਾਦਗਾਰੀ ਡਾਕ ਟਿਕਟ ਅਤੇ ਭਗਵਾਨ ਰਾਮ 'ਤੇ ਵਿਸ਼ਵ ਭਰ 'ਚ ਜਾਰੀ ਡਾਕ ਟਿਕਟਾਂ ਦੀ ਕਿਤਾਬ ਜਾਰੀ ਕੀਤੀ। ਇਸ ਦੇ ਡਿਜ਼ਾਈਨ 'ਚ ਰਾਮ ਮੰਦਰ, ਸਰਯੂ ਨਦੀ ਅਤੇ ਮੰਦਰ ਦੇ ਆਲੇ-ਦੁਆਲੇ ਦੀਆਂ ਮੂਰਤੀਆਂ ਸ਼ਾਮਲ ਹਨ। ਛੇ ਡਾਕ ਟਿਕਟਾਂ ਰਾਮ ਮੰਦਰ, ਭਗਵਾਨ ਗਣੇਸ਼, ਭਗਵਾਨ ਹਨੂੰਮਾਨ, ਜਟਾਯੂ, ਕੇਵਟਰਾਜ ਅਤੇ ਮਾਂ ਸਬਰੀ 'ਤੇ ਹਨ। ਕਿਤਾਬ ਭਗਵਾਨ ਰਾਮ ਦੀ ਅੰਤਰਰਾਸ਼ਟਰੀ ਪ੍ਰਸਿੱਧੀ ਨੂੰ ਪੇਸ਼ ਕਰਦੀ ਹੈ ਅਤੇ 48 ਪੰਨਿਆਂ ਦੀ ਇਸ ਕਿਤਾਬ 'ਚ ਅਮਰੀਕਾ, ਨਿਊਜ਼ੀਲੈਂਡ, ਸਿੰਗਾਪੁਰ, ਕੈਨੇਡਾ, ਕੰਬੋਡੀਆ ਅਤੇ ਸੰਯੁਕਤ ਰਾਸ਼ਟਰ ਵਰਗੀਆਂ ਸੰਸਥਾਵਾਂ ਸਮੇਤ 20 ਤੋਂ ਵੱਧ ਦੇਸ਼ਾਂ ਵੱਲੋਂ ਜਾਰੀ ਡਾਕ ਟਿਕਟਾਂ ਸ਼ਾਮਲ ਹਨ।

ਯਾਸੀਨ ਮਲਿਕ ਦੀ ਸ਼ੂਟਰ ਵਜੋਂ ਪਛਾਣ

ਜੰਮੂ : ਸੀ ਬੀ ਆਈ ਦੀ ਵਿਸ਼ੇਸ਼ ਅਦਾਲਤ 'ਚ ਅਹਿਮ ਚਸ਼ਮਦੀਦ ਗਵਾਹ ਨੇ ਵੀਰਵਾਰ ਜੇ ਕੇ ਐੱਲ ਐੱਫ ਦੇ ਮੁਖੀ ਯਾਸੀਨ ਮਲਿਕ ਦੀ ਪਛਾਣ 1990 'ਚ ਸ੍ਰੀਨਗਰ 'ਚ ਭਾਰਤੀ ਹਵਾਈ ਸੈਨਾ ਦੇ ਜਵਾਨਾਂ 'ਤੇ ਗੋਲੀਬਾਰੀ ਕਰਨ ਵਾਲੇ ਮੁੱਖ ਸ਼ੂਟਰ ਵਜੋਂ ਕੀਤੀ। ਹਮਲੇ 'ਚ ਸਕੁਐਡਰਨ ਲੀਡਰ ਸਮੇਤ ਚਾਰ ਜਵਾਨ ਸ਼ਹੀਦ ਹੋ ਗਏ ਸਨ ਤੇ 22 ਜ਼ਖਮੀ ਹੋਏ ਸਨ। 25 ਜਨਵਰੀ 1990 ਨੂੰ ਸ੍ਰੀਨਗਰ ਦੇ ਬਾਹਰਵਾਰ ਰਾਵਲਪੋਰਾ ਵਿਖੇ ਜ਼ਖਮੀ ਹੋਏ ਮੁੱਖ ਗਵਾਹ ਰਾਜਵਰ ਉਮੇਸ਼ਵਰ ਸਿੰਘ ਨੇ ਮਲਿਕ ਦੀ ਪਛਾਣ ਕੀਤੀ, ਜਿਸ ਨੂੰ ਦਿੱਲੀ ਦੀ ਤਿਹਾੜ ਜੇਲ੍ਹ ਤੋਂ ਵੀਡੀਓ ਰਾਹੀਂ ਅਦਾਲਤ 'ਚ ਪੇਸ਼ ਕੀਤਾ ਗਿਆ। ਮਲਿਕ ਕਈ ਸਾਲਾਂ ਤੋਂ ਇਸੇ ਜੇਲ੍ਹ 'ਚ ਕੈਦ ਹੈ।

ਪਾਕਿਸਤਾਨ ਦਾ ਈਰਾਨ 'ਤੇ ਜਵਾਬੀ ਹਮਲਾ

ਇਸਲਾਮਾਬਾਦ : ਪਾਕਿਸਤਾਨ ਨੇ ਵੀਰਵਾਰ ਸਵੇਰੇ ਈਰਾਨ ਵਿਚ ਹਵਾਈ ਹਮਲੇ ਕੀਤੇ, ਜਿਸ ਵਿਚ ਚਾਰ ਬੱਚਿਆਂ ਅਤੇ ਤਿੰਨ ਔਰਤਾਂ ਦੀ ਮੌਤ ਹੋ ਗਈ। ਸਥਾਨਕ ਅਧਿਕਾਰੀ ਨੇ ਈਰਾਨ ਦੇ ਸਰਕਾਰੀ ਟੈਲੀਵਿਜ਼ਨ ਚੈਨਲ ਨੂੰ ਇਹ ਜਾਣਕਾਰੀ ਦਿੱਤੀ। ਸਿਸਤਾਨ ਅਤੇ ਬਲੋਚਿਸਤਾਨ ਸੂਬੇ ਦੇ ਡਿਪਟੀ ਗਵਰਨਰ ਅਲੀ ਰਜ਼ਾ ਮਰਹਾਮਤੀ ਨੇ ਟੈਲੀਫੋਨ ਇੰਟਰਵਿਊ 'ਚ ਮਾਰੇ ਗਏ ਲੋਕਾਂ ਦੀ ਗਿਣਤੀ ਦਾ ਵਰਣਨ ਕੀਤਾ।

ਈਰਾਨ ਵੱਲੋਂ ਮੰਗਲਵਾਰ ਰਾਤ ਪਾਕਿਸਤਾਨ 'ਤੇ ਹਮਲੇ ਤੋਂ ਬਾਅਦ ਪਾਕਿਸਤਾਨ ਨੇ ਇਹ ਹਮਲੇ ਕੀਤੇ। ਇਨ੍ਹਾਂ ਹਮਲਿਆਂ ਨਾਲ ਦੋਵਾਂ ਦੇਸ਼ਾਂ ਵਿਚਾਲੇ ਤਣਾਅ ਵਧ ਗਿਆ ਹੈ।

ਪਾਕਿਸਤਾਨੀ ਮੀਡੀਆ ਰਿਪੋਰਟਾਂ ਅਨੁਸਾਰ ਪਾਕਿਸਤਾਨੀ ਹਵਾਈ ਸੈਨਾ ਨੇ ਈਰਾਨ ਦੇ ਅੰਦਰ ਕਥਿਤ ਬਲੋਚ ਵੱਖਵਾਦੀ ਕੈਂਪਾਂ 'ਤੇ ਜਵਾਬੀ ਹਵਾਈ ਹਮਲੇ ਕੀਤੇ ਅਤੇ ਪਾਕਿਸਤਾਨ ਨੂੰ ਲੋੜੀਂਦੇ 7 ਬਲੋਚ ਅੱਤਵਾਦੀਆਂ ਨੂੰ ਮਾਰ ਦਿੱਤਾ।

ਈਰਾਨ ਨੇ ਕਿਹਾ ਸੀ ਕਿ ਉਸ ਨੇ ਪਾਕਿਸਤਾਨ 'ਚ ਜੈਸ਼ ਅਲ-ਅਦਲ (ਨਿਆਂ ਦੀ ਫੌਜ) ਦੇ ਦੋ ਮਹੱਤਵਪੂਰਨ ਹੈੱਡਕੁਆਰਟਰ ਤਬਾਹ ਕਰਨ ਲਈ ਸਟੀਕ ਮਿਜ਼ਾਈਲ ਅਤੇ ਡਰੋਨ ਦੀ ਵਰਤੋਂ ਕੀਤੀ।

2012 'ਚ ਬਣਿਆ ਜੈਸ਼ ਅਲ-ਅਦਲ ਸੁੰਨੀ ਅੱਤਵਾਦੀ ਸਮੂਹ ਹੈ, ਜੋ ਈਰਾਨ ਦੇ ਦੱਖਣ-ਪੂਰਬੀ ਸੂਬੇ ਸਿਸਤਾਨ-ਬਲੋਚਿਸਤਾਨ 'ਚ ਸਰਗਰਮ ਹੈ। ਉਸ ਨੇ ਪਿਛਲੇ ਕੁਝ ਸਾਲਾਂ 'ਚ ਈਰਾਨੀ ਸੁਰੱਖਿਆ ਬਲਾਂ 'ਤੇ ਕਈ ਹਮਲੇ ਕੀਤੇ ਹਨ।

ਗੁਜਰਾਤ 'ਚ 13 ਵਿਦਿਆਰਥੀਆਂ ਤੇ 2 ਟੀਚਰਾਂ ਦੀ ਝੀਲ 'ਚ ਡੁੱਬਣ ਨਾਲ ਮੌਤ

ਅਹਿਮਦਾਬਾਦ : ਗੁਜਰਾਤ ਦੇ ਵਡੋਦਰਾ ਦੇ ਹਰਣੀ ਸਥਿਤ ਮੋਟਨਾਥ ਝੀਲ ਵਿਚ ਵੀਰਵਾਰ ਕਿਸ਼ਤੀ ਪਲਟਣ ਨਾਲ 13 ਬੱਚਿਆਂ ਤੇ 2 ਟੀਚਰਾਂ ਦੀ ਮੌਤ ਹੋ ਗਈ। ਕਿਸ਼ਤੀ 'ਤੇ 23 ਸਕੂਲੀ ਬੱਚੇ ਤੇ ਚਾਰ ਟੀਚਰ ਸਵਾਰ ਸਨ। ਦੱਸਿਆ ਜਾ ਰਿਹਾ ਹੈ ਕਿ ਨਿਊ ਸਨਰਾਈਜ਼ ਸਕੂਲ ਦੇ ਬੱਚੇ ਬਿਨਾਂ ਲਾਈਫ ਜੈਕਟ ਦੇ ਝੀਲ ਵਿਚ ਘੁੰਮ ਰਹੇ ਸਨ। ਫਾਇਰ ਬ੍ਰਿਗੇਡ ਦੇ ਮੁਲਾਜ਼ਮਾਂ ਨੇ 2 ਟੀਚਰਾਂ ਤੇ 10 ਬੱਚਿਆਂ ਨੂੰ ਬਚਾਅ ਲਿਆ।

ਹਿਮਾਚਲ 'ਚ ਹਲਕੀ ਬਰਫਬਾਰੀ

ਸ਼ਿਮਲਾ : ਸ਼ਿਮਲਾ ਜ਼ਿਲ੍ਹੇ ਦੇ ਉੱਚੇ ਇਲਾਕਿਆਂ 'ਚ ਹਲਕੀ ਬਰਫਬਾਰੀ ਨਾਲ ਹਿਮਾਚਲ 'ਚ ਸੀਤ ਲਹਿਰ ਤੇਜ਼ ਹੋ ਗਈ। ਉੱਪਰੀ ਸ਼ਿਮਲਾ ਖੇਤਰ ਦੇ ਨਾਰਕੰਡਾ ਅਤੇ ਖਦਰਾਲਾ 'ਚ ਬੁੱਧਵਾਰ ਰਾਤ ਨੂੰ 5 ਸੈਂਟੀਮੀਟਰ ਬਰਫ ਪਈ, ਜਦੋਂ ਕਿ ਸੰਘਣੀ ਧੁੰਦ ਨੇ ਮੰਡੀ, ਸੁੰਦਰਨਗਰ ਅਤੇ ਨਾਲਾਗੜ੍ਹ ਨੂੰ ਘੇਰ ਲਿਆ। ਸੁਮਦੋ ਅਤੇ ਕਲਪਾ 'ਚ ਘੱਟੋ-ਘੱਟ ਤਾਪਮਾਨ ਮਨਫੀ 5.8 ਅਤੇ 3.6 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ, ਜਦੋਂ ਕਿ ਨਾਰਕੰਡਾ, ਮਨਾਲੀ, ਭੁੰਤਰ, ਮੰਡੀ ਅਤੇ ਸੁੰਦਰਨਗਰ 'ਚ ਤਾਪਮਾਨ ਕ੍ਰਮਵਾਰ ਮਨਫੀ 1.2, 0.2, 0.4, 1.1 ਅਤੇ 1.3 ਡਿਗਰੀ ਦਰਜ ਕੀਤਾ ਗਿਆ। ਮੌਸਮ ਵਿਭਾਗ ਨੇ 19 ਜਨਵਰੀ ਨੂੰ ਨੀਵੀਆਂ ਪਹਾੜੀਆਂ 'ਚ ਸੰਘਣੀ ਧੁੰਦ ਪੈਣ ਦੀ ਚਿਤਾਵਨੀ ਦਿੱਤੀ ਹੈ। ਜਨਵਰੀ ਮਹੀਨੇ 'ਚ ਹੁਣ ਤੱਕ ਸਾਰੇ 12 ਜ਼ਿਲ੍ਹਿਆਂ 'ਚ ਮੀਂਹ ਦੀ ਕਮੀ 100 ਫੀਸਦੀ ਰਹੀ ਹੈ। ਕਿਸਾਨ ਅਤੇ ਸੇਬ ਉਤਪਾਦਕ ਚਿੰਤਤ ਹਨ ਕਿਉਂਕਿ ਲੰਬੇ ਸਮੇਂ ਤੱਕ ਸੁੱਕੀ ਰੁੱਤ ਨਵੰਬਰ ਅਤੇ ਦਸੰਬਰ ਦੇ ਸ਼ੁਰੂ ਵਿੱਚ ਬੀਜੀਆਂ ਫਸਲਾਂ ਲਈ ਬਹੁਤ ਨੁਕਸਾਨਦੇਹ ਹੈ।

ਚੌਥੀ ਵਾਰ ਵੀ ਪੇਸ਼ ਨਹੀਂ ਹੋਏ ਕੇਜਰੀਵਾਲ

ਨਵੀਂ ਦਿੱਲੀ : ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਵੀਰਵਾਰ ਕਿਹਾ ਕਿ ਇਨਫੋਰਸਮੈਂਟ ਡਾਇਰੈਕਟੋਰੇਟ (ਈ ਡੀ) ਨੇ ਉਨ੍ਹਾ ਨੂੰ ਚਾਰ ਸੰਮਨ ਭੇਜੇ ਹਨ, ਪਰ ਸਾਰੇ ਗੈਰ-ਕਾਨੂੰਨੀ ਹਨ ਤੇ ਸਿਆਸੀ ਸਾਜ਼ਿਸ਼ ਦੇ ਤਹਿਤ ਭੇਜੇ ਜਾ ਰਹੇ ਹਨ। ਉਨ੍ਹਾ ਦਾਅਵਾ ਕੀਤਾ ਕਿ ਇਹ ਸਾਰੀ ਕਵਾਇਦ ਉਨ੍ਹਾ ਨੂੰ ਲੋਕ ਸਭਾ ਚੋਣਾਂ ਤੋਂ ਪਹਿਲਾਂ ਗ੍ਰਿਫ਼ਤਾਰ ਕਰਨ ਦੀ ਹੈ ਤਾਂ ਜੋ ਉਹ ਪ੍ਰਚਾਰ ਨਾ ਕਰ ਸਕਣ। ਕੇਜਰੀਵਾਲ ਨੂੰ ਈ ਡੀ ਨੇ ਚੌਥੇ ਸੰਮਨ 'ਚ 18 ਜਨਵਰੀ ਨੂੰ ਪੇਸ਼ ਹੋਣ ਲਈ ਕਿਹਾ ਸੀ, ਪਰ ਉਹ ਪੇਸ਼ ਨਹੀਂ ਹੋਏ।

ਅਕਾਲੀ ਦਲ ਦੇ ਚੋਣ ਨਿਸ਼ਾਨ ਦੀ ਗੁਰੂ ਨਾਨਕ ਦੇਵ ਦੀ ਤੱਕੜੀ ਨਾਲ ਤੁਲਨਾ ਕਰਨ ਵਾਲੀ ਹਰਸਿਮਰਤ ਬਾਰੇ ਧਾਮੀ ਚੁੱਪ ਕਿਉਂ : ਮਾਨ

ਚੰਡੀਗੜ੍ਹ (ਗੁਰਜੀਤ ਬਿੱਲਾ)

ਅਕਾਲੀ ਦਲ ਦੇ ਚੋਣ ਨਿਸ਼ਾਨ ਦੀ ਤੁਲਨਾ ਗੁਰੂ ਨਾਨਕ ਦੇਵ ਨਾਲ ਕਰਨ ਬਾਰੇ ਹਰਸਿਮਰਤ ਕੌਰ ਬਾਦਲ ਦੇ ਬਿਆਨ ਉਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਵੱਲੋਂ ਧਾਰੀ ਚੁੱਪ ਉਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਵਾਲ ਚੁੱਕਿਆ ਹੈ। ਮੁੱਖ ਮੰਤਰੀ ਨੇ ਕਿਹਾ ਕਿ ਇਹ ਕਿੰਨੀ ਅਚੰਭੇ ਵਾਲੀ ਗੱਲ ਹੈ ਕਿ ਹਰਸਿਮਰਤ ਬਾਦਲ ਦੇ ਅਜਿਹੇ ਗੈਰ-ਜ਼ਿੰਮੇਵਾਰਾਨਾ ਤੇ ਨਿਰਾਧਾਰ ਬਿਆਨਾਂ ਰਾਹੀਂ ਹਰੇਕ ਸਿੱਖ ਦੇ ਹਿਰਦੇ ਨੂੰ ਠੇਸ ਪੁੱਜੀ ਹੈ, ਪਰ ਸ਼੍ਰੋਮਣੀ ਕਮੇਟੀ ਇਸ ਮਸਲੇ ਉਤੇ ਚੁੱਪ ਹੈ। ਉਨ੍ਹਾ ਕਿਹਾ ਕਿ ਇਸ ਤੋਂ ਸਾਫ ਦਿਸਦਾ ਹੈ ਕਿ ਧਾਮੀ ਅਕਾਲੀ ਦਲ ਖਾਸ ਤੌਰ ਉਤੇ ਬਾਦਲ ਪਰਵਾਰ ਦੇ ਇਕ ਵਫਾਦਾਰ ਵਲੰਟੀਅਰ ਤੋਂ ਵੱਧ ਕੁਝ ਨਹੀਂ। ਮਾਨ ਨੇ ਕਿਹਾ ਕਿ ਇਹ ਮੰਦਭਾਗੀ ਗੱਲ ਹੈ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਆਪਣੇ ਆਕਾਵਾਂ ਦੀਆਂ ਸਾਰੀਆਂ ਗਲਤੀਆਂ ਵੱਲੋਂ ਅੱਖਾਂ ਮੀਟ ਲਈਆਂ ਹਨ, ਜਿਸ ਕਾਰਨ ਸਮੁੱਚੇ ਸਿੱਖ ਭਾਈਚਾਰੇ ਦੀਆਂ ਭਾਵਨਾਵਾਂ ਨੂੰ ਠੇਸ ਵੱਜ ਰਹੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਹਰਸਿਮਰਤ ਦਾ ਇਹ ਬਿਆਨ

ਮਾਘੀ ਮੌਕੇ ਆਇਆ ਹੈ, ਪਰ ਇਸ ਸਮੁੱਚੇ ਮਸਲੇ ਉਤੇ ਧਾਮੀ ਦੀ ਗੁਝੀ ਚੁੱਪ ਨਾਲ ਇਹ ਗੱਲ ਪੁਖਤਾ ਹੋਈ ਹੈ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਬਾਦਲਾਂ ਦੇ ਹੱਥਾਂ ਦੀ ਕਠਪੁਤਲੀ ਤੋਂ ਵੱਧ ਕੁਝ ਨਹੀਂ ਹਨ। ਉਨ੍ਹਾ ਕਿਹਾ ਕਿ ਕਿੰਨੀ ਮਾੜੀ ਗੱਲ ਹੈ ਕਿ ਬਾਦਲ ਪਰਵਾਰ ਦੀਆਂ ਕਾਰਵਾਈਆਂ ਪੂਰੀ ਤਰ੍ਹਾਂ ਸਿੱਖੀ ਰਹਿਤ ਮਰਿਆਦਾ ਦੇ ਉਲਟ ਹੋਣ ਦੇ ਬਾਵਜੂਦ ਸ਼੍ਰੋਮਣੀ ਕਮੇਟੀ ਪ੍ਰਧਾਨ ਨੂੰ ਇਨ੍ਹਾਂ ਵਿੱਚ ਕੁਝ ਵੀ ਗਲਤ ਨਜ਼ਰ ਨਹੀਂ ਆਉਂਦਾ। ਮਾਨ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਨੂੰ ਚੇਤਾਵਨੀ ਦਿੱਤੀ ਕਿ ਸਿੱਖ ਸੰਗਤ ਉਨ੍ਹਾ ਨੂੰ ਆਪਣੇ ਆਕਾਵਾਂ ਨੂੰ ਖੁਸ਼ ਕਰਨ ਦੀ ਨੀਤੀ ਲਈ ਮੁਆਫ ਨਹੀਂ ਕਰੇਗੀ ਅਤੇ ਢੁਕਵਾਂ ਸਬਕ ਸਿਖਾਏਗੀ। ਮੁੱਖ ਮੰਤਰੀ ਨੇ ਧਾਮੀ ਨੂੰ ਚੁਣੌਤੀ ਦਿੱਤੀ ਕਿ ਉਹ ਮੀਡੀਆ ਸਾਹਮਣੇ ਆਉਣ ਅਤੇ ਆਪਣੇ ਆਕਾਵਾਂ ਤੇ ਅਕਾਲੀ ਦਲ ਦਾ ਇਨ੍ਹਾਂ ਘਟੀਆ ਹਰਕਤ

19-JAN-PAGE-1.qxd 1/18/2024 10:24 PM Page 2

ਲੋਹਗੜ੍ਹ 'ਚ ਪ੍ਰਕਾਸ਼ ਪੁਰਬ ਨੂੰ ਸਮਰਪਤ ਨਗਰ ਕੀਰਤਨ ਸਜਾਇਆ

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਪਿੰਡ ਲੋਹਗੜ੍ਹ ਵਿਖੇ ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਮਹਾਨ ਨਗਰ ਕੀਰਤਨ ਪੰਜ ਪਿਆਰਿਆਂ ਦੀ ਅਗਵਾਈ ਹੇਠ ਸਜਾਇਆ ਗਿਆ, ਜਿਸ ਦਾ ਹਰ ਪੜਾਅ ਉੱਪਰ ਸ਼ਰਧਾਲੂ ਸੰਗਤਾਂ ਨੇ ਭਰਵਾਂ ਸਵਾਗਤ ਕਰਦਿਆਂ ਪੰਜ ਪਿਆਰੇ ਸਾਹਿਬਾਨ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ।ਇਸ ਮੌਕੇ ਰਾਗੀ ਗੁਰਜੀਤ ਸਿੰਘ ਖਾਲਸਾ ਦੇ ਰਾਗੀ ਜਥੇ ਨੇ ਮਨੋਹਰ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ।ਉਨ੍ਹਾ ਗੁਰੂ ਸਾਹਿਬਾਨਾਂ ਦੀਆਂ ਸਿੱਖਿਆਵਾਂ ਅਨੁਸਾਰ ਗੁਰੂ ਸਿੱਖਿਆ ਜੀਵਨ ਧਾਰਨ ਕਰਕੇ ਬਾਣੀ ਤੇ ਬਾਣੇ ਦੇ ਧਾਰਨੀ ਬਨਣ ਦੀ ਲਈ ਪ੍ਰੇਰਿਤ ਕੀਤਾ।ਪ੍ਰਸਿੱਧ ਢਾਡੀ ਪਰਵਿੰਦਰ ਸਿੰਘ ਸਹੌਰ ਦੇ ਜਥੇ ਨੇ ਸੂਰਮਿਆ ਦੀਆਂ ਵਾਰਾਂ ਪੇਸ਼ ਕੀਤੀਆਂ।ਮਾਲੇਰਕੋਟਲਾ ਗੱਤਕਾ ਅਖਾੜਾ ਦੇ ਨੌਜਵਾਨਾਂ ਨੇ ਗੱਤਕੇ ਦੇ ਜੌਹਰ ਵਿਖਾਏ।ਗੁਰਦੁਆਰਾ ਗੁਰੂ ਗ੍ਰੰਥ ਸਾਹਿਬ ਦੇ ਸੇਵਾਦਾਰ ਨੌਜਵਾਨਾਂ ਨੇ ਗੁਰਸੇਵਕ ਸਿੰਘ ਗੋਲਡੀ ਦੀ ਅਗਵਾਈ ਹੇਠ ਸੇਵਾ ਭਾਵਨਾ ਨਾਲ ਜ਼ਿੰਮੇਵਾਰੀ ਨਿਭਾਈ।ਇਸ ਮੌਕੇ ਪ੍ਰਧਾਨ ਪਰਮਜੀਤ ਸਿੰਘ, ਬੱਗਾ ਸਿੰਘ ਧਨੇਸਰ, ਮਾ: ਰਘਵੀਰ ਸਿੰਘ, ਡਾ: ਮਨਦੀਪ ਸਿੰਘ ਹੈਪੀ, ਸਰਪੰਚ ਦਿਲਬਾਗ ਸਿੰਘ, ਸਾਬਕਾ ਸਰਪੰਚ ਆਤਮਾ ਸਿੰਘ, ਆਪ ਆਗੂ ਗੁਰਸੇਵਕ ਸਿੰਘ, ਮਹੰਤ ਚਮਕੌਰ ਸਿੰਘ, ਬਾਬਾ ਨਛੱਤਰ ਸਿੰਘ, ਮਹਿੰਦਰ ਸਿੰਘ, ਦਵਿੰਦਰ ਸਿੰਘ ਕਾਕਾ, ਡਾ: ਅੰਮ੍ਰਿਤ ਸਿੰਘ, ਬਲਜੀਤ ਸਿੰਘ ਦਿਹੜ, ਹਰਬੰਸ ਸਿੰਘ, ਗੁਰਜੰਟ ਸਿੰਘ ਧਨੇਸਰ, ਸਰਬਜੋਤ ਸਿੰਘ, ਮੋਹਣ ਸਿੰਘ ਮਰਾਹੜ, ਸੂਬੇਦਾਰ ਹਰਵਿੰਦ ਸਿੰਘ ਤੋਂ ਇਲਾਵਾ ਵੱਡੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।

7 ਦਿਨਾਂ 'ਚ ਲਵਾਇਆ ਕੈਨੇਡਾ ਸਟੱਡੀ ਵੀਜ਼ਾ

ਬਾਘਾ ਪੁਰਾਣਾ (ਮਨੀ ਸਿੰਗਲਾ)-ਐਕਸਪਰਟ ਇਮੀਗ੍ਰੇਸ਼ਨ ਐਂਡ ਐਜੂਕੇਸ਼ਨ ਸਰਵਿਸ ਵਿਦੇਸ਼ ਜਾਣ ਦੇ ਸੁਪਨੇ ਪੂਰੇ ਕਰ ਰਹੀ ਹੈ। ਇਸ ਵੱਲੋਂ ਵਿਜ਼ਟਰ ਵੀਜ਼ਾ, ਸਟੱਡੀ ਵੀਜ਼ਾ, ਓਪਨ ਵਰਕ ਪਰਮਿਟ ਵੀਜ਼ਾ ਲਵਾਇਆ ਜਾਂਦਾ ਹੈ। ਇਸ ਮੌਕੇ ਸੰਸਥਾ ਦੇ ਮੁਖੀ ਦੇਵਾਂਸ਼ ਗੋਇਲ ਨੇ ਦੱਸਿਆ ਕਿ ਸੰਸਥਾ ਨੂੰ ਇੱਕ ਹੋਰ ਸਫ਼ਲਤਾ ਪ੍ਰਾਪਤ ਹੋਈ ਹੈ। ਉਨ੍ਹਾਂ ਦੱਸਿਆ ਕਿ ਮੁਸਕਾਨ ਸੋਨੀ ਪੁੱਤਰੀ ਕ੍ਰਿਸ਼ਨ ਲਾਲ ਵਾਸੀ ਲੰਗੇਆਣਾ ਨਵਾਂ ਦਾ ਕਨੇਡਾ ਦਾ ਸਟੱਡੀ ਵੀਜ਼ਾ ਸਿਰਫ਼ ਇੱਕ ਹਫ਼ਤੇ ਵਿੱਚ ਲੈ ਕੇ ਦਿੱਤਾ ਹੈ, ਜਿਨ੍ਹਾਂ ਦੇ ਇੱਕ ਮਡਿਊਲ ਵਿੱਚ ਸਾਢੇ ਪੰਜ ਬੈਂਡ ਸੀ। ਮੁਸਕਾਨ ਸੋਨੀ ਤੇ ਉਨ੍ਹਾਂ ਦੇ ਪਰਵਾਰ ਨੇ ਦੀਵਾਸ ਗੋਇਲ ਤੇ ਉਨ੍ਹਾਂ ਦੇ ਸਟਾਫ਼ ਦਾ ਧੰਨਵਾਦ ਕੀਤਾ।

'ਬ੍ਰਹਮ ਭੋਗ' ਭੁੱਖ ਨਿਵਾਰਣ ਪ੍ਰੋਗਰਾਮ ਦਾ ਸਿਵਲ ਹਸਪਤਾਲ ਤੱਕ ਵਿਸਥਾਰ

ਸਮਰਾਲਾ/ਮਾਛੀਵਾੜਾ (ਸੁਰਜੀਤ ਵਿਸਾਦ, ਜਗਦੀਸ਼ ਰਾਏ, ਸ਼ੈਂਕੀ ਸ਼ਰਮਾ)-ਸਮਾਜ ਭਲਾਈ ਲਈ ਆਪਣੀ ਨਿਰੰਤਰ ਵਚਨਬੱਧਤਾ ਲਈ ਮਸ਼ਹੂਰ ਡੀਬੀਸੀ ਟਰੱਸਟ ਹੈਵਨਲੀ ਪੈਲੇਸ, ਮਕਰ ਸੰਕ੍ਰਾਂਤੀ ਦੇ ਸ਼ੁਭ ਦਿਨ ਤੋਂ ਸ਼ੁਰੂ ਹੋਣ ਵਾਲੇ ਆਪਣੇ ਬ੍ਰਹਮਭੋਗ ਭੁੱਖ ਨਿਵਾਰਣ ਪ੍ਰੋਗਰਾਮ ਨੂੰ ਸਿਵਲ ਹਸਪਤਾਲ ਤੱਕ ਵਧਾਉਣ ਦਾ ਮਾਣ ਨਾਲ ਐਲਾਨ ਕਰਦਾ ਹੈ। ਪ੍ਰੋਗਰਾਮ ਦੇ ਤਹਿਤ ਟਰੱਸਟ ਲੁਧਿਆਣਾ ਅਤੇ ਖੰਨਾ ਦੇ ਆਲੇ-ਦੁਆਲੇ ਦੇ ਖੇਤਰਾਂ ਵਿੱਚ 9000 ਤੋਂ ਵੱਧ ਭੋਜਨਾਂ ਦੀ ਮੌਜੂਦਾ ਪਹੁੰਚ ਦੇ ਨਾਲ ਲੋੜਵੰਦਾਂ ਨੂੰ ਰੋਜ਼ਾਨਾ ਮੁਫ਼ਤ ਭੋਜਨ ਪ੍ਰਦਾਨ ਕਰ ਰਿਹਾ ਹੈ। 1996 ਵਿੱਚ ਸ਼ੁਰੂ ਕੀਤੀ ਗਈ ਇਹ ਪਹਿਲਕਦਮੀ ਹਸਪਤਾਲਾਂ, ਸਕੂਲਾਂ ਤੇ ਸਮਾਜ ਦੇ ਦੱਬੇ-ਕੁਚਲੇ ਵਰਗਾਂ ਤੱਕ ਪਹੁੰਚ ਕੇ ਆਸ ਦੀ ਕਿਰਨ ਬਣੀ ਹੋਈ ਹੈ। ਸ੍ਰੀ ਮੁਕੇਸ਼ ਆਨੰਦ, ਡਾਇਰੈਕਟਰ, ਡੀ.ਬੀ.ਸੀ. ਟਰੱਸਟ ਨੇ ਮੀਡੀਆ ਤੇ ਉਨ੍ਹਾਂ ਦੇ ਸਹਿਯੋਗੀਆਂ ਨੂੰ ਬੇਨਤੀ ਕੀਤੀ ਕਿ ਉਹ 'ਬ੍ਰਹਮ ਭੋਗ' ਮੁਫ਼ਤ ਭੋਜਨ ਪ੍ਰੋਗਰਾਮ ਬਾਰੇ ਜਾਗਰੂਕਤਾ ਪੈਦਾ ਕਰਨ ਅਤੇ ਇਸ ਨੂੰ ਲੋੜਵੰਦ ਵਿਅਕਤੀਆਂ ਦੇ ਦਰਵਾਜ਼ੇ ਤੱਕ ਪੁਚਾਉਣ ਵਿੱਚ ਟਰੱਸਟ ਦੀ ਮਦਦ ਕਰਨ ਅਤੇ ਇਸ ਤਰ੍ਹਾਂ ਸਮਾਜ ਨੂੰ ਉਨ੍ਹਾਂ ਦੀਆਂ ਮੁੱਢਲੀਆਂ ਲੋੜਾਂ ਪੂਰੀਆਂ ਕਰਨ। ਇਸ ਮੌਕੇ ਸਮਾਜ ਸੇਵੀ ਸ਼ਿਵ ਕੁਮਾਰ ਸ਼ਿਵਲੀ ਅਤੇ ਹੋਰ ਸ਼ਾਮਲ ਸਨ।

ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ

ਮੂਨਕ (ਰਾਜਪਾਲ ਸਿੰਗਲਾ)-ਦਸਵੇਂ ਪਾਤਸ਼ਾਹੀ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ ਜਨਮ ਉਤਸਵ ਨੂੰ ਲੈ ਕੇ ਪਿੰਡ ਭੂੰਦੜ ਭੈਣੀ ਵਿਖੇ ਧਾਰਮਿਕ ਸਮਾਗਮ ਦਾ ਆਰੰਭ ਕਰਾਇਆ ਗਿਆ। ਨੌਵੀਂ ਪਾਤਸ਼ਾਹੀ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਜਗਸੀਰ ਸਿੰਘ ਨੇ ਦੱਸਿਆ ਕਿ ਇਸ ਮੌਕੇ ਨੌਵੀ ਪਾਤਸ਼ਾਹੀ ਗੁਰਦੁਆਰਾ ਸਾਹਿਬ ਧਾਰਮਿਕ ਪ੍ਰੇਮੀਆਂ ਵੱਲੋਂ ਨਗਰ ਕੀਰਤਨ ਕੱਢਿਆ ਗਿਆ। ਨਗਰ ਕੀਰਤਨ ਦੀ ਅਗਵਾਈ ਰਵਾਇਤੀ ਬਾਣਿਆਂ ਵਿੱਚ ਪੰਜ ਪਿਆਰਿਆਂ ਨੇ ਕੀਤੀ। ਇਹ ਨਗਰ ਕੀਰਤਨ ਗੁਰੂਦੁਆਰਾ ਸ੍ਰੀ ਨੌਵੀਂ ਪਾਤਸ਼ਾਹੀ ਭੂੰਦੜ ਭੈਣੀ ਦੇ ਆਲੇ-ਦੁਆਲੇ ਹੁੰਦਾ ਹੋਇਆ ਵਾਪਸ ਗੁਰਦੁਆਰਾ ਸਾਹਿਬ ਪਹੁੰਚਿਆ। ਰਾਸਤੇ ਵਿੱਚ ਸੰਗਤਾਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਮੱਥਾ ਟੇਕਿਆ ਗਿਆ ਤੇ ਆਸ਼ੀਰਵਾਦ ਪ੍ਰਾਪਤ ਕੀਤਾ। ਪਿੰਡ ਵਾਸੀਆਂ ਵੱਲੋਂ ਵੱਖ-ਵੱਖ ਦੇ ਲੰਗਰ ਪਾਣੀ ਦਾ ਵੀ ਪ੍ਰਬੰਧ ਕੀਤਾ ਗਿਆ ਤੇ ਨਗਰ ਕੀਰਤਨ ਦੌਰਾਨ ਨਾਲ ਪਹੁੰਚੀ ਸੰਗਤਾਂ ਨੂੰ ਛਕਾਇਆ ਗਿਆ।

30 ਬੋਤਲਾਂ ਸ਼ਰਾਬ ਸਮੇਤ ਔਰਤ ਕਾਬੂ

ਜਗਰਾਉਂ (ਅਮਿਤ ਖੰਨਾ)-ਦੂਜੇ ਇਲਾਕਿਆਂ ਵਿੱਚੋਂ ਸ਼ਰਾਬ ਲਿਆ ਕੇ ਵੇਚਣ ਵਾਲੇ ਗੈਰ ਕਾਨੂੰਨੀ ਧੰਦੇ ਵਿੱਚ ਮਰਦ ਹੀ ਨਹੀਂ ਹੁਣ ਔਰਤਾਂ ਵੀ ਸ਼ਾਮਲ ਹੋ ਗਈਆਂ ਹਨ। ਅਜਿਹੀ ਹੀ ਇਕ ਔਰਤ ਨੂੰ ਥਾਣਾ ਸਦਰ ਵੱਲੋਂ ਕਾਬੂ ਕੀਤੇ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਥਾਣਾ ਸਦਰ ਦੇ ਏਐਸਆਈ ਅਨਵਰ ਮਸੀਹ ਤੋਂ ਮਿਲੀ ਜਾਣਕਾਰੀ ਮੁਤਾਬਕ ਉਹ ਆਪਣੇ ਸਾਥੀ ਕ੍ਰਮਚਾਰੀਆਂ ਦੇ ਨਾਲ ਬੱਸ ਸਟੈਂਡ ਸਵੱਦੀ ਖੁਰਦ ਮੌਜੂਦ ਸਨ ਤਾਂ ਉਨ੍ਹਾਂ ਨੂੰ ਇਤਲਾਹ ਮਿਲੀ ਕਿ ਪਿੰਡ ਰਾਮਗੜ੍ਹ ਦੀ ਰਹਿਣ ਵਾਲੀ ਮਹਿੰਦਰਪਾਲ ਕੌਰ ਪਤਨੀ ਜੰਗੀਰ ਸਿੰਘ, ਜੋ ਠੇਕਾ ਸ਼ਰਾਬ ਦੇਸੀ ਅਤੇ ਨਜਾਇਜ਼ ਘਰ ਦੀ ਕੱਢੀ ਰੂੜੀ ਮਾਰਕਾ ਸਰਾਬ ਵੇਚਣ ਦਾ ਗੈਰ ਕਾਨੂੰਨੀ ਧੰਦਾ ਕਰਦੀ ਹੈ, ਜਿਸ ਨੂੰ ਉਸ ਦੇ ਘਰੋਂ ਹੀ ਨਜਾਇਜ਼ ਸ਼ਰਾਬ ਵੇਚ ਰਹੀ ਨੂੰ ਕਾਬੂ ਕੀਤਾ ਗਿਆ ਅਤੇ ਉਸ ਦੇ ਕੋਲੋਂ 30 ਬੋਤਲਾਂ ਸ਼ਰਾਬ ਦੇਸੀ ਬਰਾਮਦ ਕੀਤੀਆਂ ਗਈਆਂ ਹਨ। ਇਸ ਔਰਤ ਖਿਲਾਫ਼ ਥਾਣਾ ਸਦਰ ਜਗਰਾਉਂ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।

ਜ਼ਿਲ੍ਹਾ ਸੁਧਾਰ ਘਰ 'ਚ ਕੀਤੀ ਗਈ ਅਚਨਚੇਤ ਚੈਕਿੰਗ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਗੁਰਸ਼ਰਨ ਸਿੰਘ ਸੰਧੂ ਆਈ.ਜੀ ਫ਼ਰੀਦਕੋਟ ਰੇਂਜ ਦੀਆਂ ਹਦਾਇਤਾਂ ਤਹਿਤ ਭਾਗੀਰਥ ਸਿੰਘ ਮੀਨਾ ਐਸ.ਐਸ.ਪੀ ਦੀ ਨਿਗਰਾਨੀ ਹੇਠ 26 ਜਨਵਰੀ ਦੇ ਮੱਦੇਨਜ਼ਰ ਜ਼ਿਲ੍ਹੇ ਅੰਦਰ ਸਖਤ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ, ਜਿਸ ਤਹਿਤ ਪੁਲਿਸ ਦੀਆਂ ਅਲੱਗ-ਅਲੱਗ ਟੀਮਾਂ ਵੱਲੋਂ ਸਰਚ ਅਭਿਆਨ ਚਲਾਇਆ ਜਾ ਰਿਹਾ ਹੈ ਅਤੇ ਗਸ਼ਤ ਵਾ ਚੈਕਿੰਗ ਕੀਤੀ ਜਾ ਰਹੀ ਹੈ। ਇਸੇ ਤਹਿਤ ਭਾਗੀਰਥ ਸਿੰਘ ਮੀਨਾ ਦੀ ਅਗਵਾਈ ਹੇਠ ਜ਼ਿਲ੍ਹਾ ਸੁਧਾਰ ਘਰ (ਜੇਲ੍ਹ) ਵਿਖੇ ਅਚਨਚੇਤ ਸਰਚ ਅਭਿਆਨ ਚਲਾਇਆ ਗਿਆ। ਇਸ ਸਰਚ ਅਭਿਆਨ ਵਿੱਚ ਸੰਜੀਵ ਗੋਇਲ ਡੀ.ਐਸ.ਪੀ. (ਐਨ.ਡੀ.ਪੀ.ਐਸ), ਰਵਿੰਦਰ ਸਿੰਘ ਡੀ.ਐਸ.ਪੀ (ਐਚ), ਸਤਨਾਮ ਸਿੰਘ ਡੀ.ਐਸ.ਪੀ (ਸ੍ਰੀ ਮੁਕਤਸਰ ਸਾਹਿਬ), ਫ਼ਤਿਹ ਸਿੰਘ ਬਰਾੜ ਡੀ.ਐਸ.ਪੀ (ਮਲੋਟ), ਜਸਬੀਰ ਸਿੰਘ ਡੀ.ਐਸ.ਪੀ (ਗਿੱਦੜਬਾਹਾ), ਜਸਪਾਲ ਸਿੰਘ ਡੀ.ਐਸ.ਪੀ (ਲੰਬੀ), ਤੋਂ ਇਲਾਵਾ 225 ਦੇ ਕਰੀਬ ਪੁਲਸ ਅਧਿਕਾਰੀਆਂ ਤੇ ਕਰਮਚਾਰੀਆਂ ਵੱਲੋਂ ਸ੍ਰੀ ਵਰੁਣ ਕੁਮਾਰ ਸੁਪਰੀਡੈਂਟ ਜੇਲ੍ਹ ਨਾਲ ਮਿਲ ਕੇ ਅਚਨਚੇਤ ਜੇਲ੍ਹ ਅੰਦਰ ਸਰਚ ਅਭਿਆਨ ਚਲਾਇਆ ਗਿਆ। ਇਹ ਅਪ੍ਰੇਸ਼ਨ ਕਰੀਬ 03 ਘੰਟੇ ਚਲਾਇਆ ਗਿਆ। ਜ਼ਿਲ੍ਹਾ ਪੁਲਸ ਮੁਖੀ ਨੇ ਦੱਸਿਆ ਕਿ ਅਸੀਂ ਗਣਤੰਤਰਤਾ ਦਿਵਸ ਦੇ ਮੱਦੇਨਜ਼ਰ ਸੁਰੱਖਿਆ ਨੂੰ ਮੁੱਖ ਰੱਖਦਿਆਂ ਜ਼ਿਲ੍ਹਾ ਸੁਧਾਰ ਘਰ (ਜੇਲ) ਸ੍ਰੀ ਮੁਕਤਸਰ ਸਾਹਿਬ ਵਿਖੇ ਜੇਲ੍ਹ ਅੰਦਰ ਚੈਕਿੰਗ ਦੌਰਾਨ ਸਾਰੀਆਂ ਬੈਰਕਾਂ, ਜੇਲ੍ਹ ਅੰਦਰ ਆਉਣ ਅਤੇ ਬਾਹਰ ਜਾਣ ਵਾਲੇ ਰਸਤਿਆਂ, ਕੈਦੀਆਂ ਅਤੇ ਹਵਾਲਾਤੀਆਂ ਦੀ ਚੰਗੀ ਤਰ੍ਹਾਂ ਸਰਚ ਕੀਤੀ।

ਗੰਨਾ ਕਾਸ਼ਤਕਾਰਾਂ ਦੀ ਖੇਤੀਬਾੜੀ ਮੰਤਰੀ ਨਾਲ ਹੋਈ ਮੀਟਿੰਗ 'ਚ ਮੰਗਾਂ ਮੰਨਣ ਦਾ ਭਰੋਸਾ

ਧੂਰੀ (ਬਿੰਨੀ ਗਰਗ, ਮੋਹਿਤ ਗਰਗ)

ਗੰਨਾ ਸੰਘਰਸ਼ ਕਮੇਟੀ ਤੇ ਵੱਖ-ਵੱਖ ਕਿਸਾਨ ਜਥੇਬੰਦੀਆਂ ਦੀ ਪੰਜਾਬ ਦੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨਾਲ ਸਿਵਲ ਸਕੱਤਰੇਤ ਪੰਜਾਬ ਵਿਖੇ ਹੋਈ ਮੀਟਿੰਗ ਦੇ ਵੇਰਵੇ ਪ੍ਰੈੱਸ ਨੂੰ ਜਾਰੀ ਕਰਦਿਆਂ ਸੰਘਰਸ਼ ਕਮੇਟੀ ਦੇ ਕਨਵੀਨਰ ਹਰਜੀਤ ਸਿੰਘ ਬੁਗਰਾ ਨੇ ਦੱਸਿਆ ਕਿ ਮੀਟਿੰਗ ਵਿੱਚ ਆਈ.ਜੀ. ਜਸਕਰਨ ਸਿੰਘ, ਡਿਪਟੀ ਕਮਿਸ਼ਨਰ ਸੰਗਰੂਰ, ਐਸ.ਐਸ.ਪੀ ਸੰਗਰੂਰ, ਐਸ.ਡੀ.ਐਮ ਧੂਰੀ ਹਾਜ਼ਰ ਹੋਏ। ਗੰਨਾ ਸੰਘਰਸ਼ ਕਮੇਟੀ ਵੱਲੋਂ ਹਰਜੀਤ ਸਿੰਘ ਬੁਗਰਾ ਅਵਤਾਰ ਸਿੰਘ ਤਾਰੀ ਭੁੱਲਰਹੇੜੀ, ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਦੇ ਸੂਬਾ ਕਾਰਜਕਾਰੀ ਆਗੂ ਜਸਵਿੰਦਰ ਸਿੰਘ ਲੌਂਗੋਵਾਲ ਤੇ ਕੁਲਵਿੰਦਰ ਸੋਨੀ ਲੌਂਗੋਵਾਲ ਨੇ ਭਗਵਾਨਪੁਰਾ ਧੂਰੀ ਗੰਨਾ ਮਿੱਲ ਨੂੰ ਚਲਾਉਣ ਦੀ ਮੰਗ ਕੀਤੀ। ਕਰੀਬ ਡੇਢ ਘੰਟਾ ਤੋਂ ਵੱਧ ਸਮਾਂ ਚੱਲੀ ਇਸ ਮੀਟਿੰਗ ਵਿੱਚ ਮਿੱਲ ਵਿਚ ਗੰਨੇ ਨੂੰ ਖਰੀਦਣ ਲਈ ਮਿੱਲ ਵੱਲੋਂ ਕੀਤੀ ਜਾ ਰਹੀ ਖੱਜਲ ਖੁਆਰੀ ਤੇ ਖੁੱਲ੍ਹ ਕੇ ਚਰਚਾ ਹੋਈ ਤੇ ਮਿੱਲ ਪ੍ਰਬੰਧਕਾਂ ਵੱਲੋਂ ਇਸ ਵਿੱਚ ਸੁਧਾਰ ਕਰਨ ਤੇ ਆਉਣ ਵਾਲੇ ਸਮੇਂ ਵਿੱਚ ਕਿਸਾਨਾਂ ਨੂੰ ਕੋਈ ਦਿੱਕਤ ਨਾ ਆਉਣ ਦਾ ਭਰੋਸਾ ਦਿੱਤਾ ਗਿਆ ਤੇ ਗੰਨੇ ਦੀ ਰਹਿੰਦੀ ਬਕਾਇਆ ਰਾਸ਼ੀ ਵੀ ਜਲਦੀ ਕਿਸਾਨਾਂ ਦੇ ਖਾਤਿਆਂ ਵਿੱਚ ਪਾਉਣ ਦੀ ਗੱਲ ਆਖੀ। ਆਗੂਆਂ ਵੱਲੋਂ ਸਾਫ਼ ਸ਼ਬਦਾਂ ਵਿੱਚ ਅਧਿਕਾਰੀਆਂ ਤੋਂ ਪੁੱਛਿਆ ਕਿ ਗੰਨੇ ਦੇ ਅਗਲੇ ਸੀਜ਼ਨ ਲਈ ਤੇ ਧੂਰੀ ਗੰਨਾ ਮਿੱਲ ਨੂੰ ਚਲਾਉਣ ਬਾਰੇ ਪੁੱਛੇ ਜਾਣ 'ਤੇ ਖੇਤੀਬਾੜੀ ਮੰਤਰੀ ਨੇ ਵਫ਼ਦ ਨੂੰ ਭਰੋਸਾ ਦਿਵਾਇਆ ਕਿ ਪੰਜਾਬ ਸਰਕਾਰ ਹਰ ਕੀਮਤ 'ਤੇ ਧੂਰੀ ਗੰਨਾ ਮਿੱਲ ਨੂੰ ਭਵਿੱਖ ਵਿੱਚ ਚਲਾਉਣ ਤੇ ਗੰਨੇ ਨੂੰ ਖਰੀਦਣ ਲਈ ਵਚਨਬੱਧ ਹੈ ਅਤੇ ਉਹ ਅਗਲੇ ਹਫ਼ਤੇ ਮਿੱਲ ਮਾਲਕਾਂ ਨਾਲ ਮੀਟਿੰਗ ਕਰਕੇ ਮਿੱਲ ਨੂੰ ਜਲਦੀ ਚਲਾਉਣ ਲਈ ਵਿਚਾਰ ਵਟਾਂਦਰਾ ਕਰਕੇ ਐਲਾਨ ਕਰਨਗੇ।

ਵੱਖ-ਵੱਖ ਮੁਕਾਬਲਿਆਂ 'ਚ ਤਾਰਾ ਦੇਵੀ ਸਕੂਲ ਦੇ ਬੱਚਿਆਂ ਦਾ ਸ਼ਾਨਦਾਰ ਪ੍ਰਦਰਸ਼ਨ

ਜਗਰਾਉਂ (ਅਮਿਤ ਖੰਨਾ)

ਲਾਜਪਤ ਰਾਏ ਡੀ ਏ ਵੀ ਕਾਲਜ ਵਿੱਚ 'ਕਾਰਵਾਂ-ਏ-ਹੁਨਰ' ਨਾਂਅ ਹੇਠ ਇਲਾਕੇ ਦੇ ਸਕੂਲਾਂ ਦੇ ਵਿਦਿਆਰਥੀਆਂ ਦੇ ਵੱਖ-ਵੱਖ ਗਤੀਵਿਧੀਆਂ ਦੇ ਮੁਕਾਬਲੇ ਕਰਾਏ ਗਏ। ਉਦਘਾਟਨੀ ਸਮਾਰੋਹ ਦੇ ਮੁੱਖ ਮਹਿਮਾਨ ਸ੍ਰੀ ਰਜਿੰਦਰ ਜੈਨ, ਜੋ ਪ੍ਰਸਿੱਧ ਸਮਾਜ ਸੇਵੀ ਹਨ ਅਤੇ ਇਸ ਕਾਲਜ ਦੇ ਪੁਰਾਣੇ ਵਿਦਿਆਰਥੀ ਵੀ ਰਹੇ ਹਨ। ਪ੍ਰਿੰਸੀਪਲ ਵੇਦ ਵ੍ਰਤ ਪਲਾਹਾ ਪ੍ਰਿੰਸੀਪਲ, ਡੀ.ਏ.ਵੀ ਸਕੂਲ ਤੇ ਗੁਲਸ਼ਨ ਕੁਮਾਰ ਵਿਸ਼ੇਸ਼ ਮਹਿਮਾਨ ਸਨ। ਕੁੱਲ ਸੌ ਤੋਂ ਵੱਧ ਬੱਚਿਆਂ ਨੇ ਭਾਗ ਲਿਆ। ਰੰਗੋਲੀ, ਮਹਿੰਦੀ, ਪੋਸਟਰ ਮੇਕਿੰਗ, ਸੁੰਦਰ ਲਿਖਾਈ, ਭਾਸ਼ਣ ਪ੍ਰਤੀਯੋਗਤਾ ਆਦਿਕ ਮੁਕਾਬਲਿਆਂ ਵਿੱਚ ਬੱਚਿਆਂ ਨੇ ਹੁਮ-ਹੁਮਾ ਕੇ ਭਾਗ ਲਿਆ।

ਹਿੰਦੀ ਵਿੱਚ ਲਕਸ਼ਮੀ ਨੇ ਪਹਿਲਾ ਤਾਰਾ ਦੇਵੀ ਜਿੰਦਲ ਸਕੂਲ, ਤਸਮੀਨ ਨੇ ਦੂਜਾ ਤਾਰਾ ਦੇਵੀ ਸਕੂਲ ਤੇ ਪੋਸਟਰ ਮੇਕਿੰਗ ਵਿੱਚ ਗਹਿਨਾ ਸ੍ਰੀ ਤਾਰਾ ਦੇਵੀ ਸਕੂਲ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਸਲੋਗਨ ਰਮਨਦੀਪ ਕੌਰ, ਸ੍ਰੀਮਤੀ ਤਾਰਾ ਦੇਵੀ ਜਿੰਦਲ ਆਰੀਆ ਵਿਦਿਆ ਮੰਦਰ, ਲੇਖ ਲਿਖਣ ਮੁਕਾਬਲਾ ਮਨਿੰਦਰ, ਸ੍ਰੀਮਤੀ ਤਾਰਾ ਦੇਵੀ ਜਿੰਦਲ ਆਰੀਆ ਵਿਦਿਆ ਮੰਦਰ ਜਗਰਾਉਂ ਨੇ ਸਥਾਨ ਪ੍ਰਾਪਤ ਕੀਤਾ।

ਦੁਪਹਿਰ ਵੇਲ਼ੇ ਇਨਾਮ ਵੰਡ ਸਮਾਗਮ ਕੀਤਾ ਗਿਆ, ਜਿਸ ਵਿੱਚ ਮੁੱਖ ਮਹਿਮਾਨ ਭਵਨ ਗੋਇਲ ਡਾਇਰੈਕਟਰ ਏ.ਪੀ ਇੰਡਸਟਰੀ ਸਨ ਤੇ ਨਰੇਸ਼ ਵਰਮਾ ਸਾਬਕਾ ਪ੍ਰਿੰਸੀਪਲ ਰ ਕ ਸੀਨੀ. ਸੈਕੰ. ਸਕੂਲ ਵਿਸ਼ੇਸ਼ ਮਹਿਮਾਨ ਸਨ। ਜੇਤੂ ਵਿਦਿਆਰਥੀਆਂ ਨੂੰ ਸਰਟੀਫਿਕੇਟ ਮੋਮੈਂਟੋ ਦੇ ਕੇ ਸਨਮਾਨਤ ਕੀਤਾ ਗਿਆ। ਸਟੇਜ ਸੰਚਾਲਨ ਪ੍ਰੋਗਰਾਮ ਦੇ ਕਨਵੀਨਰ ਪ੍ਰੋ. ਕੁਣਾਲ ਮਹਿਤਾ ਨੇ ਬਾਖੂਬੀ ਨਿਭਾਇਆ। ਸਕੂਲ ਪਹੁੰਚਣ 'ਤੇ ਤਾਰਾ ਦੇਵੀ ਸਕੂਲ ਦੇ ਪ੍ਰਿੰਸੀਪਲ ਮੈਡਮ ਨਿਧੀ ਸਿੰਗਲਾ ਨੇ ਪੁਜ

19-JAN-PAGE-3.qxd 1/18/2024 10:38 PM Page 1

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਮਨਾਇਆ ਪ੍ਰਕਾਸ਼ ਦਿਹਾੜਾ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)- ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਵੱਡੀ ਗਿਣਤੀ ਵਿਚ ਸੰਗਤ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਵਿਖੇ ਪੁੱਜ ਕੇ ਦਰਸ਼ਨ ਇਸ਼ਨਾਨ ਕਰਨ ਦੇ ਨਾਲ-ਨਾਲ ਗੁਰਬਾਣੀ ਕੀਰਤਨ ਸਰਵਣ ਕੀਤਾ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖਤ ਸਾਹਿਬ ਤੇ ਗੁਰਦੁਆਰਾ ਬਾਬਾ ਅਟੱਲ ਰਾਇ ਸਾਹਿਬ ਵਿਖੇ ਅਲੌਕਿਕ ਜਲੌ ਸਜਾਏ ਗਏ। ਇਸੇ ਦੌਰਾਨ ਦਸਵੇਂ ਪਾਤਸ਼ਾਹ ਜੀ ਦੇ ਪ੍ਰਕਾਸ਼ ਗੁਰਪੁਰਬ ਦੇ ਸਬੰਧ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਜਿਸ ਮਗਰੋਂ ਧਾਰਮਿਕ ਦੀਵਾਨ ਸਜੇ, ਜਿਸ ਵਿਚ ਰਾਗੀ, ਢਾਡੀ, ਕਵੀਸ਼ਰ, ਪ੍ਰਚਾਰਕਾਂ ਤੇ ਪੰਥਕ ਕਵੀਆਂ ਨੇ ਹਾਜ਼ਰੀ ਭਰੀ ਅਤੇ ਗੁਰੂ ਸਾਹਿਬ ਜੀ ਦਾ ਜੀਵਨ ਇਤਿਹਾਸ ਸੰਗਤ ਨਾਲ ਸਾਂਝਾ ਕੀਤਾ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸ੍ਰੀ ਦਰਬਾਰ ਸਾਹਿਬ ਦੇ ਕਈ ਅਧਿਕਾਰੀ ਤੇ ਕਰਮਚਾਰੀ ਮੌਜੂਦ ਸਨ।

ਸੇਮ ਨਾਲੇ ਦੀ ਸਫ਼ਾਈ ਤੇ ਡੂੰਘਾਈ ਨਾ ਹੋਣ ਕਾਰਨ ਇਲਾਕਾ ਵਾਸੀ ਪ੍ਰੇਸ਼ਾਨ

ਗੁਰਦਾਸਪੁਰ (ਜਨਕ ਮਹਾਜਨ)- ਬੇਟ ਖੇਤਰ ਦੇ ਪਿੰਡ ਪੱਖੋਵਾਲ ਕੁਲੀਆਂ ਤੇ ਚੇਚੀਆਂ ਛੋੜੀਆਂ-ਬਿਆਨਪੁਰ ਹੁੰਦੀ ਹੋਈ ਮੀਰਥਲ ਨੂੰ ਜਾਣ ਵਾਲੀ ਸੜਕ ਵਿਚਕਾਰ ਵਗਦੇ ਸੇਮ

ਨਾਲੇ ਦੀ ਸਫ਼ਾਈ ਤੇ ਡੂੰਘਾਈ ਨਾ ਹੋਣ ਕਾਰਨ ਇਸ ਵਿਚ ਕਾਫ਼ੀ ਮਾਤਰਾ ਵਿਚ ਜੰਗਲੀ ਘਾਹ ਬੂਟੀ ਉਗੀ ਪਈ ਹੈ ਜਿਸ ਕਾਰਨ ਵਰਖਾ ਦੇ ਦਿਨਾਂ ਵਿਚ ਪਾਣੀ ਦਾ ਸਹੀ ਨਿਕਾਸ ਨਾ ਹੋਣ ਕਾਰਨ ਇਸ ਸੇਮ ਕੰਢੇ ਪੈਂਦੀ ਜ਼ਮੀਨ ਵਿਚ ਇਸ ਦਾ ਪਾਣੀ ਓਵਰਫਲੋ ਹੋ ਕੇ ਕਿਸਾਨਾਂ ਦੀ ਜ਼ਮੀਨ ਵਿਚ ਚਲਾ ਜਾਂਦਾ ਹੈ। ਇਸ ਤਰ੍ਹਾਂ ਕਿਸਾਨਾਂ ਦੀਆਂ ਫਸਲਾਂ ਖ਼ਰਾਬ ਹੁੰਦੀਆਂ ਹਨ ਅਤੇ ਲੱਖਾਂ, ਕਰੋੜਾਂ ਰੁਪਏ ਦਾ ਨੁਕਸਾਨ ਹੋ ਜਾਂਦਾ ਹੈ। ਇਲਾਕਾ ਵਾਸੀਆਂ ਨੇ ਜ਼ਿਲ੍ਹਾ ਪ੍ਰਸ਼ਾਸਨ ਤੇ ਸਬੰਧਤ ਵਿਭਾਗ ਪਾਸੋਂ ਮੰਗ ਕੀਤੀ ਹੈ ਕਿ ਨਾਲੇ ਵਿਚ ਉਗੀ ਜੰਗਲੀ ਘਾਹ ਬੂਟੀ ਆਦਿ ਦੀ ਸਫ਼ਾਈ ਕਰਵਾਉਣ ਦੇ ਨਾਲ-ਨਾਲ ਇਸ ਨਾਲੇ ਦੀ ਡੂੰਘਾਈ ਵੀ ਕੀਤੀ ਜਾਵੇ ਤਾਂ ਜੋ ਵਰਖਾ ਦੇ ਦਿਨਾਂ ਵਿਚ ਪਾਣੀ ਓਵਰਫਲੋ ਨਾ ਹੋ ਸਕੇ ਅਤੇ ਨਾ ਹੀ ਨਾਲੇ ਕੰਢੇ ਖੇਤੀ ਬਰਬਾਦ ਨਾ ਹੋ ਸਕੇ।

6ਵੀਂ ਕਲਾਸ ਦੇ ਸਮੂਹ ਵਿਦਿਆਰਥੀਆਂ ਨੂੰ ਯਾਤਰਾ ਕਰਵਾਈ

ਗੁਰਦਾਸਪੁਰ, (ਦਿਨੇਸ਼ ਕੁਮਾਰ)-ਸਰਕਾਰੀ ਆਦਰਸ਼ ਸੀਨੀਅਰ ਸੈਕੰਡਰੀ ਸਕੂਲ ਭਿਖਾਰੀਵਾਲ ਵਿਖੇ ਪੜ੍ਹਦੇ 6ਵੀਂ ਕਲਾਸ ਦੇ ਸਮੂਹ ਵਿਦਿਆਰਥੀਆਂ ਨੂੰ ਪੰਜਾਬ ਰਾਜ ਦੀਆਂ ਇਤਿਹਾਸਕ ਅਤੇ ਵਿਗਿਆਨਕ ਮਹੱਤਤਾ ਵਾਲੇ ਸਥਾਨਾਂ 'ਤੇ ਯਾਤਰਾ ਕਰਵਾਉਣ ਦੇ ਪ੍ਰੋਗਰਾਮ ਅਧੀਨ ਜੰਗੇ ਆਜਜ਼ਾਦੀ ਮੈਮੋਰੀਅਲ ਛੋਟਾ ਘਲੂਘਾਰਾ ਸਾਹਿਬ ਕਾਹਨੂੰਵਾਨ ਦੀ ਯਾਤਰਾ ਕਰਵਾਈ ਗਈ। ਯਾਤਰਾ ਦੀ ਅਗਵਾਈ ਨਵਰੂਪ ਕੌਰ ਸਾਇੰਸ ਮਿਸਟ੍ਰੈਸ ਅਤੇ ਸੋਨੀਆ ਅੰਗ੍ਰੇਜ਼ੀ ਮਿਸਟ੍ਰੈਸ ਵਲੋਂ ਕੀਤੀ ਗਈ। ਯਾਤਰਾ ਦੌਰਾਨ ਵਿਦਿਆਰਥੀਆਂ ਨੂੰ ਰਿਫਰੈਸ਼ਮੈਂਟ ਅਤੇ ਖਾਣਾ ਵੀ ਮੁਹੱਈਆ ਕਰਵਾਇਆ ਗਿਆ।

ਸਮਾਜਿਕ ਸਿੱਖਿਆ ਅਧਿਆਪਕਾਂ ਦਾ ਇੱਕ ਰੋਜ਼ਾ ਸੈਮੀਨਾਰ

ਮਜੀਠਾ (ਸੋਇਮ ਆਨੰਦ)- ਸਿੱਖਿਆ ਵਿਭਾਗ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਸਮਾਜਿਕ ਸਿੱਖਿਆ ਦੇ ਅਧਿਆਪਕਾਂ ਦਾ ਇੱਕ ਰੋਜ਼ਾ ਸੈਮੀਨਾਰ ਸ ਸ ਸ ਸ ਕੱਥੂਨੰਗਲ ਵਿਖੇ ਪ੍ਰਿੰਸੀਪਲ ਦੀਪਕ ਠੁਕਰਾਲ ਦੀ ਰਹਿਨੁਮਾਈ ਹੇਠ ਲਗਾਇਆ ਗਿਆ। ਇਸ ਸੈਮੀਨਾਰ 'ਚ ਬਲਾਕ ਮਜੀਠਾ 2 ਦੇ ਵੱਖ ਵੱਖ ਸਕੂਲਾਂ ਤੋਂ ਆਏ ਸਮਾਜਿਕ ਸਿੱਖਿਆ ਵਿਸ਼ੇ ਦੇ ਅਧਿਆਪਕਾਂ ਨੇ ਭਾਗ ਲਿਆ। ਬਲਾਕ ਸੈਂਟਰ ਬਲਜੀਤ ਸਿੰਘ ਨੇ ਸਮਾਜਿਕ ਸਿੱਖਿਆ ਵਿਸ਼ੇ 'ਚ ਬੱਚਿਆਂ ਦੀ ਰੁਚੀ ਵਧਾਉਣ ਲਈ ਵੱਖ ਵੱਖ ਤਕਨੀਕਾਂ ਦੀ ਵਰਤੋਂ 'ਤੇ ਜ਼ੋਰ ਦਿੱਤਾ ਅਤੇ ਵਿਸ਼ੇ ਨੂੰ ਪ੍ਰੈਕਟੀਕਲ ਤਰੀਕੇ ਨਾਲ ਪੜ੍ਹਾਉਣ ਬਾਰੇ ਜਾਣਕਾਰੀ ਦਿੱਤੀ। ਰਿਸੋਰਸ ਪਰਸਨ ਮੁਨੀਸ਼ ਕੁਮਾਰ ਨੇ ਵੀ ਵਿਭਾਗੀ ਹਦਾਇਤਾਂ ਤੋਂ ਅਧਿਆਪਕਾਂ ਨੂੰ ਜਾਣੂ ਕਰਵਾਇਆ। ਅਬਦਾਲ ਸਕੂਲ ਤੋਂ ਸੈਮੀਨਾਰ ਲਗਾਉਣ ਆਏ ਐਸ ਐਸ ਮਾਸਟਰ ਬਲਰਾਜ ਸਿੰਘ ਰੰਧਾਵਾ ਨੇ ਵਿਸ਼ੇਸ਼ ਤੌਰ 'ਤੇ ਰਿਸੋਰਸ ਪਰਸਨਜ਼ ਦਾ ਵਡਮੁੱਲੀ ਜਾਣਕਾਰੀ ਦੇਣ ਲਈ ਸਾਰੇ ਅਧਿਆਪਕਾਂ ਵੱਲੋਂ ਧੰਨਵਾਦ ਕੀਤਾ।

ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸਕੂਲ ਝਬਾਲ ਦੀ ਬੈਂਡ ਟੀਮ ਨੇ ਮਾਰੀਆਂ ਮੱਲਾਂ

ਝਬਾਲ (ਹਰਜਿੰਦਰ ਸਿੰਘ ਸੋਨੀ)-ਚੀਫ ਖਾਲਸਾ ਦੀਵਾਨ ਦੀ ਛਤਰ ਛਾਇਆ ਹੇਠ ਚੱਲ ਰਹੀ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਝਬਾਲ ਦੀ ਬੈਂਡ ਟੀਮ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਬੈਂਡ ਮੁਕਾਬਲੇ ਜੋ ਕਿ ਹਰਮਨਜੀਤ ਸਿੰਘ ਜਨਰਲ ਸਕੱਤਰ ਚੀਫ ਖਾਲਸਾ ਦੀਵਾਨ ਦੀ ਅਗਵਾਈ ਹੇਠ ਸ੍ਰੀ ਗੁਰੂ ਸਿੰਘ ਸਭਾ (ਰਜਿਸਟਰਡ) ਸ੍ਰੀ ਅੰਮ੍ਰਿਤਸਰ ਵੱਲੋਂ 17 ਜਨਵਰੀ ਦਿਨ ਬੁੱਧਵਾਰ ਨੂੰ ਗੁਰੂ ਨਾਨਕ ਗੋਬਿੰਦ ਸਿੰਘ ਭਵਨ ਅੰਮ੍ਰਿਤਸਰ ਵਿਖੇ ਕਰਵਾਏ ਗਏ ਸਨ, ਉਸ ਵਿੱਚੋਂ ਸਕੂਲ ਦੀ ਬੈਂਡ ਟੀਮ ਨੇ ਪਹਿਲਾ ਸਥਾਨ ਹਾਸਲ ਕਰਕੇ ਆਪਣੇ ਸਕੂਲ ਦਾ ਨਾਂਅ ਰੋਸ਼ਨ ਕੀਤਾ । ਸਕੂਲ ਦੀ ਸਮੂਹ ਮੈਨੇਜਮੈਂਟ ਅਤੇ ਪ੍ਰਿੰਸੀਪਲ ਅਨੁਰੀਤ ਬਾਵਾ ਨੇ ਵਿਦਿਆਰਥੀਆਂ ਨੂੰ ਇਸ ਸ਼ਾਨਦਾਰ ਸਫਲਤਾ 'ਤੇ ਵਧਾਈ ਦਿੰਦਿਆਂ ਇਸੇ ਤਰ੍ਹਾਂ ਸਖਤ ਮਿਹਨਤ ਕਰਨ ਦੇ ਲਈ ਪ੍ਰੇਰਿਤ ਕੀਤਾ।

ਸੀਨੀਅਰ ਸਿਟੀਜ਼ਨਜ਼ ਨੇ ਰੇਲ ਵਿਭਾਗ ਪਾਸੋਂ ਕਿਰਾਏ 'ਚ ਛੋਟ ਦੀ ਕੀਤੀ ਮੰਗ

ਗੁਰਦਾਸਪੁਰ (ਜਨਕ ਮਹਾਜਨ)- ਰੇਲ ਵਿਭਾਗ ਵਲੋਂ ਸੀਨੀਅਰ ਸਿਟੀਜ਼ਨਜ਼ ਨੂੰ ਬੰਦ ਕੀਤੀਆਂ ਹੋਈਆਂ ਰਿਆਇਤਾਂ ਨੂੰ ਬਹਾਲ ਕਰਨ ਦੀ ਮੰਗ ਕੀਤੀ ਜਾ ਰਹੀ ਹੈ। ਪਿਛਲੇ ਦੋ ਸਾਲਾਂ ਤੋਂ ਕੇਂਦਰ ਸਰਕਾਰ ਵਲੋਂ ਰੇਲ ਕਿਰਾਏ ਸਬੰਧੀ ਅਤੇ ਹੋਰ ਅਜਿਹੀਆਂ ਸਹੂਲਤਾਂ ਸੀਨੀਅਰ ਸਿਟੀਜ਼ਨਜ਼ ਨੂੰ ਬੰਦ ਕਰਨ 'ਤੇ ਇਸ ਵਰਗ ਵਿਚ ਕੇਂਦਰ ਸਰਕਾਰ ਪ੍ਰਤੀ ਰੋਸ ਪਾਇਆ ਜਾ ਰਿਹਾ ਹੈ। ਸੀਨੀਅਰ ਸਿਟੀਜ਼ਨਜ਼ ਮੱਖਣ ਸਿੰਘ, ਰਾਮ ਪ੍ਰਕਾਸ਼, ਜਗਦੀਸ਼ ਰਾਜ ਸ਼ਰਮਾ ਆਦਿ ਨੇ ਦੱਸਿਆ ਕਿ ਰੇਲ ਵਿਭਾਗ ਵਲੋਂ ਪਹਿਲਾਂ ਕਿਰਾਏ ਵਿਚ ਅੱਧੀ ਰਿਆਇਤ ਕੀਤੀ ਜਾਂਦੀ ਸੀ ਜੋ ਹੁਣ ਦੋ ਸਾਲਾਂ ਤੋਂ ਬੰਦ ਕਰ ਦਿੱਤੀ ਗਈ ਹੈ। ਉਨ੍ਹਾਂ ਕਿਹਾ ਸਿਨੀਅਰ ਸਿਟੀਜ਼ਨਜ਼ ਨੂੰ ਹੋਰ ਰਿਆਇਤਾਂ ਦੇਣ ਦੀ ਬਜਾਏ ਮਿਲ ਰਹੀ ਰਿਆਇਤ ਨੂੰ ਵੀ ਖ਼ਤਮ ਕਰ ਦਿੱਤਾ ਗਿਆ ਹੈ ਜਿਸ ਨਾਲ ਬਜ਼ੁਰਗਾਂ ਦਾ ਸਰਕਾਰ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਸਿਟੀਅਰ ਸਿਟੀਜ਼ਨਜ਼ ਨੇ ਕੇਂਦਰ ਸਰਕਾਰ ਪਾਸੋਂ ਮੰਗ ਕੀਤੀ ਕਿ ਰੇਲ ਕਿਰਾਏ ਆਦਿ ਦੀ ਬੰਦ ਕੀਤੀਆਂ ਰਿਆਇਤਾਂ ਮੁੜ ਬਹਾਲ ਕੀਤੀਆਂ ਜਾਣ ਅਤੇ ਗੁਰਦਾਸਪੁਰ ਰੇਲਵੇ ਸਟੇਸ਼ਨ ਤੋਂ ਭਾਰਤ ਦੇ ਦੂਰ ਦੁਰਾਡੇ ਸ਼ਹਿਰਾਂ ਨੂੰ ਰੇਲ ਸੇਵਾ ਸ਼ੁਰੂ ਕਰ ਕੀਤੀ ਜਾਵੇ ਜਿਨ੍ਹਾਂ ਵਿਚ ਚੰਡੀਗੜ੍ਹ, ਹਰਿਦੁਆਰ, ਮੁੰਬਈ, ਚੇਨਈ, ਕੋਲਕਾਤਾ, ਬੰਗਲੌਰ ਆਦਿ ਸ਼ਹਿਰਾਂ ਨੂੰ ਜਾਣ ਵਾਸਤੇ ਰੇਲਾਂ ਚਲਾਈਆਂ ਜਾਣ।

ਕਾਂਗਰਸੀ ਆਗੂ ਭਗਵਾਨ ਸ੍ਰੀ ਰਾਮ ਦਾ ਕਰ ਰਹੇ ਹਨ ਅਪਮਾਨ : ਤਰੁਣ ਚੁੱਘ

ਚੰਡੀਗੜ੍ਹ (ਗੁਰਜੀਤ ਬਿੱਲਾ)- ਭਾਜਪਾ ਦੇ ਰਾਸ਼ਟਰੀ ਜਨਰਲ ਸਕੱਤਰ ਤਰੁਣ ਚੁੱਘ ਨੇ ਕਾਂਗਰਸ 'ਤੇ ਨਿਸ਼ਾਨਾ ਸਾਧਦੇ ਹੋਏ ਰਾਹੁਲ ਗਾਂਧੀ ਸਮੇਤ ਕਾਂਗਰਸ ਨੇਤਾਵਾਂ ਦੀ ਅਯੁੱਧਿਆ 'ਚ ਪਵਿੱਤਰ ਰਾਮ ਮੰਦਰ ਦੇ ਸ਼ੁੱਭ ਮਹੂਰਤ ਨੂੰ ਸਿਆਸੀ ਸਮਾਰੋਹ ਕਰਾਰ ਦੇਣ ਦੀ ਆਲੋਚਨਾ ਕੀਤੀ ਅਤੇ ਕਿਹਾ ਕਿ ਇਹ ਕਾਂਗਰਸ ਨੇਤਾਵਾਂ ਦੇ ਭਗਵਾਨ ਸ੍ਰੀ ਰਾਮ ਜੀ ਵਿਰੋਧੀ ਰੁਖ ਨੂੰ ਦਰਸਾਉਂਦਾ ਹੈ। ਚੁੱਘ ਨੇ ਕਿਹਾ ਕਿ ਕਾਂਗਰਸ ਹਮੇਸ਼ਾ ਹੀ ਭਾਰਤੀ ਸੱਭਿਆਚਾਰਕ ਕਦਰਾਂ-ਕੀਮਤਾਂ ਵਿਰੁੱਧ ਫੁੱਟ ਪਾਊ ਰਾਜਨੀਤੀ ਖੇਡਦੀ ਰਹੀ ਹੈ। ਇਹ ਆਸਥਾ ਦਾ ਵਿਸ਼ਾ ਹੈ ਜਿਸ ਵਿੱਚ ਸਾਰੀਆਂ ਜਾਤਾਂ ਅਤੇ ਫਿਰਕਿਆਂ ਦੇ ਲੋਕ ਹਿੱਸਾ ਲੈਣਗੇ। ਉਨ੍ਹਾਂ ਕਿਹਾ ਕਿ ਭਗਵਾਨ ਸ੍ਰੀ ਰਾਮ ਜੀ ਰਾਸ਼ਟਰੀ ਗੌਰਵ ਹੈ, ਪਰ ਬਦਕਿਸਮਤੀ ਨਾਲ ਕਾਂਗਰਸ ਨੇ ਇਸ ਤੋਂ ਦੂਰ ਰਹਿਣ ਦਾ ਫੈਸਲਾ ਲੈ ਕੇ ਇਸ ਸਮਾਗਮ ਦਾ ਸਿਆਸੀਕਰਨ ਕਰ ਰਹੀ ਹੈ। ਅਜਿਹੇ ਸਮੇਂ ਜਦੋਂ ਪੂਰਾ ਦੇਸ਼ ਭਗਵਾਨ ਸ੍ਰੀ ਰਾਮ ਦੇ ਜੈਕਾਰਿਆਂ ਨਾਲ ਗੂੰਜ ਰਿਹਾ ਹੈ, ਕਾਂਗਰਸ ਲੋਕ ਭਾਵਨਾਵਾਂ ਦੇ ਉਲਟ ਵਿਘਨਕਾਰੀ ਸੁਰ ਵਿੱਚ ਆਪਣੀ ਆਵਾਜ਼ ਬੁਲੰਦ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਿਆਸੀ ਚਿੰਤਾਵਾਂ ਦੇ ਬਾਵਜੂਦ ਅਯੁੱਧਿਆ ਸਮਾਗਮ ਲਈ ਸਾਰਿਆਂ ਨੂੰ ਸੱਦਾ ਪੱਤਰ ਭੇਜੇ ਗਏ ਹਨ, ਫਿਰ ਵੀ ਕਾਂਗਰਸ ਇਸ 'ਤੇ ਸਿਆਸਤ ਕਰਨ ਤੋਂ ਬਚ ਨਹੀਂ ਸਕਦੀ। ਕਾਂਗਰਸ ਨੂੰ ਇਸ ਤੋਂ ਸਬਕ ਲੈਣਾ ਚਾਹੀਦਾ ਹੈ ਕਿ ਉਸਦੇ ਸੀਨੀਅਰ ਕਾਂਗਰਸੀ ਆਗੂ ਕਰਨ ਸਿੰਘ ਵਰਗੇ ਪ੍ਰਮੁੱਖ ਲੋਕਾਂ ਦਾ ਇਸ ਮਾਮਲੇ 'ਤੇ ਕੀ ਕਹਿ ਰਹੇ ਹਨ

ਸ਼੍ਰੋਮਣੀ ਕਮੇਟੀ ਚੋਣਾਂ ਲਈ ਵੋਟਾਂ ਬਣਾਉਣ ਲਈ 20 ਤੇ 21 ਨੂੰ ਡੋਰ ਟੂ ਡੋਰ ਚੱਲੇਗੀ ਸਪੈਸ਼ਲ ਕੰਪੇਨ : ਡਿਪਟੀ ਕਮਿਸ਼ਨਰ

ਅੰਮ੍ਰਿਤਸਰ (ਨਰਿੰਦਰਜੀਤ ਸਿੰਘ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਬੋਰਡ) ਦੀਆਂ ਚੋਣਾਂ ਨੂੰ ਲੈ 20 ਅਤੇ 21 ਜਨਵਰੀ ਨੂੰ ਸਵੇਰੇ 10:00 ਵਜੇ ਤੋਂ ਸ਼ਾਮ 4:00 ਵਜੇ ਤੱਕ ਵੋਟਾਂ ਬਣਾਉਣ ਲਈ ਘਰ ਘਰ ਜਾ ਕੇ ਸਪੈਸ਼ਲ ਕੰਪੇਨ ਕੀਤੀ ਜਾ ਰਹੀ ਹੈ। ਜਿਸ ਤਹਿਤ ਸਮੂਹ ਬੂਥ ਲੈਵਲ ਅਫ਼ਸਰ 21 ਅਕਤੂਬਰ 2023 ਤੱਕ 21 ਸਾਲ ਦੀ ਉਮਰ ਪੂਰੀ ਕਰ ਚੁੱਕੇ ਕੇਸਾਧਾਰੀ ਸਿੱਖ ਬਿਨੈਕਾਰਾਂ ਦੇ ਵੋਟ ਬਣਾਉਣਗੇ। ਇਸ ਸਬੰਧੀ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਘਨਸ਼ਾਮ ਥੋਰੀ ਨੇ ਜ਼ਿਲ੍ਹੇ ਦੇ ਸਮੂਹ ਰਿਟਰਨਿੰਗ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਕਿਹਾ ਕਿ ਘਰ ਘਰ ਜਾ ਕੇ ਵੋਟਾਂ ਦੀ ਰਜਿਸਟਰੇਸ਼ਨ ਕਰਨ ਤਾਂ ਜੋ ਕੋਈ ਵੋਟਰ ਵੋਟ ਬਣਾਉਣ ਤੋਂ ਵਾਂਝਾ ਨਾ ਰਹੇ। ਜ਼ਿਲ੍ਹਾ ਚੋਣ ਅਫ਼ਸਰ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਚੋਣਾਂ ਲਈ ਵੱਧ ਤੋਂ ਵੱਧ ਵੋਟਾਂ ਬਣਾਉਣ ਵਾਸਤੇ ਜ਼ਿਲ੍ਹੇ ਦੇ ਸਮੂਹ ਰਿਟਰਨਿੰਗ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਗਏ ਹਨ ਕਿ ਉਹ ਜ਼ਿਲ੍ਹੇ ਵਿੱਚ ਪੈਂਦੇ ਸਮੂਹ 11 ਵਿਧਾਨ ਸਭਾ ਚੋਣ ਹਲਕਿਆਂ ਵਿੱਚ ਨਿਯੁਕਤ ਸਮੂਹ ਬੂਥ ਲੈਵਲ ਅਫ਼ਸਰਾਂ ਦੁਆਰਾ ਆਪਣੇ-ਆਪਣੇ ਪੋਲਿੰਗ ਸਟੇਸ਼ਨ ਵਿਖੇ 20 ਅਤੇ 21 ਜਨਵਰੀ ਨੂੰ ਆਪਣੇ ਆਪਣੇ ਪੋਲਿੰਗ ਖੇਤਰਾਂ 'ਚ ਹਾਜ਼ਰ ਰਹਿਣਗੇ ਅਤੇ ਵੋਟਰ ਸੂਚੀ ਵਿਚੋਂ ਸਿੱਖ ਵੋਟਰਾਂ ਦੀ ਸ਼ਨਾਖਤ ਕਰਕੇ ਘਰ-ਘਰ ਜਾ ਕੇ ਉਨ੍ਹਾਂ ਪਾਸੋਂ ਫਾਰਮ ਪ੍ਰਾਪਤ ਕਰਨਗੇ ਅਤੇ ਪ੍ਰਾਪਤ ਫਾਰਮ (ਕੇਸਾਧਾਰੀ ਸਿੱਖ ਲਈ) ਨਿਯਮ 3(1) ਦੀ ਨਾਲ ਦੀ ਨਾਲ ਵੈਰੀਫਿਕੇਸ਼ਨ ਕਰਨਗੇ। ਉਨ੍ਹਾਂ ਕਿਹਾ ਕਿ ਹਰ ਇੱਕ ਫਾਰਮ ਉੱਪਰ ਬਿਨੈਕਾਰ ਦੀ ਤਾਜ਼ਾ ਰੰਗਦਾਰ ਫੋਟੋ ਸੈਲਫ ਅਟੈਸਟਡ ਕੀਤੀ ਜਾਵੇਗੀ ਅਤੇ ਬਿਨੈਕਾਰ ਦੇ ਸ਼ਨਾਖਤੀ ਕਾਰਡ ਦਸਤਾਵੇਜ਼ ਦੀ ਕਾਪੀ ਨਾਲ ਨੱਥੀ ਕੀਤੀ ਜਾਵੇਗੀ। ਬੂਥ ਲੈਵਲ ਅਫ਼ਸਰ ਦੁਆਰਾ ਫਾਰਮ ਵੈਰੀਫਾਈ ਕਰਨ ਹਿੱਤ ਬਿਨੈਕਾਰ ਦਾ ਨਾਂਅ ਵਿਧਾਨ ਸਭਾ ਵੋਟਰ ਸੂਚੀ ਵਿੱਚੋਂ ਟਰੇਸ ਕਰਕੇ ਸਬੰਧਤ ਬਿਨੈਕਾਰ ਦਾ ਮਕਾਨ ਨੰਬਰ ਅਤੇ ਵੋਟਰ ਕਾਰਡ ਨੰਬਰ ਬੀ.ਐਲ.ਓ. ਦੁਆਰਾ ਫਾਰਮ ਉੱਪਰ ਆਪਣੀ ਵੈਰੀਫਿਕੇਸ਼ਨ ਰਿਪੋਰਟ ਵਿੱਚ ਲਿਖਿਆ ਜਾਵੇ। ਜਿਨ੍ਹਾਂ ਵੋਟਰਾਂ ਦੇ ਨਾਂਅ ਵਿਧਾਨ ਸਭਾ ਸੂਚੀ ਵਿੱਚ ਪਹਿਲਾਂ ਤੋਂ ਦਰਜ ਹਨ ਉਨ੍ਹਾਂ ਦੀ ਘਰ ਘਰ ਜਾ ਕੇ ਵੈਰੀਫਿਕੇਸ਼ਨ ਕਰਨ ਦੀ ਲੋੜ ਨਹੀਂ। ਜਿਨ੍ਹਾਂ ਬਿਨੈਕਾਰਾਂ ਦਾ ਨਾਂਅ ਵਿਧਾਨ ਸਭਾ ਸੂਚੀ ਵਿੱਚ ਵੀ ਦਰਜ ਨਹੀਂ, ਉਨ੍ਹਾਂ ਦੇ ਗੁਰਦੁਆਰਾ ਵੋਟਰ ਸੂਚੀ ਵਾਲੇ ਫਾਰਮ ਦੇ ਨਾਲ ਨਾਲ ਵਿਧਾਨ ਸਭਾ ਵੋਟਰ ਸੂਚੀ 'ਚ ਨਾਂਅ ਦਰਜ ਕਰਨ ਲਈ ਫਾਰਮ ਨੰ. 6 ਵੀ ਭਰਵਾ ਲਏ ਜਾਣ। ਇਸ ਤਰ੍ਹਾਂ ਜਦੋਂ ਆਪ ਫਾਰਮ ਨੰ. 6 ਦੀ ਵੈਰੀਫਿਕੇਸ਼ਨ ਕਰੋਗੇ ਤਾਂ ਗੁਰਦੁਆਰਾ ਵੋਟਰ ਸੂਚੀ ਫਾਰਮ ਵੀ ਵੈਰੀਫਾਈ ਹੋ ਜਾਵੇਗਾ। ਉਨ੍ਹਾਂ ਦੱਸਿਆ ਕਿ ਸਪੈਸ਼ਲ ਕੰਪੇਨ ਵਾਲੇ ਦਿਨ ਅਤੇ ਉਸ ਤੋਂ ਬਾਅਦ ਹਰ ਦਿਨ (ਰੋਜ਼ਾਨਾ ਪੱਧਰ 'ਤੇ) ਹਰ ਇੱਕ ਪਟਵਾਰੀ ਆਪਣੇ ਅਧੀਨ ਰੈਵੀਨਿਊ ਖੇਤਰ 'ਚ ਪੈਂਦੇ ਸਮੂਹ ਵਿਧਾਨ ਸਭਾ ਪੋਲਿੰਗ ਸਟੇਸ਼ਨਾਂ ਦੇ ਹਰ ਇੱਕ ਬੂਥ ਲੈਵਲ ਅਫ਼ਸਰ ਨਾਲ ਰੋਜ਼ਾਨਾ ਰਾਬਤਾ ਕਰੇਗਾ ਅਤੇ ਬੂਥ ਲੈਵਲ ਅਫ਼ਸਰ ਪਾਸ ਜਾ ਕੇ ਪ੍ਰਾਪਤ ਹੋਏ ਫਾਰਮ ਕੁਲੈਕਟ ਕਰੇਗਾ ਅਤੇ ਆਪਣਾ ਪਿੰਡ-ਵਾਈਜ਼ ਰਜਿਸਟਰ ਮੇਨਟੇਨ ਕਰੇਗਾ। ਥੋਰੀ ਨੇ ਰਿਟਰਨਿੰਗ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕ

19-jan-PAGE-4.qxd 1/18/2024 10:37 PM Page 1

ਨਵਾਂ ਜ਼ਮਾਨਾ
ਸ਼ੁੱਕਰਵਾਰ, 19 ਜਨਵਰੀ 2024

ਬਸਪਾ ਖ਼ੁਦਕੁਸ਼ੀ ਦੇ ਰਾਹ

ਬਸਪਾ ਮੁਖੀ ਮਾਇਆਵਤੀ ਨੇ ਹੁਣੇ ਜਿਹੇ ਐਲਾਨ ਕੀਤਾ ਹੈ ਕਿ ਉਹ 2024 ਦੀਆਂ ਲੋਕ ਸਭਾ ਚੋਣਾਂ ਇਕੱਲਿਆਂ ਲੜੇਗੀ। ਉਸ ਨੇ ਦਲੀਲ ਇਹ ਦਿੱਤੀ ਹੈ ਕਿ ਗੱਠਜੋੜ ਕਰਨ ਨਾਲ ਉਸ ਨੂੰ ਨੁਕਸਾਨ ਹੁੰਦਾ ਹੈ। ਉਸ ਦੀਆਂ ਹਮੈਤੀ ਵੋਟਾਂ ਤਾਂ ਦੂਜਿਆਂ ਨੂੰ ਪੈ ਜਾਂਦੀਆਂ ਹਨ, ਪਰ ਦੂਜਿਆਂ ਦੀਆਂ ਉਸ ਨੂੰ ਨਹੀਂ ਪੈਂਦੀਆਂ। ਉਸ ਦਾ ਇਹ ਦਾਅਵਾ ਬਿਲਕੁੱਲ ਥੋਥਾ ਹੈ। ਪਿਛਲੀਆਂ ਲੋਕ ਸਭਾ ਚੋਣਾਂ ਵਿੱਚ ਬਸਪਾ ਨੇ ਸਮਾਜਵਾਦੀ ਪਾਰਟੀ ਨਾਲ ਗੱਠਜੋੜ ਕਰਕੇ ਯੂ ਪੀ ਵਿੱਚ ਚੋਣਾਂ ਲੜੀਆਂ ਸਨ। ਇਨ੍ਹਾਂ ਚੋਣਾਂ ਵਿੱਚ ਬਸਪਾ ਨੇ 19.4 ਫੀਸਦੀ ਵੋਟਾਂ ਲੈ ਕੇ 10 ਸੀਟਾਂ ਜਿੱਤੀਆਂ ਸਨ। ਇਸ ਦੀ ਦੂਸਰੀ ਧਿਰ ਸਮਾਜਵਾਦੀ ਪਾਰਟੀ ਨੂੰ ਸਿਰਫ਼ 5 ਸੀਟਾਂ ਮਿਲੀਆਂ ਸਨ। 2014 ਦੀਆਂ ਲੋਕ ਸਭਾ ਚੋਣਾਂ ਬਸਪਾ ਨੇ ਇਕੱਲਿਆਂ ਲੜੀਆਂ ਸਨ ਤੇ ਉਸ ਨੂੰ ਇੱਕ ਵੀ ਸੀਟ ਨਹੀਂ ਸੀ ਮਿਲੀ। ਦਸ ਸੀਟਾਂ ਜਿੱਤ ਜਾਣ ਦੇ ਬਾਵਜੂਦ ਮਾਇਆਵਤੀ ਨੇ ਸਪਾ ਨਾਲ ਕੀਤਾ ਗੱਠਜੋੜ ਤੋੜ ਦਿੱਤਾ ਸੀ। 2022 ਵਿੱਚ ਹੋਈਆਂ ਯੂ ਪੀ ਦੀਆਂ ਵਿਧਾਨ ਸਭਾ ਚੋਣਾਂ ਬਸਪਾ ਨੇ ਇਕੱਲਿਆਂ ਲੜੀਆਂ ਸਨ। ਉਸ ਨੇ 403 ਵਿਧਾਨ ਸਭਾ ਸੀਟਾਂ ਲੜੀਆਂ, ਪਰ ਜਿੱਤ ਸਿਰਫ਼ ਇੱਕ ਸਕੀ ਸੀ। ਉਸ ਦੀ ਵੋਟ ਫੀਸਦੀ ਵੀ ਡਿਗ ਕੇ 13 .ਫੀਸਦੀ ਉੱਤੇ ਆ ਗਈ ਸੀ। ਦੂਜੇ ਪਾਸੇ ਸਮਾਜਵਾਦੀ ਪਾਰਟੀ ਨੇ ਵਿਧਾਨ ਸਭਾ ਚੋਣਾਂ ਵਿੱਚ 32 .ਫੀਸਦੀ ਵੋਟਾਂ ਲੈ ਕੇ 11 ਸੀਟਾਂ ਜਿੱਤ ਲਈਆਂ ਸਨ। ਇਨ੍ਹਾਂ ਚੋਣਾਂ ਵਿੱਚ ਮਾਇਆਵਤੀ ਵੱਲੋਂ ਪ੍ਰਚਾਰ ਨਾ ਕੀਤੇ ਜਾਣ ਨੂੰ ਲੈ ਕੇ ਉਸ ਉੱਤੇ ਦੋਸ਼ ਲਗਦੇ ਰਹੇ ਕਿ ਉਸ ਨੇ ਸੱਤਾ ਵਿਰੋਧੀ ਵੋਟਾਂ ਤੋੜ ਕੇ ਭਾਜਪਾ ਨੂੰ ਜਿਤਾਉਣ ਲਈ ਹੀ ਅਜਿਹਾ ਕੀਤਾ ਸੀ। ਯੂ ਪੀ ਵਿੱਚ ਬਸਪਾ ਦਾ ਮੁੱਖ ਅਧਾਰ ਜਾਟਵ ਤੇ ਮੁਸਲਿਮ ਸਨ। ਭਾਜਪਾ ਨੂੰ ਫਾਇਦਾ ਪੁਚਾਉਣ ਲਈ ਅਪਣਾਈ ਗਈ ਵੋਟ ਪਾੜੂ ਨੀਤੀ ਕਾਰਨ ਮੁਸਲਿਮ ਵੋਟ ਉਸ ਤੋਂ ਦੂਰ ਹੋ ਚੁੱਕਾ ਹੈ। ਬਾਕੀ ਸੂਬਿਆਂ ਦੀਆਂ ਚੋਣਾਂ ਵਿੱਚ ਬਸਪਾ ਨੂੰ ਪਈਆਂ ਵੋਟਾਂ ਦੇ ਅੰਕੜੇ ਦੇਖੇ ਜਾਣ ਤਾਂ ਹਰ ਸੂਬੇ ਵਿੱਚ ਉਸ ਦਾ ਅਧਾਰ ਤੇਜ਼ੀ ਨਾਲ ਸੁੰਗੜਿਆ ਹੈ। ਪਿਛਲੇ ਸਮੇਂ ਦੌਰਾਨ ਚੰਗੇ ਅਧਾਰ ਵਾਲੇ ਆਗੂ ਬਸਪਾ ਤੋਂ ਦੂਰ ਹੋਏ ਹਨ। ਇਨ੍ਹਾਂ ਦਾ ਕਹਿਣਾ ਹੈ ਕਿ ਇਸ ਸਮੇਂ ਯੂ ਪੀ ਵਿੱਚ ਬਸਪਾ ਭਾਜਪਾ ਦੀ ਵੋਟ ਮਸ਼ੀਨ ਬਣ ਕੇ ਰਹਿ ਗਈ ਹੈ, ਜਿਸ ਕਾਰਨ ਦਲਿਤਾਂ ਦਾ ਵੀ ਇੱਕ ਵੱਡਾ ਹਿੱਸਾ, ਉਸ ਦੀ ਥਾਂ ਚੰਦਰ ਸ਼ੇਖਰ ਦੀ ਅਜ਼ਾਦ ਸਮਾਜ ਪਾਰਟੀ ਨਾਲ ਜੁੜ ਰਿਹਾ ਹੈ।

ਅਜਿਹੀ ਸਥਿਤੀ ਵਿੱਚ ਨਾ ਉਸ ਦੀ ਐੱਨ ਡੀ ਏ ਨੂੰ ਲੋੜ ਹੈ ਨਾ ਇੰਡੀਆ ਗੱਠਜੋੜ ਨੂੰ। ਐੱਨ ਡੀ ਏ ਦੀ ਮੁੱਖ ਧਿਰ ਭਾਜਪਾ ਤਾਂ ਸਮਝਦੀ ਹੈ ਕਿ ਬਸਪਾ ਦਾ ਵੱਖਰੇ ਚੋਣ ਲੜਨਾ ਹੀ ਉਸ ਲਈ ਲਾਹੇਵੰਦਾ ਹੋਵੇਗਾ। ਉਹ ਜਿੰਨੇ ਵੀ ਵੋਟ ਤੋੜੇਗੀ, ਉਸ ਦਾ ਨੁਕਸਾਨ ਇੰਡੀਆ ਗੱਠਜੋੜ ਨੂੰ ਹੋਵੇਗਾ। ਸ਼ੁਰੂ ਵਿੱਚ ਕਾਂਗਰਸ ਨੇ ਕੋਸ਼ਿਸ਼ ਕੀਤੀ ਸੀ ਕਿ ਬਸਪਾ ਨੂੰ 'ਇੰਡੀਆ' ਗੱਠਜੋੜ ਵਿੱਚ ਲਿਆ ਕੇ ਭਾਜਪਾ ਵਿਰੋਧੀ ਵੋਟਾਂ ਦੀ ਵੰਡ ਨੂੰ ਰੋਕਿਆ ਜਾਵੇ, ਪਰ ਅਖਿਲੇਸ਼ ਦੇ ਵਿਰੋਧ ਕਾਰਨ ਇਹ ਸੰਭਵ ਨਹੀਂ ਹੋ ਸਕਿਆ। ਬਸਪਾ ਵਿਚਲੇ ਮੁਸਲਿਮ ਸਾਂਸਦ ਵੀ ਇਹ ਚਾਹੁੰਦੇ ਸਨ ਕਿ ਮਾਇਆਵਤੀ ਇੰਡੀਆ ਗੱਠਜੋੜ ਨਾਲ ਜੁੜ ਜਾਵੇ, ਪਰ ਮਾਇਆਵਤੀ ਨੇ ਅੜੀ ਫੜੀ ਰੱਖੀ। ਸਿੱਟੇ ਵਜੋਂ ਉਸ ਦੇ ਸਾਂਸਦ ਵੀ ਉਸ ਤੋਂ ਦੂਰ ਹੁੰਦੇ ਜਾ ਰਹੇ ਹਨ। ਦਾਨਿਸ਼ ਅਲੀ ਨੇ ਤਾਂ ਖੁੱਲ੍ਹੀ ਬਗਾਵਤ ਕਰ ਦਿੱਤੀ ਹੈ।

ਮਾਇਆਵਤੀ ਨੇ ਇਹ ਵੀ ਕਹਿ ਦਿੱਤਾ ਹੈ ਕਿ ਚੋਣਾਂ ਤੋਂ ਬਾਅਦ ਕਿਸੇ ਨਾਲ ਵੀ ਗੱਠਜੋੜ ਹੋ ਸਕਦਾ ਹੈ। ਇਸ ਦਾ ਮਤਲਬ ਹੈ ਕਿ ਲੋੜ ਪੈਣ ਉੱਤੇ ਉਹ ਭਾਜਪਾ ਨਾਲ ਵੀ ਜੁੜ ਸਕਦੀ ਹੈ। ਇਹ ਵੀ ਹੋ ਸਕਦਾ ਹੈ ਕਿ ਅੰਦਰਖਾਤੇ ਵੋਟ ਪਵਾ ਕੇ ਭਾਜਪਾ ਉਸ ਦੇ ਕੁਝ ਉਮੀਦਵਾਰ ਜਿਤਾ ਦੇਵੇ ਤੇ ਚੋਣਾਂ ਬਾਅਦ ਉਸ ਦੇ ਜੇਤੂ ਉਮੀਦਵਾਰਾਂ ਨੂੰ ਆਪਣੇ ਪੇਟੇ ਪਾ ਲਵੇ। ਇਸ ਲਈ ਹੁਣ ਇੰਡੀਆ ਗੱਠਜੋੜ ਨੇ ਉਸ ਲਈ ਆਪਣੇ ਬੂਹੇ ਬੰਦ ਕਰ ਲਏ ਹਨ।

ਬਸਪਾ ਸ਼ੁਰੂ ਤੋਂ ਹੀ ਮੌਕਾਪ੍ਰਸਤ ਸਿਆਸਤ ਕਰਦੀ ਰਹੀ ਹੈ। ਮੌਕਾਪ੍ਰਸਤ ਸਿਆਸਤ ਦੀ ਵੀ ਇੱਕ ਉਮਰ ਹੁੰਦੀ ਹੈ। ਹੁਣ ਉਹ ਉਮਰ ਬੀਤ ਚੁੱਕੀ ਹੈ। ਇਸੇ ਕਾਰਨ ਵੱਖ-ਵੱਖ ਸੂਬਿਆਂ ਵਿੱਚ ਦਲਿਤਾਂ ਦੇ ਨਵੇਂ ਆਗੂ ਉੱਭਰ ਰਹੇ ਹਨ। ਅਜ਼ਾਦ ਸਮਾਜ ਪਾਰਟੀ ਯੂ ਪੀ ਹੀ ਨਹੀਂ, ਹੋਰ ਕਈ ਸੂਬਿਆਂ ਵਿੱਚ ਆਪਣੇ ਪੈਰ ਪਸਾਰ ਰਹੀ ਹੈ। ਰਾਜਸਥਾਨ ਵਿਧਾਨ ਸਭਾ ਚੋਣਾਂ ਵਿੱਚ ਉਸ ਦੇ ਇੱਕ ਉਮੀਦਵਾਰ ਦਾ ਦੂਜੀ ਥਾਂ ਆਉਣਾ ਇਸ ਦਾ ਸਬੂਤ ਹੈ। ਮਹਾਰਾਸ਼ਟਰ ਵਿੱਚ ਪ੍ਰਕਾਸ਼ ਅੰਬੇਡਕਰ ਦੀ ਵੰਚਿਤ ਬਹੁਜਨ ਅਗਾੜੀ ਨੇ ਬਸਪਾ ਦਾ ਮੁਕੰਮਲ ਸਫਾਇਆ ਕਰ ਦਿੱਤਾ ਹੈ। ਗੁਜਰਾਤ ਵਿੱਚ ਜਿਗਨੇਸ਼ ਮੇਵਾਨੀ ਦਲਿਤਾਂ ਦੇ ਲੀਡਰ ਵਜੋਂ ਉੱਭਰੇ ਹਨ। ਇਸ ਤੋਂ ਸਪੱਸ਼ਟ ਹੈ ਕਿ ਬਸਪਾ ਮੁਖੀ ਮਾਇਆਵਤੀ ਜਿਸ ਰਾਹ ਪੈ ਚੁੱਕੀ ਹੈ, ਉਹ ਸਿਆਸੀ ਖ਼ੁਦਕੁਸ਼ੀ ਦਾ ਰਾਹ ਹੈ।

- ਚੰਦ ਫਤਿਹਪੁਰੀ

ਖੇਤੀ ਖੇਤਰ ਪ੍ਰਤੀ ਸਰਕਾਰ ਦੀ ਉਪਰਾਮਤਾ ਚਿੰਤਾਜਨਕ

ਗੁਰਮੀਤ ਸਿੰਘ ਪਲਾਹੀ

ਭਾਰਤ ਵਿੱਚ ਖੇਤੀ ਉਤਪਾਦਨ 'ਚ ਲਗਾਤਾਰ ਵਾਧਾ ਹੋਇਆ ਹੈ, ਪਰ ਯੂ.ਐੱਨ.ਓ. ਦੀ ਇੱਕ ਰਿਪੋਰਟ ਦੱਸਦੀ ਹੈ ਕਿ ਭਾਰਤ ਦੇ 20 ਕਰੋੜ ਤੋਂ ਜ਼ਿਆਦਾ ਲੋਕ ਕੁਪੋਸ਼ਣ ਦਾ ਸ਼ਿਕਾਰ ਹਨ । 97 ਕਰੋੜ ਤੋਂ ਜ਼ਿਆਦਾ ਲੋਕਾਂ ਨੂੰ ਸੰਤੁਲਿਤ ਭੋਜਨ ਨਹੀਂ ਮਿਲ ਰਿਹਾ । ਬੀਜਾਂ, ਖਾਦਾਂ, ਬਿਜਲੀ ਅਤੇ ਪਾਣੀ ਜਿਹੇ ਖੇਤੀ ਉਤਪਾਦਨਾਂ ਉਤੇ ਸਬਸਿਡੀ ਮਿਲਣ ਦੇ ਬਾਵਜੂਦ, ਵੱਡੀ ਗਿਣਤੀ ਕਿਸਾਨ ਲਗਾਤਾਰ ਸੰਕਟ ਵਿੱਚ ਹਨ। ਉਹ ਖੁਦਕੁਸ਼ੀ ਕਰ ਰਹੇ ਹਨ ਜਾਂ ਅੰਦੋਲਨ ਦੇ ਰਾਹ 'ਤੇ ਹਨ।

ਜਿਵੇਂ ਕਿ ਉਮੀਦ ਸੀ ਕਿ ਖੇਤੀ ਦੇ ਬੁਰੇ ਦੌਰ ਵਿੱਚ ਕੇਂਦਰ ਦੀ ਸਰਕਾਰ ਦੇਸ਼ ਦੇ ਬੱਜਟ ਵਿੱਚ ਖੇਤੀ ਸੁਧਾਰ ਲਈ ਨਵੇਂ ਢੰਗ-ਤਰੀਕੇ, ਪ੍ਰਵਾਧਾਨ ਅਪਨਾਏਗੀ, ਪਰ ਖੇਤੀ ਖੇਤਰ ਦਾ ਬੱਜਟ 2022-23 ਦੇ 1.33 ਲੱਖ ਕਰੋੜ ਦੇ ਮੁਕਾਬਲੇ ਘਟਾ ਕੇ 2023-24 'ਚ 1.25 ਲੱਖ ਕਰ ਦਿੱਤਾ ਗਿਆ। ਸਾਲ 2021-22 ਵਿੱਚ ਖੇਤੀ ਖੇਤਰ ਦਾ ਬੱਜਟ ਦੇਸ਼ ਦੇ ਬੱਜਟ ਦਾ 3.78 ਫੀਸਦੀ ਸੀ, ਜੋ 2022-23 ਵਿੱਚ 3.36 ਫੀਸਦੀ ਅਤੇ 2023-24 ਦੇ 'ਚ 2.78 ਫੀਸਦੀ ਰਹਿ ਗਿਆ ਹੈ ।

ਪਿਛਲੇ ਕੁਝ ਦਹਾਕਿਆਂ 'ਚ ਭਾਰਤ ਦੀ ਆਰਥਿਕ ਦਸ਼ਾ ਅਤੇ ਨੀਤੀਆਂ 'ਚ ਤਬਦੀਲੀ ਹੋਈ ਹੈ। ਭਾਰਤੀ ਹਾਕਮ ਅੰਤਰਰਾਸ਼ਟਰੀ ਦਬਾਅ ਅਧੀਨ ਖੇਤੀ ਖੇਤਰ ਤੋਂ ਮੁੱਖ ਮੋੜ ਰਹੇ ਹਨ। ਦੇਸ਼ ਦੀ ਜੀ ਡੀ ਪੀ (ਕੁਲ ਘਰੇਲੂ ਉਤਪਾਦਨ) ਵਿੱਚ ਖੇਤੀ ਦੀ 1947 ਵਿੱਚ ਹਿੱਸੇਦਾਰੀ 60 ਫੀਸਦੀ ਤੋਂ ਘਟ ਕੇ ਪਿਛਲੇ ਸਾਲ 15 ਫੀਸਦੀ ਰਹਿ ਗਈ ਹੈ। ਇਹ ਇੱਕ ਵੱਡੀ ਤਬਦੀਲੀ ਦਾ ਪ੍ਰਤੀਕ ਹੈ । ਅਸਲ 'ਚ ਇਹ ਦੇਸ਼ ਦੀ ਆਰਥਿਕ ਅਸਥਿਰਤਾ ਵਿਖਾਉਂਦਾ ਹੈ ।

ਪਿਛਲੇ ਕੁਝ ਦਹਾਕਿਆਂ ਦੌਰਾਨ ਖੇਤੀ ਖੇਤਰ ਵਿੱਚ ਵਾਧਾ ਅਸਥਿਰ ਰਿਹਾ ਹੈ । 2005-06 ਵਿੱਚ ਜਿਥੇ ਇਹ ਦਰ 5.8 ਫੀਸਦੀ ਸੀ, ਉਹ 2009-10 ਵਿੱਚ 0.4 ਫੀਸਦੀ ਅਤੇ 2014-15 ਵਿੱਚ 0.2 ਫੀਸਦੀ ਸੀ। ਇਹ ਅੰਕੜਾ ਦੇਸ਼ ਦੀ ਆਰਥਿਕ ਰੂਪ-ਰੇਖਾ ਨੂੰ ਆਕਾਰ ਦੇਣ ਵਿੱਚ ਖੇਤੀ ਖੇਤਰ ਦੀ ਘੱਟਦੀ ਭੂਮਿਕਾ ਦੀ ਇੱਕ ਸਪਸ਼ਟ ਕਹਾਣੀ ਪੇਸ਼ ਕਰਦਾ ਹੈ।

ਇਹ ਬਦਲਾਅ ਆਖ਼ਰ ਕਿਉਂ ਹੈ ? ਦੇਸ਼ ਵਿੱਚ ਉਦਯੋਗੀਕਰਨ ਅਤੇ ਸ਼ਹਿਰੀਕਰਨ ਵਧ ਰਿਹਾ ਹੈ। ਜਿਉਂ-ਜਿਉਂ ਰਾਸ਼ਟਰ ਨੇ ਉਦਯੋਗਿਕ ਵਿਕਾਸ ਨੂੰ ਅਪਨਾਇਆ ਅਤੇ ਸ਼ਹਿਰੀ ਕੇਂਦਰਾਂ ਦਾ ਉਵੇਂ-ਉਵੇਂ ਵਾਧਾ ਹੋਇਆ ਤੇ ਖੇਤੀ ਦਾ ਮਹੱਤਵ ਘਟਿਆ । ਅੱਜ ਪਿੰਡ ਸ਼ਹਿਰ ਦੀਆਂ ਬਸਤੀਆਂ ਬਣ ਕੇ ਰਹਿ ਗਏ ਹਨ। ਜਿਉਂ-ਜਿਉਂ ਖੇਤੀ ਦਾ ਵਿਕਾਸ 'ਚ ਹਿੱਸਾ ਘਟਦਾ ਹੈ, ਤਿਵੇਂ-ਤਿਵੇਂ ਸ਼ਹਿਰੀ-ਪੇਂਡੂ ਅੰਤਰ ਵਧਦਾ ਜਾਂਦਾ ਹੈ ।

ਦੇਸ਼ ਦੇ ਇਹੋ ਜਿਹੇ ਦੌਰ 'ਚ ਇੱਕ ਇਹੋ ਜਿਹਾ ਸਮਾਂ ਆਇਆ, ਜਦੋਂ ਦੇਸ਼ ਨੂੰ ਵਿਦੇਸ਼ ਤੋਂ ਅਨਾਜ ਮੰਗਵਾਉਣਾ ਪਿਆ, ਪਰ 1960 ਦੇ ਦਹਾਕੇ 'ਚ ਹਰੀ ਕ੍ਰਾਂਤੀ ਬਾਅਦ ਕਣਕ ਅਤੇ ਚਾਵਲ ਦੇ ਉਤਪਾਦਨ 'ਚ ਜ਼ਬਰਦਸਤ ਵਾਧਾ ਹੋਇਆ । 2015-16 ਤੱਕ ਦੇਸ਼ ਦੇ ਕੁੱਲ ਖਾਧ ਉਤਪਾਦਨ ਵਿੱਚ ਕਣਕ ਅਤੇ ਚਾਵਲ ਦੀ ਹਿੱਸੇਦਾਰੀ 78 ਫੀਸਦੀ ਹੋ ਗਈ, ਪਰ ਉਤਪਾਦਨ ਦੇ ਉੱਚ ਪੱਧਰਾਂ ਦੇ ਬਾਵਜੂਦ ਭਾਰਤ 'ਚ ਹੋਰ ਵੱਡੇ ਉਤਪਾਦਕ ਦੇਸ਼ਾਂ ਦੇ ਮੁਕਾਬਲੇ ਖੇਤੀ ਉਪਜ ਘੱਟ ਹੈ ।

1950-51 'ਚ ਖਾਧ ਪਦਾਰਥਾਂ ਦੀ ਉਪਜ 'ਚ ਚਾਰ ਗੁਣਾ ਵਾਧਾ ਹੋਇਆ। 2014-15 ਦੇ ਦੌਰਾਨ ਇਹ 2017 ਕਿਲੋ ਪ੍ਰਤੀ ਹੈਕਟੇਅਰ ਸੀ, ਜਦਕਿ 2021 ਵਿੱਚ ਇਹ 2394 ਕਿਲੋ ਪ੍ਰਤੀ ਹੈਕਟੇਅਰ ਅੰਦਾਜ਼ਨ ਹੋ ਗਈ, ਪਰ ਹੋਰ ਦੇਸ਼ਾਂ ਦੀ ਤੁਲਨਾ ਭਾਰਤ ਵਿੱਚ ਅੰਨ ਉਤਪਾਦਨ ਦਾ ਵਾਧਾ ਬਹੁਤ ਘੱਟ ਹੈ । ਉਦਾਹਰਨ ਵਜੋਂ 1981 'ਚ ਚਾਵਲਾਂ ਦੀ ਫਸਲ ਦੀ ਉਪਜ ਬ੍ਰਾਜ਼ੀਲ ਵਿੱਚ 1981 'ਚ 1.3 ਟਨ ਪ੍ਰਤੀ ਹੈਕਟੇਅਰ ਸੀ, ਜੋ 2011 'ਚ ਵਧ ਕੇ 4.9 ਟਨ ਪ੍ਰਤੀ ਹੈਕਟੇਅਰ ਹੈ। ਭਾਰਤ ਵਿੱਚ 2000-01 ਵਿੱਚ ਉਪਜ 1.9 ਟਨ ਪ੍ਰਤੀ ਹੈਕਟੇਅਰ ਅਤੇ 2021-22 'ਚ 2.8 ਟਨ ਪ੍ਰਤੀ ਹੈਕਟੇਅਰ ਤੱਕ ਪਹੁੰਚਿਆ, ਪਰ ਇਹ ਹਾਲੀ ਵੀ ਵਿਸ਼ਵ ਔਸਤ ਤੋਂ ਘੱਟ ਹੈ, ਜੋ ਕਿ ਬਹੁਤ ਹੀ ਚਿੰਤਾ ਦਾ ਵਿਸ਼ਾ ਹੈ। ਇਸੇ ਦੌਰਾਨ ਚੀਨ ਵਿੱਚ ਚਾਵਲ ਦੀ ਉਤਪਾਦਨ 4.3 ਟਨ ਪ੍ਰਤੀ ਹੈਕਟੇਅਰ ਤੋਂ ਵਧ ਕੇ 6.7 ਟਨ ਪ੍ਰਤੀ ਹੈਕਟੇਅਰ ਹੋ ਗਈ ਹੈ।

ਇੱਕ ਰਿਪੋਰਟ ਦੱਸਦੀ ਹੈ ਕਿ 2050 ਤੱਕ ਇਸ ਸੰਸਾਰ ਉਤੇ ਦਸ ਅਰਬ ਲੋਕ ਹੋਣਗੇ। ਭਾਰਤ ਦੀ ਆਬਾਦੀ ਇਸ ਸਮੇਂ ਚੀਨ ਨੂੰ ਪਛਾੜ ਕੇ ਪਹਿਲੇ ਨੰਬਰ 'ਤੇ ਪੁੱਜ ਚੁੱਕੀ ਹੈ ਅਤੇ ਇਸ ਆਬਾਦੀ 'ਚ ਲਗਾਤਾਰ ਵਾਧਾ ਹੋ ਰਿਹਾ ਹੈ । ਇਹੋ ਜਿਹੇ 'ਚ ਅਨਾਜ ਦੀ ਲੋੜ ਵਧੇਗੀ ਅਤੇ ਇੱਕ ਅਨੁਮਾਨ ਅਨੁਸਾਰ ਹੁਣ ਨਾਲੋਂ 50 ਫੀਸਦੀ ਵੱਧ ਅਨਾਜ, ਖਾਧ ਪਦਾਰਥ ਲੋੜੀਂਦੇ ਹੋਣਗੇ। ਦੇਸ਼ ਵਿੱਚ ਪਹਿਲਾਂ ਹੀ ਖੇਤੀ ਯੋਗ ਜ਼ਮੀਨ ਦੀ ਕਮੀ ਹੈ। ਹੋਰ ਜ਼ਮੀਨ ਪ੍ਰਾਪਤੀ ਲਈ ਜੰਗਲਾਂ ਦੀ ਕਟਾਈ ਹੋਏਗੀ। ਪਹਿਲਾਂ ਹੀ ਸੜਕੀ ਨਿਰਮਾਣ ਅਤੇ ਹੋਰ ਯੋਜਨਾਵਾਂ ਖੇਤੀ ਖੇਤਰ ਦੀਆਂ ਜ਼ਮੀਨਾਂ ਹਥਿਆ ਰਹੀਆਂ ਹਨ। ਸਿੱਟੇ ਵਜੋਂ ਇੱਕ ਅਸੰਤੁਲਨ ਪੈਦਾ ਹੋ ਰਿਹਾ ਹੈ।

ਅੱਜ ਭਾਰਤ ਵਿੱਚ ਖੇਤੀ ਖੇਤਰ 'ਚ ਸੁਸਤੀ ਹੈ। ਦੇਸ਼ 'ਚ ਮੌਸਮ ਅਨਿਯਮਤ ਹੈ। ਸਿੰਚਾਈ ਸੁਵਿਧਾਵਾਂ ਦੀ ਕਮੀ ਹੈ। ਖੇਤੀ ਉਤੇ ਉਤਪਾਦਨ ਲਾਗਤ ਵਧ ਰਹੀ ਹੈ। ਫਸਲ ਦਾ ਘੱਟੋ-ਘੱਟ ਮੁੱਲ ਕਿਸਾਨ ਨੂੰ ਨਹੀਂ ਮਿਲ ਰਿਹਾ । ਕਿਸਾਨਾਂ 'ਤੇ ਕਰਜ਼ਾ ਵਧ ਰਿਹਾ ਹੈ ।ਸਰਕਾਰ ਦੇ ਸਾਰੇ ਦਾਅਵਿਆਂ ਦੇ ਬਾਵਜੂਦ ਫਸਲ ਪਰਵਹਿਨ ਅਤੇ ਭੰਡਾਰਨ ਦੀਆਂ ਸੁਵਿਧਾਵਾਂ ਦੀ ਥੁੜ੍ਹ ਹੈ। ਇਹਨਾ ਘਾਟਾਂ ਦੇ ਕਾਰਨ ਫਸਲ ਕਟਾਈ ਦੇ ਬਾਅਦ ਕਿਸਾਨਾਂ ਨੂੰ ਸਥਾਨਕ ਵਪਾਰੀਆਂ ਅਤੇ ਵਿਚੋਲਿਆਂ ਵੱਲ ਘੱਟ ਮੁੱਲ ਉਤੇ ਆਪਣੀ ਫਸਲ ਵੇਚਣ ਲਈ ਮਜਬੂਰ ਹੋਣਾ ਪੈਂਦਾ ਹੈ । ਇਸ ਨਾਲ ਕਿਸਾਨਾਂ ਦਾ ਹੀ ਨੁਕਸਾਨ ਨਹੀਂ ਹੁੰਦਾ, ਸਗੋਂ ਉਸ ਖੇਤਰ ਦੀਆਂ ਸਾਰੀਆਂ ਵਿਕਾਸ ਯੋਜਨਾਵਾਂ ਪ੍ਰਭਾਵਤ ਹੁੰਦੀਆਂ ਹਨ।

ਖੇਤੀ ਖੇਤਰ ਸੰਕਟ 'ਚ ਹੈ। ਇਹ ਭਾਰਤ ਵਰਗੇ ਵਿਕਾਸ ਕਰ ਰਹੇ ਦੇਸ਼ ਦੀਆਂ ਆਰਥਿਕ ਅੰਕੜਾਂ ਹੋਰ ਵਧਾ ਸਕਦਾ ਹੈ। ਖੇਤੀ ਸੰਕਟ 'ਚੋਂ ਦੇਸ਼ ਨੂੰ ਉਭਾਰਨ ਅਤੇ ਜੀ ਡੀ ਪੀ 'ਚ ਖੇਤੀ ਖੇਤਰ ਦੀ ਹਿੱਸੇਦਾਰੀ ਵਧਾਉਣ ਲਈ ਸਰਕਾਰ ਨੂੰ ਮਜ਼ਬੂਤ ਇਰਾਦੇ ਨਾਲ ਕੰਮ ਕਰਨ ਦੀ ਲੋੜ ਹੈ, ਨਾ ਕਿ ਪਿੱਠ ਵਿਖਾਉਣ ਦੀ।

ਇਸ ਵਿੱਚ ਦੋ ਰਾਵਾਂ ਨਹੀਂ ਹਨ ਕਿ ਵਿਸ਼ਵ ਇੱਕ ਪਿੰਡ ਬਣਨ ਦੇ ਦੌਰ 'ਚ ਆਧੁਨਿਕੀਕਰਨ ਵੱਲ ਵਧਿਆ ਹੈ, ਇਸ ਦਾ ਦੇਸ਼ ਨੂੰ ਲਾਭ ਵੀ ਹੋਇਆ ਹੈ, ਪਰ ਇਸ ਦੌਰ 'ਚ ਖੇਤੀ ਦੀ ਸਥਿਰਤਾ ਉਤੇ ਸਵਾਲ ਉੱਠੇ ਹਨ। ਇਸ ਸਮੇਂ ਤਕਨੀਕੀ ਤਰੱਕੀ ਅਤੇ ਵਾਤਾਵਰਨ ਸੰਬੰਧੀ ਤਬਦੀਲੀਆਂ ਦੀਆਂ ਚਿੰਤਾਵਾਂ ਦੇ ਵਿਚਕਾਰ ਸੰਤੁਲਿਨ ਬਣਾਉਣਾ ਮਹੱਤਵਪੂਰਨ ਹੈ।

ਸਰਕਾਰ ਵੱਲੋਂ ਬੱਜਟ ਵਿੱਚ ਖੇਤੀ ਨੂੰ ਪਹਿਲ ਦਿੱਤੀ ਜਾਣੀ ਚਾਹੀਦੀ ਸੀ। ਸ਼ਹਿਰੀਕਰਨ ਦੇ ਬਾਵਜੂਦ ਪਿੰਡਾਂ ਦੀ ਕੁਰਬਾਨੀ ਨਹੀਂ ਸੀ ਦਿੱਤੀ ਜਾਣੀ ਚਾਹੀਦੀ। ਅਸਲ @ਚ ਇਹੋ ਜਿਹੀ ਯੋਗ ਖੇਤੀ ਨੀਤੀ ਹੋਣੀ ਚਾਹੀਦੀ ਸੀ, ਜਿਸ ਵਿੱਚ ਖੇਤੀ ਅਤੇ ਖੇਤੀ ਅਧਾਰਤ ਧੰਦਿਆਂ ਬਾਗਬਾਨੀ, ਦੁੱਧ ਉਤਪਾਦਨ ਆਦਿ ਨੂੰ ਉਤਸ਼ਾਹਤ ਕੀਤਾ ਜਾਣਾ ਚਾਹੀਦਾ ਸੀ। ਸਿੰਚਾਈ, ਭੰਡਾਰਨ, ਪਰਵਹਿਨ ਦਾ ਪ੍ਰਬੰਧ ਹੋਣਾ ਚਾਹੀਦਾ ਸੀ।

ਵਧਦੀ ਵਿਸ਼ਵ ਪੱਧਰੀ ਖਾਣ ਵਾਲੀਆਂ ਚੀਜ਼ਾਂ ਦੀ ਲੋੜ ਪੂਰੀ ਕਰਨ ਲਈ ਭਾਰਤ ਦੇ ਸਾਹਮਣੇ ਵੱਡੇ ਮੌਕੇ ਹਨ ।ਜ਼ੁੰਮੇਵਾਰੀਆਂ ਵੀ ਹਨ । ਇਹ ਚੁਣੌਤੀਆਂ ਲਚਕੀਲੇਪਨ, ਸਰਲਤਾ ਸਿਆਣਪ ਨਾਲ ਸਵੀਕਾਰੀਆਂ ਜਾਣੀਆਂ ਚਾਹੀਦੀਆਂ ਹਨ। ਸਿਰਫ਼ 'ਵਿਸ਼ਵ ਗੁਰੂ' ਬਣਨ ਦੇ ਨਾਹਰੇ ਹੀ ਭਾਰਤ ਦੀ ਆਰਥਿਕਤਾ ਨੂੰ ਹੁਲਾਰਾ ਨਹੀਂ ਦੇ ਸਕਦੇ।

ਦੇਸ਼ ਦੀ ਆਰਥਿਕਤਾ ਨੂੰ ਹੁਲਾਰਾ ਤਦੇ ਮਿਲ ਸਕਦਾ ਹੈ, ਜੇਕਰ ਅਸੀਂ ਦੇਸ਼ ਦੇ ਅਧਾਰ ਖੇਤੀ ਖੇਤਰ, ਛੋਟੇ ਸੀਮਤ ਕਿਸਾਨਾਂ ਦੇ ਹਿੱਤਾਂ ਨੂੰ ਧਿਆਨ 'ਚ ਰੱਖਦਿਆਂ ਨੀਤੀਆਂ ਦਾ ਨਿਰਮਾਣ ਕਰਾਂਗੇ। ਕਿਸਾਨਾਂ ਨੂੰ ਆਰਥਕ ਤੌਰ 'ਤੇ ਤਕੜੇ ਕਰਨ ਲਈ ਖੇਤੀ ਨੂੰ ਜ਼ਿਆਦਾ ਵਿਵਹਾਰਿਕ ਬਣਾਵਾਂਗੇ।

ਪਰੰਪਰਿਕ ਅਜੀਵਕਾ ਦੇ ਨਾਲ-ਨਾਲ ਅਧ

19-JAN-PAGE-5.qxd 1/18/2024 10:28 PM Page 1

ਕਿਰਤ ਵਿਭਾਗ ਵੱਲੋਂ ਬਣਦੀਆਂ ਸਹੂਲਤਾਂ ਨਾ ਦਿੱਤੇ ਜਾਣ 'ਤੇ ਠੇਕਾ ਅਧਾਰਤ ਆਊਟਸੋਰਸ ਮੁਲਾਜ਼ਮ 'ਚ ਰੋਸ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)

ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਵਿੱਚ ਕੰਮ ਕਰਦੇ ਠੇਕਾ ਆਧਾਰਿਤ/ਆਊਟਸੋਰਸ ਮੁਲਾਜ਼ਮ ਦੀ ਜਥੇਬੰਦੀ ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ ਯੂਨੀਅਨ ਰਜਿ 31 ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਜ਼ਿਲ੍ਹਾ ਪ੍ਰਧਾਨ ਬਲਜੀਤ ਸਿੰਘ ਭੱਟੀ, ਜ਼ਿਲ੍ਹਾ ਜਨਰਲ ਸਕੱਤਰ ਸੁਰਜੀਤ ਸਿੰਘ ਤੱਖੀ, ਜ਼ਿਲ੍ਹਾ ਮੀਤ ਪ੍ਰਧਾਨ ਜਸਬੀਰ ਸਿੰਘ ਕਾਲਾ ਤੇ ਜ਼ਿਲ੍ਹਾ ਪ੍ਰੈਸ ਸਕੱਤਰ ਬਿਕਰਮਜੀਤ ਸਿੰਘ ਕਪੂਰ ਨੇ ਦੱਸਿਆ ਕਿ ਪਿਛਲੇ 10-15 ਸਾਲਾਂ ਤੋਂ ਜਲ ਸਪਲਾਈ ਵਿਭਾਗ ਵਿੱਚ ਆਊਟਸੋਰਸ ਰਾਹੀਂ ਆਪਣੀਆਂ ਸੇਵਾਵਾਂ ਬਹੁਤ ਹੀ ਨਿਗੂਣੀਆਂ ਤਨਖਾਹਾਂ ਦੇ ਰਹੇ ਹਨ, ਪਰ ਤ੍ਰਾਸਦੀ ਦੀ ਗੱਲ ਹੈ ਕਿ ਸਮੇਂ-ਸਮੇਂ ਦੀਆਂ ਸਰਕਾਰਾਂ ਵੱਲੋਂ ਇਨ੍ਹਾਂ ਮੁਲਾਜ਼ਮਾਂ ਨੂੰ ਪੱਕੇ ਕਰਨ ਦਾ ਵਾਧਾ ਕੀਤਾ ਗਿਆ ਸੀ, ਪਰ ਕਿਸੇ ਵੀ ਸਰਕਾਰ ਵੱਲੋਂ ਇਨ੍ਹਾਂ ਕਰਮਚਾਰੀਆਂ ਨੂੰ ਪੱਕੇ ਕਰਨਾ ਤਾਂ ਦੂਰ, ਸਰਕਾਰ ਬਣ ਜਾਣ ਉਪਰੰਤ ਇਨ੍ਹਾਂ ਮੁਲਾਜ਼ਮਾਂ ਦੀ ਸਾਰ ਲਈ ਨਹੀਂ ਲਈ ਜਾਂਦੀ, ਪਿਛਲੀਆਂ ਸਰਕਾਰਾਂ ਦੀ ਤਰ੍ਹਾਂ ਆਮ ਆਦਮੀ ਪਾਰਟੀ ਨੇ ਇਨ੍ਹਾਂ ਮੁਲਾਜ਼ਮ ਨੂੰ ਪੱਕੇ ਕਰਨ ਦਾ ਵਾਧਾ ਕੀਤਾ ਸੀ, ਪਰ ਸੱਤਾ ਵਿੱਚ ਆਉਂਦੇ ਆਮ ਆਦਮੀ ਪਾਰਟੀ ਦੀ ਸਰਕਾਰ ਇਨ੍ਹਾਂ ਕੱਚੇ ਮੁਲਾਜ਼ਮ ਨੂੰ ਪੱਕੇ ਕਰਨ ਤੋਂ ਭੱਜ ਰਹੀ ਹੈ ਅਤੇ ਇਸੇ ਤਰ੍ਹਾਂ ਹੀ ਜਲ ਸਪਲਾਈ ਦੀ ਮੈਨੇਜਮੈਂਟ ਵੀ ਇਨ੍ਹਾਂ ਮੁਲਾਜ਼ਮ ਦਾ ਸੋਸ਼ਣ ਕਰ ਰਹੀ ਹੈ ਅਤੇ ਕਿਰਤ ਕਾਨੂੰਨ ਮੁਤਾਬਕ ਬਣਦੀਆਂ ਇਨ੍ਹਾਂ ਮੁਲਾਜ਼ਮਾਂ ਦੀ ਸਹੂਲਤਾਂ ਨਹੀਂ ਦੇ ਰਹੀ। ਆਗੂ ਵੱਲੋਂ ਦੱਸਿਆ ਗਿਆ ਕਿ ਪਿਛਲੇ ਸਾਲ ਦੇ ਸਤੰਬਰ ਮਹੀਨੇ 2023 ਤੋਂ ਵਰਕਰ ਦਾ ਕਿਰਤ ਕਾਨੂੰਨ ਮੁਤਾਬਕ ਬਣਦਾ ਵੈਲਫੇਅਰ ਫੰਡ ਉਹਨਾਂ ਦੀਆਂ ਤਨਖਾਹਾਂ ਵਿੱਚੋਂ ਕੱਟਿਆ ਜਾਂਦਾ ਹੈ, ਪਰ ਇਸ ਫੰਡ ਨੂੰ ਕਿਰਤ ਵਿਭਾਗ ਨੂੰ ਜਮ੍ਹਾਂ ਨਹੀਂ ਕਰਾਇਆ ਜਾ ਰਿਹਾ, ਜਿਸ ਕਰਕੇ ਇਨ੍ਹਾਂ ਕੱਚੇ ਮੁਲਾਜ਼ਮਾਂ ਨੂੰ ਕਿਰਤ ਵਿਭਾਗ ਵੱਲੋਂ ਕੋਈ ਸਹੂਲਤ ਨਹੀਂ ਦਿੱਤੀ ਜਾ ਰਹੀ ਤੇ ਇਸ ਦੇ ਨਾਲ ਹੀ ਕਿਰਤ ਕਾਨੂੰਨ ਮੁਤਾਬਕ 8.33 ਦੇ ਹਿਸਾਬ ਨਾਲ ਬਣਦਾ ਬੋਨਸ ਜੋ ਜਲ ਸਪਲਾਈ ਵਿਭਾਗ ਦੀਆਂ ਹੋਰ ਡਵੀਜ਼ਨਾਂ ਵਿੱਚ ਦਿੱਤਾ ਜਾਂਦਾ ਹੈ, ਪਰ ਮੁਕਤਸਰ ਸਾਹਿਬ ਵਿਖੇ ਇਹ ਬੋਨਸ ਵੀ ਨਹੀਂ ਦਿੱਤਾ ਜਾ ਰਿਹਾ, ਜਿਸ ਕਰਕੇ ਜਥੇਬੰਦੀ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ ਅਤੇ 24 ਜਨਵਰੀ ਨੂੰ ਪਰਵਾਰ ਅਤੇ ਬੱਚਿਆਂ ਸਮੇਤ ਜਲ ਸਪਲਾਈ ਸ੍ਰੀ ਮੁਕਤਸਰ ਸਾਹਿਬ ਵਿਖੇ ਧਰਨਾ ਦਿੱਤਾ ਜਾਵੇਗਾ। ਇਸ ਦੇ ਸੰਬੰਧ ਵਿੱਚ ਕਾਰਜਕਾਰੀ ਇੰਜਨੀਅਰ ਸ੍ਰੀ ਮੁਕਤਸਰ ਸਾਹਿਬ ਨੂੰ ਮੰਗ ਪੱਤਰ ਵੀ ਦਿੱਤਾ ਗਿਆ ਤੇ ਧਰਨਾ ਦਾ ਐਲਾਨ ਵੀ ਕੀਤਾ ਗਿਆ।

ਘਰ ਦੇ ਬਾਹਰ ਖੜੀ ਕਾਰ ਨੂੰ ਲਾਈ ਅੱਗ, ਸ਼ਰਾਰਤੀ ਅਨਸਰ ਹੋਏ ਫਰਾਰ

ਨਾਭਾ (ਵਰਿੰਦਰ ਵਰਮਾ)-ਪੁਰਾਣਾ ਹਾਥੀ ਖਾਨਾ ਸਟਰੀਟ ਵਿਖੇ ਬੀਤੀ ਰਾਤ ਤਿੰਨ ਅਣਪਛਾਤੇ ਵਿਅਕਤੀਆਂ ਵੱਲੋਂ ਇੱਕ ਨਿੱਜੀ ਕਾਰ ਨੂੰ ਅੱਗ ਲਾ ਦਿੱਤੀ ਗਈ। ਵਾਰਡ ਦੀ ਮਹਿਲਾ ਕੌਂਸਲਰ ਰੋਜ਼ੀ ਨਾਗਪਾਲ ਦੇ ਪਤੀ ਦੀਪਕ ਨਾਗਪਾਲ ਨੇ ਦੱਸਿਆ ਕਿ ਨਿੱਜੀ ਕਾਰ ਨੂੰ ਅੱਗ ਲਾਉਣ ਦੀ ਘਟਨਾ 'ਚ ਤਿੰਨ ਅਣਪਛਾਤੇ ਵਿਅਕਤੀ ਮੋਟਰ ਸਾਇਕਲ 'ਤੇ ਸਵਾਰ ਹੋ ਕੇ ਆਏ ਸਨ, ਜਿਨ੍ਹਾਂ ਦੇ ਆਸ-ਪਾਸ ਲੱਗੇ ਸੀਸੀਟੀਵੀ ਕੈਮਰੇ 'ਚ ਕੈਦ ਹੋ ਗਏ ਹਨ। ਉਨ੍ਹਾਂ ਦੱਸਿਆ ਕਿ ਪੁਰਾਣਾ ਹਾਥੀ ਖਾਨਾ ਨੇੜੇ ਨੰਗਲੀ ਵਾਲਾ ਡੇਰੇ ਨਜ਼ਦੀਕ ਗਰਾਊਂਡ ਦੁਲੱਦੀ ਗੇਟ ਵਿਖੇ ਬੀਤੀ ਰਾਤ 2:31 ਦੇ ਕਰੀਬ ਆਏ ਇੱਕ ਮੋਟਰਸਾਇਕਲ 'ਤੇ ਸਵਾਰ 3 ਵਿਅਕਤੀਆਂ ਵੱਲੋਂ ਸ਼ਰਾਰਤ ਕਰਕੇ ਇੱਕ ਕਾਰ (ਆਈ ਟੈੱਨ) ਖੜੀ ਕਾਰ ਨੂੰ ਅੱਗ ਲਾ ਦਿੱਤੀ ਗਈ ਅਤੇ ਸ਼ਰਾਰਤੀ ਅਨਸਰ ਮੌਕੇ ਤੋਂ ਫਰਾਰ ਹੋ ਗਏ। ਦੱਸਣਯੋਗ ਹੈ ਕਿ ਘਟਨਾ ਵਾਲੀ ਥਾਂ ਕਈ ਕਾਰਾਂ ਹੋਰ ਵੀ ਖੜੀਆਂ ਸਨ ਤੇ ਨਾਲ ਹੀ ਬਿਜਲੀ ਦਾ ਟ੍ਰਾਂਸਫਾਰਮਰ ਲੱਗਾ ਹੋਇਆ ਸੀ, ਪ੍ਰੰਤੂ ਸੁਖਾਵਾਂ ਰਿਹਾ ਕਿ ਕੋਈ ਵੱਡਾ ਹਾਦਸਾ ਹੋਣੋਂ ਬਚਾਅ ਹੋ ਗਿਆ। ਕਾਰ ਦੇ ਮਾਲਕ ਦਾ ਨਾਂਅ ਉਮੇਸ਼ ਵਰਮਾ ਹੈ ਅਤੇ ਉਹ ਬੈਂਕ ਸਟਰੀਟ ਦਾ ਰਹਿਣ ਵਾਲਾ ਹੈ। ਮੁਹੱਲਾ ਵਾਸੀਆਂ ਨੇ ਨਾਭਾ ਕੋਤਵਾਲੀ ਪੁਲਸ ਨੂੰ ਸੂਚਿਤ ਕੀਤਾ। ਕੌਂਸਲਰ ਰੋਜ਼ੀ ਨਾਗਪਾਲ ਅਤੇ ਦੀਪਕ ਨਾਗਪਾਲ ਵੱਲੋਂ ਪ੍ਰਸ਼ਾਸਨ ਤੋਂ ਮੰਗ ਕੀਤੀ ਗਈ ਕਿ ਅਣਪਛਾਤਿਆਂ ਦੀ ਭਾਲ ਕਰਕੇ ਜਲਦ ਤੋਂ ਜਲਦ ਗ੍ਰਿਫ਼ਤਾਰ ਕੀਤਾ ਜਾਵੇ। ਜਦੋਂ ਇਸ ਮਾਮਲੇ ਸਬੰਧੀ ਐੱਸਐੱਚਓ ਕੋਤਵਾਲੀ ਗੁਰਪ੍ਰੀਤ ਸਿੰਘ ਸਮਰਾਉਂ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਦੱਸਿਆ ਕਿ ਮਾਮਲੇ ਦੇ ਸਾਰੇ ਪਹਿਲੂਆਂ ਦੀ ਬਰੀਕੀ ਨਾਲ ਜਾਂਚ ਪੜਤਾਲ ਕੀਤੀ ਜਾ ਰਹੀ ਹੈ ਤੇ ਆਸ-ਪਾਸ ਦੇ ਸੀਸੀਟੀਵੀ ਕੈਮਰਿਆਂ ਨੂੰ ਖੰਗਾਲਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਦੋਸ਼ੀਆਂ ਨੂੰ ਜਲਦ ਤੋਂ ਜਲਦ ਸਲਾਖਾਂ ਪਿੱਛੇ ਨਜ਼ਰ ਆਉਣਗੇ।

ਹੈਰੋਇਨ ਤੇ ਕਾਰ ਸਮੇਤ 2 ਕਾਬੂ

ਡੀ.ਐਸ.ਪੀ. ਅੱਛਰੂ ਰਾਮ ਸ਼ਰਮਾ, ਬਰਾਮਦ ਕੀਤੀ ਗਈ ਕਾਰ ਨਾਲ ਮੁਲਜ਼ਮ ਤੇ ਨਾਲ ਖੜੇ ਐੱਸ.ਐੱਸ.ਓ. ਲੇਖ ਰਾਜ ਬੱਟੀ।

ਜਲਾਲਾਬਾਦ (ਜੀਤ ਕੁਮਾਰ)

ਐਸ ਐਸ ਪੀ ਮਨਜੀਤ ਸਿੰਘ ਢੇਸੀ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਜਲਾਲਾਬਾਦ ਦੇ ਡੀ.ਐਸ.ਪੀ. ਦੀ ਅਗਵਾਈ ਹੇਠ ਚੋਰੀ ਤੇ ਲੁੱਟਾਂ-ਖੋਹਾਂ ਦੀਆਂ ਵਾਰਦਾਤਾਂ ਨੂੰ ਅੰਜਾਮ ਦੇਣ ਵਾਲੇ ਸ਼ਰਾਰਤੀ ਅਨਸਰਾਂ ਦੇ ਖਿਲਾਫ਼ ਵਿੱਢੀ ਗਈ ਮੁਹਿੰਮ ਤਹਿਤ ਸੀ.ਆਈ.ਏ. ਸਟਾਫ਼ ਫ਼ਾਜ਼ਿਲਕਾ, ਸਪੈਸ਼ਲ ਸਟਾਫ਼ ਫ਼ਾਜ਼ਿਲਕਾ ਅਤੇ ਥਾਣਾ ਸਿਟੀ ਜਲਾਲਾਬਾਦ ਦੀਆਂ ਟੀਮਾਂ ਵੱਲੋਂ 2 ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਪਾਸੋਂ ਬੀਤੇ ਦਿਨੀਂ ਜਲਾਲਾਬਾਦ ਤੋਂ ਚੋਰੀ ਹੋਈ ਸਕੋਡਾ ਗੱਡੀ ਬਰਾਮਦ ਕਰਨ ਵਿੱਚ ਸਫ਼ਲਤਾ ਪ੍ਰਾਪਤ ਕੀਤੀ ਗਈ ਹੈ। ਪੁਲਸ ਨੇ ਇਨ੍ਹਾਂ ਵਿਅਕਤੀਆਂ ਪਾਸੋਂ ਗੱਡੀ ਸਮੇਤ 10 ਗ੍ਰਾਮ ਹੈਰੋਇਨ ਵੀ ਬਰਾਮਦ ਕੀਤੀ ਗਈ ਹੈ। ਡੀ.ਐਸ.ਪੀ. ਅੱਛਰੂ ਰਾਮ ਸ਼ਰਮਾ ਨੇ ਆਪਣੇ ਦਫ਼ਤਰ ਵਿੱਚ ਆਯੋਜਤ ਕਾਨਫਰੰਸ ਦੌਰਾਨ ਦੱਸਿਆ ਕਿ 7 ਜਨਵਰੀ ਨੂੰ ਥਾਣਾ ਸਿਟੀ ਜਲਾਲਾਬਾਦ ਏਰੀਏ ਵਿਚੋਂ ਰਜਿੰਦਰ ਕੁਮਾਰ ਪੁੱਤਰ ਕ੍ਰਿਸ਼ਨ ਲਾਲ ਵਾਸੀ ਮੱਛਰ ਕਲੋਨੀ ਜਲਾਲਾਬਾਦ ਕੋਲੋਂ ਇਕ ਸਕੋਡਾ ਕਾਰ ਨੰਬਰੀ ਪੀਬੀ 61-ਡੀ-8113 ਨੂੰ ਕੋਈ ਅਣਪਛਾਤੇ ਵਿਅਕਤੀ ਚੋਰੀ ਕਰਕੇ ਲੈ ਗਏ ਸੀ, ਜਿਸ 'ਤੇ ਥਾਣਾ ਸਿਟੀ ਜਲਾਲਾਬਾਦ ਵਿਖੇ ਮੁਕੱਦਮਾ ਨੰਬਰ ਨੂੰ 7 ਜਨਵਰੀ ਨੂੰ ਧਾਰਾ 379 ਆਈਪੀਸੀ ਤਹਿਤ ਦਰਜ ਕੀਤਾ ਗਿਆ ਸੀ। ਇਸ ਚੋਰੀ ਦੀ ਵਾਰਦਾਤ ਦਾ ਪਤਾ ਲਗਾਉਣ ਲਈ ਪੁਲਸ ਵੱਲੋਂ ਟੀਮਾਂ ਬਣਾਈਆਂ ਗਈਆਂ ਤੇ ਇਨ੍ਹਾਂ ਟੀਮਾਂ ਵੱਲੋਂ ਖੂਫੀਆ ਸੋਰਸਾਂ ਰਾਹੀ ਪਤਾ ਲਾਇਆ ਗਿਆ ਕਿ ਚੋਰੀ ਕਰਨ ਵਾਲੇ ਦੋਸ਼ੀ ਜਲਾਲਾਬਾਦ ਏਰੀਏ ਵਿਚੋਂ ਚੋਰੀ ਹੋਈ ਕਾਰ ਮਾਰਕਾ ਸਕੋਡਾ ਸਮੇਤ ਘੁੰਮ ਰਹੇ ਹਨ, ਜਿਸ 'ਤੇ ਪੁਲਸ ਵੱਲੋਂ ਫ਼ਿਰੋਜ਼ਪੁਰ ਫ਼ਾਜ਼ਿਲਕਾ ਰੋਡ 'ਤੇ ਤਿਕੋਣੀ ਬਸਤੀ ਸੁੱਕੜ ਚੱਕ ਜਲਾਲਾਬਾਦ ਨਾਕਾਬੰਦੀ ਕੀਤੀ ਗਈ ਤੇ ਕਾਰਵਾਈ ਕਰਦੇ ਹੋਏ ਪੁਲਸ ਪਾਰਟੀਆਂ ਵੱਲੋਂ ਸੁਨੀਲ ਕੁਮਾਰ ਉਰਫ਼ ਉਮੇਦ ਪੁੱਤਰ ਮੋਤੀ ਸਿੰਘ ਵਾਸੀ ਪਿੰਡ ਅਮਰਪੁਰਾ ਤਹਿਸੀਲ ਅਬੋਹਰ ਅਤੇ ਰੋਬਿਨ ਬਿਸ਼ਨੋਈ ਪੁੱਤਰ ਸੋਹਨ ਸਿਆਗ ਵਾਸੀ ਰਾਜਾ ਵਾਲੀ ਅਬੋਹਰ ਨੂੰ ਸਮੇਤ ਸਕੋਡਾ ਕਾਰ ਕਾਬੂ ਕੀਤਾ ਗਿਆ ਤੇ ਕਾਬੂ ਕੀਤੇ ਦੋਨਾਂ ਨੌਜਵਾਨਾਂ ਦੇ ਕਬਜ਼ੇ ਵਿਚੋਂ 10 ਗ੍ਰਾਮ ਹੈਰੋਇਨ ਵੀ ਬਰਾਮਦ ਕੀਤੀ ਗਈ ਹੈ, ਜਿਨ੍ਹਾਂ ਖਿਲਾਫ਼ ਮੁਕੱਦਮਾ ਨੰਬਰ 6 ਮਿਤੀ 16-01-2024 ਨੂੰ ਧਾਰਾ 21, 29/61/85 ਐਨ ਡੀ ਪੀ ਐਸ ਐਕਟ ਤਹਿਤ ਥਾਣਾ ਸਿਟੀ ਵਿਖੇ ਰਜਿਸਟਰ ਕੀਤਾ ਗਿਆ।

ਪੁਲਸ ਵੱਲੋਂ ਇਨ੍ਹਾਂ ਵਿਅਕਤੀਆਂ ਪਾਸੋ ਕੀਤੀ ਗਈ ਪੁੱਛਗਿੱਛ ਕਰਨ 'ਤੇ ਪਤਾ ਚੱਲਾ ਕਿ ਸੁਨੀਲ ਕੁਮਾਰ ਉਰਫ ਉਮੇਦ ਦੇ ਖਿਲਾਫ਼ ਇਸਦੇ ਪਹਿਲਾਂ ਥਾਣਾ ਬਹਾਵ ਵਾਲਾ ਵਿੱਚ 8 ਮੁਕੱਦਮੇ, ਥਾਣਾ ਸਦਰ ਅਬੋਹਰ ਵਿੱਚ 1 ਅਤੇ ਥਾਣਾ ਅਰਨੀਵਾਲਾ ਵਿਖੇ ਇਕ ਮੁਕੱਦਮਾ ਦਰਜ ਹੈ। ਇਹ ਮੁਕੱਦਮੇ ਐਨ.ਡੀ.ਪੀ.ਐਸ. ਐਕਟ, ਆਬਕਾਰੀ ਤੇ ਲੜਾਈ ਕਰਨ ਦਰਜ ਹਨ। ਡੀ.ਐਸ.ਪੀ. ਨੇ ਅੱਗੇ ਦੱਸਿਆ ਕਿ ਇਨ੍ਹਾਂ ਕਾਬੂ ਕੀਤੇ ਵਿਅਕਤੀਆਂ ਨੂੰ ਮਾਨਯੋਗ ਅਦਾਲਤ ਵਿਚ ਪੇਸ਼ ਕਰਕੇ ਪੁਲਸ ਰਿਮਾਂਡ ਲਿਆ ਜਾਵੇਗਾ ਤਾਂ ਜੁ ਹੋਰ ਪੁੱਛਗਿੱਛ ਕੀਤੀ ਜਾ ਸਕੇ।

ਪ੍ਰੈਸ ਕਾਨਫਰੰਸ ਦੌਰਾਨ ਡੀ.ਐਸ.ਪੀ. ਅੱਛਰੂ ਰਾਮ ਸ਼ਰਮਾ, ਥਾਣਾ ਸਿਟੀ ਦੇ ਐਸ.ਐਚ.ਓ. ਲੇਖ ਰਾਜ ਬੱਟੀ, ਸੀ.ਆਈ.ਏ. ਸਟਾਫ ਫ਼ਾਜ਼ਿਲਕਾ ਦੇ ਇੰਚਾਰਜ ਅਮਰਿੰਦਰ ਸਿੰਘ ਮੌਜੂਦ ਸਨ।

ਕਾਤਰਾਂ

ਰਿਟਾਇਰਡ ਕਰਮਚਾਰੀ ਸੰਘ ਦਾ ਪ੍ਰਦਰਸ਼ਨ ਅੱਜ

ਸਿਰਸਾ (ਸੁਰਿੰਦਰ ਪਾਲ ਸਿੰਘ)-ਰਿਟਾਇਰਡ ਕ੍ਰਮਚਾਰੀ ਸੰਘ ਦੇ ਆਗੂ ਰਵੀ ਕੁਮਾਰ ਨੇ ਕਿਹਾ ਕਿ ਸੂਬਾ ਕਮੇਟੀ ਦੇ ਫੈਸਲੇ ਅਨੁਸਾਰ ਆਪਣੀਆਂ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਦੇ ਮਸਲਿਆਂ ਪ੍ਰਤੀ ਸਰਕਾਰ ਦੀ ਅਣਗਹਿਲੀ ਦੇ ਵਿਰੋਧ ਵਿੱਚ ਰਿਟਾਇਰਡ ਕਰਮਚਾਰੀ ਸੰਘ ਵੱਲੋਂ ਆਪਣੀਆਂ 11 ਸੂਤਰੀ ਮੁੱਖ ਮੰਗਾਂ ਦੇ ਸਬੰਧ ਵਿਚ ਮੁੱਖ ਮੰਤਰੀ ਦੇ ਨਾਂਅ ਡੀ ਸੀ ਸਿਰਸਾ ਨੂੰ ਮੰਗ ਪੱਤਰ ਦਿੱਤਾ ਜਾਵੇਗਾ ਅਤੇ ਰੋਸ ਪ੍ਰਦਸ਼ਨ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਰਿਟਾਇਰ ਕਰਮਚਾਰੀਆਂ ਦੀਆਂ ਮੁੱਖ ਮੰਗਾਂ ਵਿਚ ਪੂਰਾਣੀ ਪੈਨਸ਼ਨ ਬਹਾਲ ਕਰਨਾ, ਕੱਚੇ ਮੁਲਾਜ਼ਮਾਂ ਨੂੰ ਰੈਗੂਲਰ ਕਰਨਾ, ਖਾਲੀ ਅਸਾਮੀਆਂ ਪੱਕੀ ਭਰਤੀ ਦੁਆਰਾ ਭਰਨੀਆਂ, ਨਿੱਜੀਕਰਨ ਤੇ ਪਾਬੰਦੀ, ਜ਼ੋਖ਼ਮ ਭੱਤਾ ਲਾਗੂ ਕਰਨਾ ਕੈਸ਼ਲੈੱਸ ਮੈਡੀਕਲ ਸਹੂਲਤ ਲਾਗੂ ਕਰਨਾ, ਜਮਹੂਰੀ ਹੱਕਾਂ ਦੀ ਰਾਖੀ ਅਤੇ ਰਿਟਾਇਰਮੈਂਟ ਤੋਂ ਬਾਅਦ ਬੇਸਿਕ ਪੇਅ ਵਧਾਉਣਾ ਆਦਿ ਮੰਗਾਂ ਸ਼ਾਮਲ ਹਨ। ਜ਼ਿਲ੍ਹਾ ਮੁਖੀਆਂ ਨੇ ਅਪੀਲ ਕੀਤੀ ਕਿ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਦੇ ਮਸਲਿਆਂ ਪ੍ਰਤੀ ਸਰਕਾਰ ਦੀ ਅਣਗਹਿਲੀ ਦੇ ਵਿਰੋਧ ਵਿੱਚ ਕ੍ਰਮਚਾਰੀ ਸੰਘ ਵਲੋ ਅਗਲੀ ਰਣਨੀਤੀ ਵੀ ਉਲੀਕ ਲਈ ਗਈ ਹੈ।

ਕੈਦੀ ਨੇ ਕੀਤੀ ਖੁਦਕੁਸ਼ੀ

ਸਿਰਸਾ (ਸੁਰਿੰਦਰ ਪਾਲ ਸਿੰਘ)-ਸਿਰਸਾ ਜੇਲ੍ਹ 'ਚ ਬੰਦ ਇੱਕ ਕੈਦੀ ਨੇ ਬਾਥਰੂਮ ਵਿੱਚ ਫਾਹਾ ਲੈ ਕੇ ਖੁਦਕੁਸ਼ੀ ਕਰ ਲਈ।ਜੇਲ੍ਹ ਪ੍ਰਸ਼ਾਸਨ ਵੱਲੋਂ ਇਸਦੀ ਸੂਚਨਾ ਹੁੱਡਾ ਚੌਕੀ ਪੁਲਸ ਨੂੰ ਦਿੱਤੀ ਗਈ। ਚੌਕੀ ਇੰਚਾਰਜ ਏਐਸਆਈ ਪ੍ਰਦੀਪ ਕੁਮਾਰ ਨੇ ਮੌਕੇ 'ਤੇ ਪਹੁੰਚ ਕੇ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਲਾਸ਼ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਪੁਚਾਇਆ। ਲਾਸ਼ ਦਾ ਪੋਸਟਮਾਰਟਮ ਡਿਊਟੀ ਮੈਜਿਸਟ੍ਰੇਟ ਦੀ ਨਿਗਰਾਨੀ ਹੇਠ ਡਾਕਟਰਾਂ ਦੇ ਬੋਰਡ ਵੱਲੋਂ ਕੀਤਾ ਗਿਆ। ਜਾਣਕਾਰੀ ਅਨੁਸਾਰ ਸਿਰਸਾ ਦੀ ਗੁਰੂ ਤੇਗ ਬਹਾਦਰ ਕਲੋਨੀ ਵਾਸੀ ਹਰੀਸ਼ ਦੀ ਪਤਨੀ ਨੇ ਇੱਕ ਮਹੀਨਾ ਪਹਿਲਾਂ ਖੁਦਕੁਸ਼ੀ ਕਰ ਲਈ ਸੀ।ਪੁਲਸ ਨੇ ਉਸਦੇ ਸਹੁਰੇ ਦੇ ਬਿਆਨਾਂ ਦੇ ਆਧਾਰ 'ਤੇ ਹਰੀਸ਼ ਖ਼ਿਲਾਫ਼ ਦਾਜ ਕਾਰਨ ਮੌਤ ਦਾ ਕੇਸ ਦਰਜ ਕਰਕੇ ਉਸ ਨੂੰ ਗ੍ਰਿਫ਼ਤਾਰ ਕਰ ਲਿਆ, ਜੋ ਸਿਰਸਾ ਜੇਲ੍ਹ ਦੀ ਬੈਰਕ ਨੰਬਰ 13 ਵਿੱਚ ਬੰਦ ਸੀ। ਜਾਣਕਾਰੀ ਅਨੁਸਾਰ ਹਰੀਸ਼ ਰਾਤ ਨੂੰ ਉਹ ਬਾਥਰੂਮ ਗਿਆ, ਆਪਣੀ ਬੁਨੈਣ ਪਾੜਕੇ ਉਸ ਤੋਂ ਰੱਸੀ ਬਣਾ ਕੇ ਬਾਥਰੂਮ 'ਚ ਫਾਹਾ ਲੈ ਲਿਆ। ਰਾਤ ਨੂੰ ਜਦੋਂ ਇਕ ਕੈਦੀ ਬਾਥਰੂਮ ਗਿਆ ਤਾਂ ਉਸ ਨੇ ਹਰੀਸ਼ ਨੂੰ ਲਟਕਦੇ ਦੇਖਿਆ ਤਾਂ ਅਲਾਰਮ ਵੱਜਿਆ।ਇਸ ਤੋਂ ਬਾਅਦ ਜੇਲ੍ਹ ਅਧਿਕਾਰੀ ਬੈਰਕ ਪਹੁੰਚੇ ਅਤੇ ਘਟਨਾ ਦੀ ਸੂਚਨਾ ਪੁਲਿਸ ਨੂੰ ਦਿੱਤੀ। ਪੁਲਸ ਪਰਵਾਰਕ ਮੈਂਬਰਾਂ ਦੇ ਬਿਆਨ ਦਰਜ ਕਰਕੇ ਅਗਲੀ ਕਾਰਵਾਈ ਕਰੇਗੀ।

ਹਨੀ ਫੱਤਣਵਾਲਾ ਨੇ ਨੰਬਰਦਾਰ ਪਰਵਾਰ ਨਾਲ ਕੀਤਾ ਦੁੱਖ ਸਾਂਝਾ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਪਿੰਡ ਨੂਰਪੁਰ ਕ੍ਰਿਪਾਲਕੇ ਦੀ ਵਾਸੀ ਸੁਖਵਿੰਦਰ ਕੌਰ (65) ਜਿਨ੍ਹਾਂ ਦਾ ਅਚਾਨਕ ਦਿਹਾਂਤ ਹੋ ਗਿਆ ਸੀ। ਉਨ੍ਹਾਂ ਦੀ ਮੌਤ ਹੋਣ 'ਤੇ ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਜਗਜੀਤ ਸਿੰਘ ਬਰਾੜ ਹਨੀ ਫੱਤਣਵਾਲਾ ਨੇ ਪਿੰਡ ਨੂਰਪੁਰ ਕ੍ਰਿਪਾਲਕੇ ਨੰਬਰਦਾਰ ਪਰਵਾਰ ਨਾਲ ਦੁੱਖ ਸਾਂਝਾ ਕੀਤਾ। ਹਨੀ ਫੱਤਣਵਾਲਾ ਨੇ ਸੁਖਵਿੰਦਰ ਕੌਰ ਦੇ ਪਤੀ ਜਗਸੀਰ ਸਿੰਘ ਨੰਬਰਦਾਰ ਤੇ ਦੋ ਪੁੱਤਰ ਮੰਟੂ ਸਿੱਧੂ ਤੇ ਵਿੱਕੀ ਸਿੱਧੂ ਨਾਲ ਅਫ਼ਸੋਸ ਪ੍ਰਗਟ ਕਰਦਿਆਂ ਕਿਹਾ ਕਿ ਪਰਵਾਰ ਨੂੰ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਉਨ੍ਹਾਂ ਕਿਹਾ ਕਿ ਨੰਬਰਦਾਰ ਪਰਵਾਰ ਮੇਰਾ ਆਪਣਾ ਪਰਿਵਾਰ ਹੈ। ਇਸ ਮੌਕੇ ਸੁਖਪਾਲ ਸਿੰਘ, ਬਲਵੰਤ ਸਿੰਘ , ਜਤਿੰਦਰ ਸਿੰਘ, ਪ੍ਰਦੀਪ ਸਿੰਘ, ਦਿਲਬਾਗ ਸਿੰਘ ਗਿੱਲ, ਨਵਦੀਪ ਸਿੰਘ, ਜਗਜੀਤ ਸਿੰਘ ਸਿੱਧੂ, ਮੁਖਤਿਆਰ ਸਿੰਘ ਤੇ ਹੋਰ

page-6-19-Jan.-2024-(SM).qxd 1/18/2024 10:36 PM Page 1

ਡੇਰਾ ਬਾਬਾ ਨਾਨਕ ਵਿਖੇ ਧਾਰਮਿਕ ਸਮਾਗਮ 22 ਨੂੰ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)- 22 ਜਨਵਰੀ ਨੂੰ ਅਯੁੱਧਿਆ ਰਾਮ ਮੰਦਰ ਦੇ ਸ਼ੁੱਭ ਮਹੂਰਤ ਮੌਕੇ ਡੇਰਾ ਬਾਬਾ ਨਾਨਕ ਵਿਖੇ ਵੀ ਇੱਕ ਧਾਰਮਿਕ ਸਮਾਗਮ ਹੋਵੇਗਾ। ਇਸ ਸਮਾਗਮ ਸਬੰਧੀ ਤਿਆਰੀਆਂ ਜ਼ੋਰਾਂ ਸ਼ੋਰਾਂ ਨਾਲ ਚੱਲ ਰਹੀਆਂ ਹਨ । ਇਹ ਜਾਣਕਾਰੀ ਪੱਤਰਕਾਰਾਂ ਨੂੰ ਸਨਾਤਨ ਸਮਾਜ ਸੇਵਾ ਮੰਡਲੀ ਡੇਰਾ ਬਾਬਾ ਨਾਨਕ ਦੇ ਮੈਂਬਰ ਸੂਰਜ ਕੁਮਾਰ ਨਈਅਰ, ਸੁਮਿਤ ਕੁਮਾਰ ਅੰਰੀ, ਰਮੇਸ਼ ਚੰਦਰ ਅਵਸਥੀ, ਨਰੇਸ਼ ਕੁਮਾਰ ਸੇਠੀ, ਸੰਜੀਵ ਸਰਨਾ, ਵਿੱਛੂ ਗੈਦ ਨੇ ਸਾਂਝੇ ਤੌਰ 'ਤੇ ਦਿੱਤੀ । ਉਨ੍ਹਾਂ ਦੱਸਿਆਂ ਕਿ 22 ਜਨਵਰੀ ਨੂੰ ਡੇਰਾ ਬਾਬਾ ਨਾਨਕ ਦੇ ਪੁਰਾਣਾ ਬੱਸ ਅੱਡਾ ਮਹਾਰਾਜਾ ਰਣਜੀਤ ਸਿੰਘ ਚੌਕ ਵਿਖੇ ਅਯੁੱਧਿਆ ਰਾਮ ਮੰਦਰ ਦੇ ਸ਼ੁੱਭ ਮਹੂਰਤ ਦੇ ਸਬੰਧ ਵਿੱਚ ਸਮੂਹ ਇਲਾਕੇ ਦੀ ਸੰਗਤ ਦੇ ਸਹਿਯੋਗ ਨਾਲ ਇੱਕ ਵਿਸ਼ਾਲ ਧਾਰਮਿਕ ਕਰਵਾਇਆ ਜਾਵੇਗਾ । ਇਸ ਸਥਾਨ 'ਤੇ ਪ੍ਰਭੂ ਸ੍ਰੀ ਰਾਮ ਦਾ ਸੁੰਦਰ ਭਵਨ ਬਣਾਇਆ ਜਾਵੇਗਾ ਉਪਰੰਤ ਪੰਡਿਤ ਸੱਤ ਪ੍ਰਕਾਸ਼ ਵੱਲੋਂ 9 ਵਜੇ ਸੁੰਦਰ ਕਾਂਡ ਦੇ ਪਾਠ, 10 ਵਜੇ ਪੰਡਿਤ ਬੂਵਨ ਸ਼ਾਸਤਰੀ ਵੱਲੋਂ ਹਵਨ, 11 ਵਜੇ ਤੋਂ 1.30 ਦੁਪਹਿਰ ਤੱਕ ਵੱਡੀ ਐਲ ਈ ਡੀ ਲਗਾ ਕੇ ਸਮੂਹ ਸੰਗਤ ਨੂੰ ਅਯੁੱਧਿਆਂ ਵਿਖੇ ਹੋ ਰਹੇ ਸਮਾਗਮ ਦਾ ਸਿੱਧਾ ਪ੍ਰਸਾਰਨ ਦਿਖਾਇਆ ਜਾਵੇਗਾ । ਇਸ ਮੌਕੇ ਪੰਜਾਬ ਦੇ ਮਸ਼ਹੂਰ ਬਾਲ ਗਾਇਕ ਰੋਹਿਤ ਰਾਜਾ, ਆਸ਼ਰਮ ਸ਼ਹਿਜ਼ਾਦਾ ਦੇ ਸੇਵਕਾਂ ਸਮੇਤ ਵੱਖ- ਵੱਖ ਕੀਰਤਨ ਮੰਡਲੀਆਂ ਵੱਲੋਂ ਰਾਮ ਜੀ ਦੀ ਲੀਲ੍ਹਾ ਦਾ ਗੁਣਗਾਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਜਾਵੇਗਾ । ਇਸ ਮੌਕੇ ਅਤੁੱਟ ਲੰਗਰ ਭੰਡਾਰਾ ਵੀ ਵਰਤਾਇਆ ਜਾਵੇਗਾ । ਇਸ ਮੌਕੇ ਸ਼ਾਮ ਮਹਾਜਨ, ਸ਼ਾਮ ਅਵਸਥੀ, ਸ਼ਾਮ ਗੈਦ, ਬੱਬਲਾ ਸ਼ਰਮਾ, ਰਜਤ ਮਰਵਾਹਾ, ਰਾਜਨ ਡੋਗਰਾ ਆਦਿ ਹਾਜ਼ਰ ਸਨ ।

ਭਿਖਾਰੀਆਂ ਦੇ ਮੁੜ ਵਸੇਬੇ ਲਈ ਸਮਾਈਲ ਬੈਗਰੀ ਸਕੀਮ : ਮੋਦੀ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਸ੍ਰੀ ਵਿਵੇਕ ਕੁਮਾਰ ਮੋਦੀ ਸਹਾਇਕ ਕਮਿਸ਼ਨਰ ਅੰਮ੍ਰਿਤਸਰ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਭਿਖਾਰੀਆਂ ਦੇ ਮੁੜ ਵਸੇਬੇ ਲਈ ਸਮਾਈਲ ਬੈਗਰੀ ਸਕੀਮ ਤਹਿਤ ਮੀਟਿੰਗ ਕੀਤੀ ਗਈ ਜਿਸ ਵਿੱਚ ਪੁਲਸ ਵਿਭਾਗ ਹੈਲਥ ਵਿਭਾਗ ਮਿਊਂਸਪਲ ਕਾਰਪੋਰੇਸ਼ਨ ਸਿੱਖਿਆ ਵਿਭਾਗ ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਸ਼ਾਮਲ ਸਨ। ਇਸ ਸਕੀਮ ਨੂੰ ਚਲਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਅੰਮ੍ਰਿਤਸਰ ਨੂੰ ਭਾਰਤ ਸਰਕਾਰ ਦੇ ਸਮਾਜਿਕ ਨਿਆਂ ਅਤੇ ਸਸ਼ਕਤੀਕਰਨ ਮੰਤਰਾਲੇ ਤੋਂ ਗਰਾਂਟ ਪ੍ਰਾਪਤ ਹੋਈ ਹੈ। ਉਨ੍ਹਾਂ ਨੇ ਦੱਸਿਆ ਕਿ ਭਿਖਾਰੀਆਂ ਦੇ ਮੁੜ ਵਸੇਬੇ ਦੇ ਪ੍ਰੋਗਰਾਮ ਨੂੰ ਤਿੰਨ ਪੜਾਵਾਂ ਵਿੱਚ ਆਰੰਭਿਆ ਜਾਵੇਗਾ। ਪਹਿਲੇ ਪੜਾਅ ਵਿੱਚ ਤਿੰਨ ਟੀਮਾਂ ਦਾ ਗਠਨ ਕਰਕੇ ਸ਼ਹਿਰ ਦੇ 15 ਥਾਵਾਂ 'ਤੇ ਭਿਖਾਰੀਆਂ ਦਾ ਸਰਵੇਖਣ ਕੀਤਾ ਜਾਵੇਗਾ। ਦੂਸਰੇ ਪੜਾਅ ਵਿੱਚ ਭਿਖਾਰੀਆਂ ਨੂੰ ਮੋਬਿਲਾਈਜ਼ ਕਰਕੇ ਉਨ੍ਹਾਂ ਨੂੰ ਮਿਊਂਸਪਲ ਕਾਰਪੋਰੇਸ਼ਨ ਅੰਮ੍ਰਿਤਸਰ ਦੁਆਰਾ ਗੋਲ ਬਾਗ ਵਿਖੇ ਚਲਾਏ ਜਾ ਰਹੇ ਸ਼ੈਲਟਰ ਹੋਮ ਵਿਖੇ ਭੇਜਿਆ ਜਾਵੇਗਾ। ਜਿੱਥੇ ਉਨਾਂ ਦੇ ਰਹਿਣ ਸਹਿਣ ਦੀਆਂ ਮੁਢਲੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ, ਤੀਸਰੇ ਪੜਾਅ ਵਿੱਚ ਬੈਗਰਜ਼ ਦਾ ਪੁਨਰਵਾਸ ਕੀਤਾ ਜਾਵੇਗਾ। ਉਨ੍ਹਾਂ ਨੇ ਦੱਸਿਆ ਕਿ ਜੇਕਰ ਕੋਈ ਭਿਖਾਰੀ ਨੂੰ ਸਕਿੱਲ ਦੀ ਟ੍ਰੇਨਿੰਗ ਦੀ ਜਰੂਰਤ ਹੋਵੇਗੀ ਉਹ ਵੀ ਦਿੱਤੀ ਜਾਵੇਗੀ ਅਤੇ ਬਜ਼ੁਰਗ ਭਿਖਾਰੀਆਂ ਨੂੰ ਬਿਰਧ ਘਰ ਵਿਖੇ ਭੇਜਿਆ ਜਾਵੇਗਾ। ਇਸ ਮੀਟਿੰਗ ਵਿੱਚ ਅਸੀਸ ਇੰਦਰ ਸਿੰਘ ਸਕੱਤਰ ਰੈਡ ਕਰਾਸ ਅੰਮ੍ਰਿਤਸਰ ਵੀ ਮੌਜੂਦ ਸਨ।

ਸ਼ਕਤੀ ਪੰਪ ਨੇ ਅਯੁੱਧਿਆ 'ਚ ਓਪਨ ਵੇਲ ਪੰਪ ਲਗਾਏ

ਚੰਡੀਗੜ੍ਹ : ਪੰਪਿੰਗ ਉਦਯੋਗ ਦੇ ਮੋਹਰੀ ਬ੍ਰਾਂਡ ਸ਼ਕਤੀ ਪੰਪ ਨੂੰ ਦੇਸ਼ ਅਤੇ ਦੁਨੀਆ 'ਚ ਪਵਿੱਤਰ ਸ਼ਹਿਰ ਅਯੁੱਧਿਆ ''ਚ ਓਪਨ ਵੇਲ ਪੰਪ ਲਗਾਉਣ ਦਾ ਮੌਕਾ ਮਿਲਿਆ ਹੈ। ਰਾਮ ਕੀ ਪੈੜੀ ਦੇ ਪਵਿੱਤਰ ਸਥਾਨ 'ਤੇ ਸਥਾਪਤ 10 ਓਪਨ ਵੇਲ ਪੰਪ, ਟਿਕਾਊ ਅਤੇ ਉੱਚ ਪ੍ਰਦਰਸ਼ਨ, ਅਯੁੱਧਿਆ ਦੀਆਂ ਪਾਣੀ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਵਿੱਚ ਮਹੱਤਵਪੂਰਨ ਯੋਗਦਾਨ ਪਾਉਣ ਲਈ ਤਿਆਰ ਹਨ। ਆਪਣੀ ਮਜ਼ਬੂਤੀ ਅਤੇ ਕੁਸ਼ਲਤਾ ਲਈ ਜਾਣੇ ਜਾਂਦੇ ਸ਼ਕਤੀ ਪੰਪ ਦੇ ਓਪਨ ਵੇਲ ਵਾਲੇ ਯੂਨਿਟ ਵੱਖ-ਵੱਖ ਸਥਿਤੀਆਂ ਵਿੱਚ ਭਰੋਸੇਯੋਗ ਹੱਲ ਪ੍ਰਦਾਨ ਕਰਨ ਲਈ ਕੰਪਨੀ ਦੀ ਵਚਨਬੱਧਤਾ ਦਾ ਪ੍ਰਮਾਣ ਹਨ। ਅਯੁੱਧਿਆ ਵਿੱਚ ਇਨ੍ਹਾਂ ਪੰਪਾਂ ਦੀ ਚੋਣ ਮਹੱਤਵਪੂਰਨ ਸੱਭਿਆਚਾਰਕ ਅਤੇ ਧਾਰਮਿਕ ਕੇਂਦਰਾਂ ਵਿੱਚ ਬੁਨਿਆਦੀ ਢਾਂਚੇ ਦੇ ਵਿਕਾਸ ਵਿੱਚ ਸਹਾਇਤਾ ਕਰਨ ਲਈ ਕੰਪਨੀ ਦੇ ਸਮਰਪਣ ਦੇ ਅਨੁਸਾਰ ਹੈ। ਸ਼ਕਤੀ ਪੰਪ ਇੰਡੀਆ ਲਿਮਟਿਡ ਦੇ ਚੇਅਰਮੈਨ ਦਿਨੇਸ਼ ਪਾਟੀਦਾਰ ਨੇ ਆਪਣਾ ਉਤਸ਼ਾਹ ਜ਼ਾਹਰ ਕਰਦੇ ਹੋਏ ਕਿਹਾ ਕਿ ਸ਼ਕਤੀ ਪੰਪਾਂ ਦੀ ਸਥਾਪਨਾ ਅਯੁੱਧਿਆ ਦੀਆਂ ਪਾਣੀ ਦੀਆਂ ਲੋੜਾਂ ਦੇ ਭਰੋਸੇਮੰਦ ਅਤੇ ਕੁਸ਼ਲ ਹੱਲ ਪ੍ਰਦਾਨ ਕਰਨ ਦੀ ਸਾਡੀ ਵਚਨਬੱਧਤਾ ਦਾ ਪ੍ਰਤੀਕ ਹੈ।

ਵੀ ਐਲ ਸੀ ਸੀ ਨੇ ਦੋਹਰੇ ਲਾਭ ਵਾਲੇ ਫੇਸਵਾਸ਼ ਸੀਰਮ ਦੀ ਰੇਂਜ ਕੀਤੀ ਲਾਂਚ

ਚੰਡੀਗੜ੍ਹ / ਲੁਧਿਆਣਾ : ਵੀ ਐਲ ਸੀ ਸੀ ਸੁੰਦਰਤਾ ਅਤੇ ਤੰਦਰੁਸਤੀ ਉਦਯੋਗ ਵਿੱਚ ਮੋਹਰੀ ਅਤੇ ਭਾਰਤ ਦੇ ਚਿਹਰੇ ਦੇ ਮਾਹਰ ਨੇ ਸੈਲੀਸਿਲਿਕ ਐਸਿਡ ਸੀਰਮ, ਵਿਟਾਮਿਨ ਸੀ ਸੀਰਮ ਅਤੇ ਹਾਈਲੂਰੋਨਿਕ ਐਸਿਡ ਸੀਰਮ ਨਾਲ ਸੰਚਾਲਿਤ 8 ਵਿਲੱਖਣ ਰੂਪਾਂ ਦੇ ਨਾਲ ਭਾਰਤ ਦੀ ਪਹਿਲੀ ਸੀਰਮ ਫੇਸਵਾਸ਼ ਰੇਂਜ ਪੇਸ਼ ਕੀਤੀ ਹੈ। ਫੇਸਵਾਸ਼ ਦੇ ਅੰਦਰ ਇਨਫਿਊਜ਼ ਕੀਤੇ ਗਏ ਇਨ੍ਹਾਂ ਸੀਰਮ ਦੀ ਸ਼ਕਤੀ ਨਾਲ, ਇਹ ਲਾਭਾਂ ਨਾਲ ਸਮਝੌਤਾ ਕੀਤੇ ਬਿਨਾਂ ਅਤੇ ਸਮੇਂ, ਪੈਸੇ ਅਤੇ ਮਿਹਨਤ ਦੀ ਬੱਚਤ ਕੀਤੇ ਬਿਨਾਂ ਇੱਕ ਵੱਖਰੇ ਸੀਰਮ ਐਪਲੀਕੇਸ਼ਨ ਦੀ ਜ਼ਰੂਰਤ ਨੂੰ ਬਦਲ ਦਿੰਦਾ ਹੈ। ਵੀ ਐਲ ਸੀ ਸੀ ਗਰੁੱਪ ਦੇ ਸੀ ਈ ਓ ਵਿਕਾਸ ਗੁਪਤਾ ਨਵੀਂ ਰੇਂਜ ਦੀ ਸ਼ੁਰੂਆਤ 'ਤੇ ਬੋਲਦੇ ਹੋਏ ਕਿਹਾ, "ਨਵੀਨਤਾ ਪ੍ਰਤੀ ਸਾਡੀ ਵਚਨਬੱਧਤਾ ਸਾਡੇ ਦੁਆਰਾ ਹਾਲ ਹੀ ਵਿੱਚ ਲਾਂਚ ਕੀਤੀ ਗਈ ਸ਼ਾਨਦਾਰ ਰੇਂਜ ਵਿੱਚ ਸਪੱਸ਼ਟ ਹੈ, ਜਿਸ ਦਾ ਉਦੇਸ਼ ਸਕਿਨਕੇਅਰ ਰੁਟੀਨ ਨੂੰ ਸਰਲ ਬਣਾਉਣਾ ਅਤੇ ਵਿਅਕਤੀਆਂ ਦੁਆਰਾ ਸਕਿਨਕੇਅਰ ਨੂੰ ਸਮਝਣ ਅਤੇ ਅਭਿਆਸ ਕਰਨ ਦੇ ਤਰੀਕੇ ਨੂੰ ਮੁੜ ਪਰਿਭਾਸ਼ਤ ਕਰਨਾ ਹੈ।

Court Notice

In the Court of
Sh. Tarunpreet Singh,
Judicial Magistrate-Ist Class, Ludhiana
COMA/31162/2019
CNR No. PBLD 03-046757
Next Date : 28-02-2024
Rajeev Kumar Sharma
Vs.
Sukirti

Publication Issued to : Sukirti W/o Sunil Kumar R/o H.No. 29, Op. Achar Factory, Bhagwan Dass Colony, Salem Tabri, Ludhiana.

In above titled case, the accused could not be served. It is ordered that accused should appear in person or through counsel on 28-02-2024 at 10.00 a.m.

For details logon to https://highcourtchd.gov.in/?trs=district_notice&district=Ludhiana.

Judicial Magistrate-Ist Class, Ludhiana
Dated, this day of 15-01-2024

COURT NOTICE

(U/o 5 Rule 20 CPC)
In the Court of
Ms. Supreet Kaur-I,
Civil Judge (Junior Division), Ludhiana
CNR No. PBLD02-014775-2023
Next Date : 19-02-2024
Amar Nath Jha vs. Moti Devi

Publication Issued to ; Asha Devi : D/o Jeev Nath Jha R/o St. No. 5, Jeevan Nagar, Focal Point, Ludhiana.

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 19-02-2024 at 10.00 a.m.

For details logon to https://highcourtchd.gov.in/?trs=district_notice&district=Ludhiana.

Civil Judge (Junior Division), Ludhiana.
Dated, this day of 10-01-2024

COURT NOTICE

In the Court of
Sh. Tarunpreet Singh,
Judicial Magistrate-1st Class, Ludhiana.
COMA/4689/2020
CNR No. PBLD 03-021226-2020
Next Date : 19-02-2024
Baljinder Singh vs. Paramjit Kumar

Publication Issued to : 1. Paramjit Kumar, Proprietor/Partner/Auth. Signatory, M/s Param Fruits, Shop No. 36 & 20, New Sabzi Mandi, Amloh Road, Khanna, Distt. Ludhiana Second Address : Kimti Nagar, New Model Town, Backside Sabzi Mandi, St. No. 12, Opp. Wadhwa Medical Store, Khanna, 2. M/s Param Fruits, Shop No. 36 & 20, New Sabzi Mandi, Amloh Road, Khanna, District Ludhiana though its Proprietor/Partner/Auth. Signator Sh. Paramjit Kumar.

In above titled case, the accused could not be served. It is ordered that accused should appear in person or through counsel on 19-02-2024 at 10.00 a.m.

For details logon to https://highcourtchd.gov.in/?trs=district_notice&district=Ludhiana.

Judicial Magistrate-1st Class, Ludhiana.
Dated, this day of 10-01-2024.

COURT NOTICE

(U/o 5 Rule 20 CPC)
In the Court of
Ms. Vibha Rana,
Civil Judge (Junior Division), Ludhiana
CNR No. PBLD 02-002641-2023
Next Date : 08-02-2024
M/S A V Metals Vs. M/s Shiv Shakti Aluminium
Suit for Recovery of Rs. 1,21,993/-

Publication Issued to : 1 M/s Shiv Shakot Aluminium through its Proprietor Amit Angra, 2. Amit Angra Proprietor of M/s Shiv Shakti Aluminium.

Both R/o Rahon Road, Near Kamal Palace, Nawan Shahr. Shaheed Bhagat Singh Nagar, Punjab.

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 08-02-2024 at 10.00 a.m.

For details logon to https://highcourtchd.gov.in/?trs=district_notice&district=Ludhiana.

Civil Juge (Junior Division) Ludhiana
Dated, this day of 16-01-2024

COURT NOTICE

(U/o 5 Rule 20 CPC)
In the Court of
Sh. Ajay Pal Singh,
Additional Civil Judge Senior Division, Faridkot
CNR No. PBFD 02-001075-2022
Next Date : 20-02-2024
Canara Bank vs. M/s S K Electronics & others
Suit for Recovery of Rs. 5,99,475

Publication Issued to : 1 M/s S K Electronics, Near Band Khu, Old Jail Road, Faridkot, through its sole Prop. Harmander Singh S/o Sadhu Singh, 2 Harmander Singh S/o Sadhu Singh, sole Prop of M/s S K Electronics, R/o Street No. 9, Bazzigar Basti, Faridkot.

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 20-02-2024 at 10.00 a.m.

For details logon to https://highcourtchd.gov.in/?trs=district_notice&district=Faridkot.

Additional Civil Judge Senior Division, Faridkot.
Dated, this day of 16-01-2024

ਨਗਰ ਕੌਂਸਲ ਕਰਤਾਰਪੁਰ (ਪਬਲਿਕ ਨੋਟਿਸ)

ਇਸ ਨੋਟਿਸ ਰਾਹੀਂ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਕਵਿਤਾ ਰਾਣੀ ਪਤਨੀ ਪਵਨ ਕੁਮਾਰ ਅੱਗਰਵਾਲ ਵਾ ਮੋਹਿਤ ਅੱਗਰਵਾਲ ਪੁੱਤਰ ਪਵਨ ਕੁਮਾਰ ਅੱਗਰਵਾਲ ਵਾਸੀ ਮਕਾਨ ਨੰਬਰ 2923 ਮੁਹੱਲਾ ਬਾਣੀਆ ਬਾਜ਼ਾਰ ਕਰਤਾਰਪੁਰ ਜ਼ਿਲ੍ਹਾ ਜਲੰਧਰ ਵੱਲੋਂ ਲਿਖਤੀ ਬੇਨਤੀ ਕੀਤੀ ਹੈ ਕਿ ਦੁਕਾਨ ਯੂ ਆਈ ਡੀ ਨੰਬਰ ਬੀ-07-0228 ਰਕਬਾ ਲੱਗਭੱਗ 1-1/2 ਮਰਲੇ ਵਾਕਿਆ ਬਾਣੀਆ ਬਾਜ਼ਾਰ ਕਰਤਾਰਪੁਰ ਸਾਡੇ ਪਿਤਾ/ਪਤੀ ਪਵਨ ਕੁਮਾਰ ਨੇ ਬੈਨਾਮਾ ਨੰਬਰ 738 ਮਿਤੀ 16-12-1999 ਅਨੁਸਾਰ ਖਰੀਦ ਕੀਤੀ ਹੈ ਅਤੇ ਦੁਕਾਨ ਯੂ ਆਈ ਡੀ ਨੰਬਰ ਬੀ -07-0091 ਰਕਬਾ ਲੱਗਭੱਗ 2-1/2 ਮਰਲੇ ਵਾਕਿਆ ਮੇਨ ਬਾਜ਼ਾਰ ਕਰਤਾਰਪੁਰ ਸਾਡੇ ਪਿਤਾ/ਪਤੀ ਪਵਨ ਕੁਮਾਰ ਨੇ ਖਰੀਦ ਕੀਤੀ ਹੈ ਅਤੇ ਦੁਕਾਨ ਯੂ ਆਈ ਡੀ ਨੰਬਰ 03-0144 ਰਕਬਾ ਲੱਗਭੱਗ 1 ਮਰਲੇ ਵਾਕਿਆ ਬਾਣੀਆਂ ਬਾਜ਼ਾਰ ਕਰਤਾਰਪੁਰ ਸਾਡੇ ਪਿਤਾ/ਪਤੀ ਪਵਨ ਕੁਮਾਰ ਦੀ ਮਲਕੀਤੀ ਹੈ।

ਕਵਿਤਾ ਰਾਣੀ ਪਤਨੀ ਪਵਨ ਕੁਮਾਰ ਅੱਗਰਵਾਲ ਵਾ ਮੋਹਿਤ ਅੱਗਰਵਾਲ ਪੁੱਤਰ ਪਵਨ ਕੁਮਾਰ ਅੱਗਰਵਾਲ ਨੇ ਹਲਫੀਆ ਬਿਆਨ ਪੱਤਰ ਦਿੱਤੇ ਹਨ ਕਿ ਉਪਰੋਕਤ ਤੋਂ ਇਲਾਵਾ ਇਸ ਪ੍ਰਾਪਰਟੀ ਦਾ ਹੋਰ ਕੋਈ ਵਾਰਸ ਨਹੀਂ ਹੈ। ਬਿਨੈਕਾਰਾਂ ਦੇ ਪਤੀ/ਪਿਤਾ ਦੀ ਮੌਤ ਮਿਤੀ 23-07-2023 ਨੂੰ ਹੋ ਚੁੱਕੀ ਹੈ। ਉਪਰੋਕਤ ਵਾਰਸਾਂ ਨੇ ਹਲਫੀਆ ਬਿਆਨ ਪੱਤਰ ਰਾਹੀਂ ਕਿਹਾ ਹੈ ਕਿ ਉਕਤ ਪ੍ਰਾਪਰਟੀ ਨਗਰ ਕੌਂਸਲ ਦੇ ਰਿਕਾਰਡ ਵਿੱਚ ਉਪਰੋਕਤ ਦਰਸਾਏ ਸਾਰੇ ਵਾਰਸਾਂ ਦੇ ਨਾਂਅ 'ਤੇ ਬਰਾਬਰ-ਬਰਾਬਰ ਕਰ ਦਿੱਤੀ ਜਾਵੇ ਤੇ ਨਗਰ ਕੌਂਸਲ ਦੇ ਰਿਕਾਰਡ ਵਿੱਚ ਟਰਾਂਸਫਰ ਕਰਨ ਲਈ ਕੌਂਸਲਰ ਤੇਜਪਾਲ ਸਿੰਘ ਨੇ ਵੀ ਸਵੈ-ਘੋਸ਼ਣਾ ਪੱਤਰ ਰਾਹੀਂ ਸਿਫਾਰਿਸ਼ ਕੀਤੀ ਹੈ। ਨਗਰ ਕੌਂਸਲ ਦੇ ਟੀ ਐੱਸ 1 ਰਿਕਾਰਡ ਵਿੱਚ ਇਹ ਪ੍ਰਾਪਰਟੀ ਪਵਨ ਕੁਮਾਰ ਪੁੱਤਰ ਹਰੀ ਕ੍ਰਿਸ਼ਨ ਦੇ ਨਾਂਅ 'ਤੇ ਦਰਜ ਹੈ।

ਹੁਣ ਇਨ੍ਹਾਂ ਉਪਰੋਕਤ ਪ੍ਰਾਪਰਟੀਆਂ ਦਾ ਇਦਰਾਜ਼ ਪ੍ਰਾਪਰਟੀ ਟੈਕਸ ਮੰਤਵ ਲਈ ਪਵਨ ਕੁਮਾਰ ਦੇ ਉਪਰੋਕਤ ਦਰਸਾਏ ਵਾਰਸਾਂ ਦੇ ਨਾਵਾਂ 'ਤੇ ਤਬਦੀਲ ਦਰਜ ਕੀਤਾ ਜਾਣਾ ਹੈ। ਇਸ ਸੰਬੰਧੀ ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਨੋਟਿਸ ਛਪਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਇਸ ਦਫਤਰ ਵਿੱਚ ਲਿਖਤੀ ਤੌਰ 'ਤੇ ਕਰ ਸਕਦਾ ਹੈ। ਇਸ ਤੋਂ ਬਾਅਦ ਵਿੱਚ ਆਏ ਕਿਸੇ ਵੀ ਇਤਰਾਜ਼ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ।

ਸਹੀ/-ਕਾਰਜ ਸਾਧਕ ਅਫਸਰ, ਨਗਰ ਕੌਂਸਲ, ਕਰਤਾਰਪੁਰ।

ਕੋਰਟ ਨੋਟਿਸ

ਬਾ-ਅਦਾਲਤ-ਸਤੀਸ਼ ਕੁਮਾਰ ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਪਹਿਲਾ, ਕਾਦੀਆਂ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ।

ਕੇਸ ਨੰਬਰ-09/ਐੱਨ ਟੀ , ਰਜੂਆ-15-2-2023, ਕਿਸਮ ਕੇਸ-ਤਕਸੀਮ

ਵਾਕਿਆ ਪਿੰਡ/ਹੱਦ ਬਸਤ ਨੰਬਰ-ਡੱਲਾ/168, ਤਾਰੀਖ ਪੇਸ਼ੀ -29-01-2024

ਅਨੁਵਾਨ-ਸ੍ਰੀ ਮੰਗਲ ਸਿਘ ਪੁੱਤਰ ਵੱਸਣ ਸਿਘ ਪੁੱਤਰ ਹੀਰਾ ਸਿਘ ਵਾਸੀ ਪਿੰਡ ਡੱਲਾ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ।

ਬਨਾਮ-1 ਸ੍ਰੀ ਵੱਸਣ ਸਿਘ ਪੁੱਤਰ ਹੀਰਾ ਸਿਘ ਰਾਹੀਂ ਵਾਰਸ ਜਸਬੀਰ ਕੌਰ ਪੁੱਤਰੀ ਵੱਸਣ ਸਿਘ ਪਤਨੀ ਹਰਬੰਸ ਸਿਘ ਵਾਸੀ ਪਿੰਡ ਮੰਡ ਜਸਬੀਰ ਕੌਰ ਪੁੱਤਰੀ ਵੱਸਣ ਸਿਘ ਪਤਨੀ ਮੱਖਣ ਸਿਘ ਵਾਸੀ ਪਿੰਡ ਬੱਲ ਪੁਰੀਆ, 2 ਮੱਖਣ ਸਿਘ ਪੁੱਤਰ ਹੀਰਾ ਸਿਘ ਰਾਹੀਂ ਵਾਰਸ ਸ੍ਰੀ ਸਤਨਾਮ ਸਿਘ ਪੁੱਤਰ ਮੱਖਣ ਸਿਘ, ਕੰਤੀ ਪੁੱਤਰੀ ਮੱਖਣ ਸਿਘ, ਮਨਦੀਪ ਸਿਘ ਪੁੱਤਰ ਰਾਮ ਸਿਘ, ਬਲਵਿੰਦਰ ਕੌਰ ਪਤਨੀ ਰਾਮ ਸਿਘ, ਬਾਬੂ ਪੁੱਤਰ ਬਲਰਾਜ ਸਿਘ, ਸਰਵਣ ਸਿਘ ਪੁੱਤਰ ਬਲਰਾਜ ਸਿਘ, ਹਰਜਿੰਦਰ ਕੌਰ ਪਤਨੀ ਬਲਰਾਜ ਸਿਘ, ਨਰਿੰਦਰ ਕੌਰ ਪਤਨੀ ਹਰਭਜਨ ਸਿਘ, ਹਰਜੀਤ ਸਿਘ ਪੁੱਤਰ ਸਾਹਿਬ ਸਿਘ ਕੰਨਵਲ ਸਿਘ ਪੁੱਤਰ ਸਾਹਿਬ ਸਿਘ, ਸੁਖਵਿੰਦਰ ਕੌਰ ਪਤਨੀ ਸਾਹਿਬ ਸਿਘ ਵਾਸੀਆਨ ਪਿੰਡ ਡੱਲਾ, 3 ਪ੍ਰਸਿੰਨੀ ਪੁੱਤਰੀ ਹੀਰਾ ਸਿਘ ਰਾਹੀਂ ਵਾਰਸ ਸਵਦੂਲ ਸਿਘ, ਸਰੂਪ ਸਿਘ ਪੁੱਤਰ ਪ੍ਰਸਿੰਨੀ ਵਾਸੀ ਮੀਆਂਵਿੰਡ ਅੰਮ੍ਰਿਤਸਰ, ਬੱਚੇ ਪੁੱਤਰੀ ਪ੍ਰਸਿੰਨੀ ਵਾਸੀ ਬੁੱਢਾ ਥੇਹ ਜ਼ਿਲ੍ਹਾ ਅੰਮ੍ਰਿਤਸਰ 4 ਤਰਲੋਕ ਸਿਘ ਪੁੱਤਰ ਚੰਨਣ ਸਿਘ, 5 ਦਲਬੀਰ ਸਿਘ ਪੁੱਤਰ ਸਾਧੂ ਸਿਘ ਰਾਹੀਂ ਵਾਰਸ ਮਨਜੀਤ ਸਿਘ, ਹਰਪਾਲ ਸਿਘ ਪੁੱਤਰਾਨ ਦਲਬੀਰ ਸਿਘ, ਪਰਮਜੀਤ ਕੌਰ, ਰਾਜਵਿੰਦਰ ਕੌਰ ਪੁੱਤਰੀਆਂ ਦਲਬੀਰ ਸਿਘ, 6 ਗੁਰਵੇਲ ਸਿਘ, 7 ਸੰਦੀਪ ਸਿਘ ਪੁੱਤਰਾਨ ਕਸ਼ਮੀਰ ਸਿਘ, 8 ਨਰਿਦਰ ਕੌਰ ਰਾਹੀਂ ਸੰਦੀਪ ਸਿਘ ਪੁੱਤਰ ਕਸ਼ਮੀਰ ਸਿਘ, ਗੁਰਵੇਲ ਸਿਘ ਪੁੱਤਰ ਕਸ਼ਮੀਰ ਸਿਘ ਵਾਸੀਆਨ ਪਿੰਡ ਡੱਲਾ, 9 ਬਲਜੀਤ ਕੌਰ ਪਤਨੀ ਨਰਿਦਰ ਸਿਘ, 10 ਸਿਕੰਦਰ ਸਿਘ ਪੁੱਤਰ ਦਲੀਪ ਸਿਘ, 11 ਮੰਗਲ ਸਿਘ ਪੁੱਤਰ ਹੀਰਾ ਸਿਘ, 12 ਤਰਸੇਮ ਸਿਘ ਪੁੱਤਰ ਜਗੀਰ

19-JAN-PAGE-7.qxd 1/18/2024 10:30 PM Page 1

ਦੁਕਾਨ ਦਾ ਜਿੰਦਰਾ ਤੋੜ ਕੇ ਮੋਬਾਇਲ ਚੋਰੀ ਕਰਨ ਦੇ ਦੋਸ਼ 'ਚ 2 ਵਿਅਕਤੀ ਕਾਬੂ, ਪਰਚਾ ਦਰਜ

ਮੋਬਾਇਲ ਫੋਨ ਚੋਰੀ ਕਰਨ ਵਾਲੇ ਵਿਅਕਤੀਆਂ ਦੀਆਂ ਤਸਵੀਰਾਂ ਸੀ ਸੀ ਟੀ ਵੀ ਕੈਮਰੇ 'ਚ ਤੇ ਦੁਕਾਨਦਾਰ ਚੋਰੀ ਹੋਣ ਬਾਰੇ ਜਾਣਕਾਰੀ ਦਿੰਦਾ।

ਜਲਾਲਾਬਾਦ (ਜੀਤ ਕੁਮਾਰ)

ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਵੱਲੋਂ ਬੀਤੇ ਦਿਨ ਰਾਤ ਸਥਾਨਕ ਬਾਹਮਣੀਵਾਲਾ ਬਜ਼ਾਰ ਦੇ ਨਜ਼ਦੀਕ ਦੁਕਾਨ ਅੰਦਰੋਂ 2 ਮੋਬਾਇਲ ਫੋਨ ਤੇ ਅਸੈਸਰੀ ਚੋਰੀ ਕਰਨ ਦੇ ਦੋਸ਼ ਵਿੱਚ 2 ਵਿਅਕਤੀਆਂ ਨੂੰ ਕਾਬੂ ਕੀਤਾ ਗਿਆ ਹੈ।

ਜਾਣਕਾਰੀ ਦੇ ਅਨੁਸਾਰ ਮੁਦੱਈ ਅਮਨਿੰਦਰ ਸਿੰਘ ਪੁੱਤਰ ਅਸ਼ੋਕ ਕੁਮਾਰ ਵਾਸੀ ਠਠੇਰਾ ਵਾਲਾ (ਥਾਣਾ ਅਮੀਰ ਖਾਸ) ਨੇ ਪੁਲਸ ਕੋਲ ਬਿਆਨ ਦਰਜ ਕਰਵਾਏ ਗਏ ਹਨ ਕਿ ਉਸ ਨੇ ਮੈਸ. ਸਾਂਝ ਟੇਲੀਵਰਡ ਦੇ ਨਾਂਅ 'ਤੇ ਮੋਬਾਇਲ ਫੋਨ ਦੀ ਦੁਕਾਨ ਭਾਈ ਸੰਤ ਸਿੰਘ ਗੁਰਦੁਆਰਾ ਦੇ ਨਜ਼ਦੀਕ ਬਾਹਮਣੀ ਬਜ਼ਾਰ ਜਲਾਲਾਬਾਦ ਸ਼ਹਿਰ ਵਿੱਚ ਬਣਾਈ ਹੋਈ ਹੈ। 16 ਤੇ 17 ਜਨਵਰੀ ਦੀ ਦਰਮਿਆਨੀ ਰਾਤ ਨੂੰ ਹਰਮੇਸ਼ ਸਿੰਘ ਉਰਫ਼ ਮੇਸ਼ੀ ਪੁੱਤਰ ਗੁਰਮੀਤ ਸਿੰਘ ਵਾਸੀ ਸੁਖੇਰਾ ਬੋਦਲਾ ਤੇ ਸਵਰਨ ਸਿੰਘ ਪੁੱਤਰ ਦੀਵਾਨ ਸਿੰਘ ਵਾਸੀ ਲਮੋਚੜ ਕਲਾਂ ਨੇ ਉਸਦੀ ਦੁਕਾਨ ਦਾ ਤਾਲਾ ਤੋੜ ਕੇ ਅੰਦਰੋਂ 2 ਮੋਬਾਇਲ ਫੋਨ ਅਤੇ ਅਸੈਸਰੀ ਚੋਰੀ ਕਰਕੇ ਲੈ ਗਏ ਹਨ, ਜਿਸ 'ਤੇ ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਵੱਲੋਂ ਮੁਦੱਈ ਅਮਨਿੰਦਰ ਸਿੰਘ ਦੇ ਬਿਆਨਾਂ ਦੇ ਅਧਾਰ ਤੇ ਹਰਮੇਸ਼ ਸਿੰਘ ਉਰਫ ਮੇਸ਼ੀ ਅਤੇ ਸਵਰਨ ਸਿੰਘ ਦੇ ਖਿਲਾਫ਼ ਧਾਰਾ 457 ਅਤੇ 380 ਆਈਪੀਸੀ ਤਹਿਤ ਮੁਕੱਦਮਾ ਦਰਜ ਕਰਨ ਉਪਰੰਤ ਇਨ੍ਹਾਂ ਦੋਵਾਂ ਨਾਮਜ਼ਦ ਵਿਅਕਤੀਆਂ ਨੂੰ ਕਾਬੂ ਕਰ ਲਿਆ ਗਿਆ ਹੈ।

ਉਧਰ ਦੁਕਾਨਦਾਰਾਂ ਦਾ ਦੋਸ਼ ਹੈ ਕਿ ਜਲਾਲਾਬਾਦ 'ਚ ਆਏ ਦਿਨ ਚੋਰੀ ਦੀਆਂ ਘਟਨਾਵਾਂ ਵਾਪਰ ਰਹੀਆਂ ਹਨ, ਜਿਸ ਕਾਰਨ ਦੁਕਾਨਦਾਰ ਪ੍ਰੇਸ਼ਾਨ ਹੋ ਚੁੱਕੇ ਹਨ। ਸਾਡੀ ਪੁਰਜ਼ੋਰ ਮੰਗ ਹੈ ਕਿ ਪੁਲਸ ਨਫ਼ਰੀ ਵਧਾਈ ਜਾਵੇ ਅਤੇ ਚੋਰੀ ਦੀਆਂ ਘਟਨਾਵਾਂ ਨੂੰ ਅੰਜ਼ਾਮ ਦੇਣ ਵਾਲੇ ਸਮਾਜ ਵਿਰੋਧੀ ਅਨਸਰਾਂ ਦੇ ਖਿਲਾਫ਼ ਸਖਤੀ ਨਾਲ ਨਿਪਟਿਆ ਜਾਵੇ ਤੇ ਕਾਨੂੰਨੀ ਕਾਰਵਾਈ ਕੀਤੀ ਜਾਵੇ।

ਡੀ ਏ ਵੀ 'ਚ ਮਨਾਇਆ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਦਿਹਾੜਾ

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)

ਡੀ ਏ ਵੀ ਪਬਲਿਕ ਸਕੂਲ ਵਿੱਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਦਿਹਾੜਾ ਬਹੁਤ ਹੀ ਸ਼ਰਧਾ ਨਾਲ ਮਨਾਇਆ ਗਿਆ। ਪ੍ਰਿੰਸੀਪਲ ਮੀਨਾ ਥਾਪਰ ਨੇ ਦੱਸਿਆ ਕਿ ਇਸ ਮੌਕੇ ਸਕੂਲ ਦੇ ਮਹਾਂਰਿਸ਼ੀ ਦਇਆਨੰਦ ਹਾਊਸ ਵੱਲੋਂ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ। ਸਮਾਗਮ ਦੀ ਸ਼ੁਰੂਆਤ ਸੰਗੀਤ ਅਧਿਆਪਕਾ ਪੂਜਾ ਗਿੱਲ ਵੱਲੋਂ ਗਾਏ ਸ਼ਬਦ ਗਾਇਨ ਤੋਂ ਕੀਤੀ ਗਈ। ਇਸ ਉਪਰੰਤ ਪੰਜਾਬੀ ਵਿਭਾਗ ਦੇ ਅਧਿਆਪਕਾਂ ਸਤਿੰਦਰ ਸਿੰਘ, ਰਣਜੀਤ ਕੌਰ ਤੇ ਮਨਪ੍ਰੀਤ ਕੌਰ ਦੀ ਦੇਖ-ਰੇਖ ਵਿੱਚ ਤਿਆਰ ਛੇਵੀਂ ਤੋਂ ਬਾਰ੍ਹਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਦੁਆਰਾ ਵੱਖ-ਵੱਖ ਗਤੀਵਿਧੀਆਂ ਜਿਵੇਂ ਧਾਰਮਿਕ ਗੀਤ, ਕਵਿਤਾਵਾਂ ਤੇ ਗੁਰੂ ਗੋਬਿੰਦ ਸਿੰਘ ਜੀ ਦੇ ਜੀਵਨ ਨਾਲ ਸਬੰਧਤ ਕਵੀਸ਼ਰੀਆਂ ਪੇਸ਼ ਕੀਤੀਆਂ ਗਈਆਂ। ਗਿਆਰ੍ਹਵੀਂ ਜਮਾਤ ਦੀ ਹਰਲੀਨ ਕੌਰ ਤੇ ਸੱਤਵੀਂ ਜਮਾਤ ਦੀ ਰਮਨਦੀਪ ਕੌਰ ਨੇ ਭਾਸ਼ਨ ਰਾਹੀਂ ਗੁਰੂ ਗੋਬਿੰਦ ਸਿੰਘ ਜੀ ਦੇ ਜੀਵਨ ਸਬੰਧੀ ਜਾਣਕਾਰੀ ਸਾਂਝੀ ਕੀਤੀ। ਪੰਜਾਬੀ ਵਿਭਾਗ ਦੇ ਅਧਿਆਪਕ ਧਰਮਿੰਦਰ ਸਿੰਘ ਸੰਧੂ ਵੱਲੋਂ ਮੰਚ ਸੰਚਾਲਕ ਦੀ ਭੂਮਿਕਾ ਨਿਭਾਈ ਗਈ ਤੇ ਗੁਰੂ ਸਾਹਿਬ ਜੀ ਦੇ ਜੀਵਨ ਬਾਰੇ, ਬਲਿਦਾਨ ਬਾਰੇ ਤੇ ਉਨ੍ਹਾਂ ਦੇ ਉਪਦੇਸ਼ਾਂ ਉੱਤੇ ਵਿਸ਼ੇਸ਼ ਚਾਨਣਾ ਪਾਇਆ ਗਿਆ। ਹਾਊਸ ਕੋਆਰਡੀਨੇਟਰ ਸੰਦੀਪ ਸ਼ਰਮਾਂ ਵੱਲੋਂ ਸੁਖਮਨੀ ਸੇਵਾ ਸੁਸਾਇਟੀ ਪਾਤੜਾਂ ਦੁਆਰਾ ਕਰਾਏ ਗੁਰਮਤਿ ਮੁਕਾਬਲਿਆਂ ਵਿੱਚੋਂ ਜੇਤੂ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਸਨਮਾਨਤ ਵੀ ਕੀਤਾ ਗਿਆ। ਪ੍ਰਿੰਸੀਪਲ ਮੀਨਾ ਥਾਪਰ ਨੇ ਸਭ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੁਆਰਾ ਦਿਖਾਏ ਮਾਰਗ ਉੱਤੇ ਚੱਲਣ ਦੀ ਪ੍ਰੇਰਨਾ ਦਿੱਤੀ।

ਸਟੇਟ ਐਵਾਰਡੀ ਪ੍ਰੋ. ਭੋਲਾ ਯਮਲਾ ਨੇ ਮਾਘੀ ਮੇਲੇ 'ਤੇ ਕੀਤਾ ਖ਼ੂਨ ਦਾਨ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)

ਬਲੱਡ ਸੇਵਾ ਵੈਲਫੇਅਰ ਸੁਸਾਇਟੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਹਰ ਸਾਲ ਦੀ ਤਰ੍ਹਾਂ ਇੱਕ ਵਿਸ਼ਾਲ ਖ਼ੂਨਦਾਨ ਕੈਂਪ ਨੇੜੇ ਗਣਪਤੀ ਟ੍ਰੇਡਰਜ਼ ਮਸੀਤ ਚੌਕ ਵਿਖੇ ਲਗਾਇਆ ਗਿਆ। ਕੈਂਪ ਵਿੱਚ ਮੁੱਖ ਤੌਰ 'ਤੇ ਆਮ ਆਦਮੀ ਪਾਰਟੀ ਦੇ ਮੌਜੂਦਾ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ, ਸਟੇਟ ਐਵਾਰਡੀ ਤੇ ਰਾਜ ਦਰਬਾਰੀ ਗਾਇਕ ਬਾਈ ਭੋਲਾ ਯਮਲਾ, ਚੀਫ਼ ਜੁਡੀਸ਼ੀਅਲ ਅਫ਼ਸਰ ਮੈਡਮ ਹਰਪ੍ਰੀਤ ਕੌਰ, ਟ੍ਰੈਫਿਕ ਵਿਭਾਗ ਦੇ ਸਬ ਇੰਸਪੈਕਟਰ ਮੈਡਮ ਰਵਿੰਦਰ ਕੌਰ ਉਚੇਚੇ ਤੌਰ 'ਤੇ ਪਹੁੰਚੇ।

ਵਰਨਣਯੋਗ ਹੈ ਕਿ ਕੈਂਪ ਦੌਰਾਨ ਬਾਈ ਭੋਲਾ ਯਮਲਾ ਬਤੌਰ ਵਿਸ਼ੇਸ਼ ਮਹਿਮਾਨ ਵਜੋਂ ਪਹੁੰਚੇ ਤੇ ਆਪ ਵੀ ਖ਼ੂਨ ਦਾਨ ਕੀਤਾ।ਆਪਣੇ ਸੰਬੋਧਨ ਦੌਰਾਨ ਬਾਈ ਭੋਲਾ ਯਮਲਾ ਨੇ ਕਿਹਾ ਕਿ ਸਾਨੂੰ ਲੋਕਾਂ ਨੂੰ ਖ਼ੂਨ ਦਾਨ ਕਰਨ ਦੀ ਪ੍ਰੇਰਣਾ ਦੇਣ ਦੇ ਨਾਲ ਨਾਲ ਖੁਦ ਨੂੰ ਵੀ ਖ਼ੂਨ ਦਾਨ ਕਰਨਾ ਚਾਹੀਦਾ ਹੈ, ਜਿਸ ਨਾਲ ਲੋਕ ਜ਼ਿਆਦਾ ਪ੍ਰੇਰਿਤ ਹੋ ਸਕਦੇ ਹਨ, ਜਿਸ ਕਰਕੇ ਉਨ੍ਹਾਂ ਆਪ ਵੀ ਖ਼ੂਨ ਦਾਨ ਕੀਤਾ ਹੈ। ਉਨ੍ਹਾ ਕਿਹਾ ਕਿ ਖ਼ੂਨ ਦਾਨ ਸਭ ਤੋਂ ਵੱਡਾ ਦਾਨ ਹੁੰਦਾ ਹੈ, ਜਿਸ ਨਾਲ ਕਿਸੇ ਦੀ ਜਾਨ ਬਚ ਸਕਦੀ ਹੈ। ਉਨ੍ਹਾ ਜਾਣਕਾਰੀ ਦਿੰਦਿਆਂ ਦੱਸਿਆ ਕਿ ਖ਼ੂਨ ਦਾਨ ਕਰਨ ਨਾਲ ਕਿਸੇ ਨੂੰ ਵੀ ਕਿਸੇ ਪ੍ਰਕਾਰ ਦੀ ਕੋਈ ਕਮੀ ਨਹੀਂ ਹੁੰਦੀ, ਬਲਕਿ 36 ਘੰਟਿਆਂ ਵਿੱਚ ਸਾਡੇ ਸਰੀਰ ਦਾ ਸਾਰਾ ਖ਼ੂਨ ਬਿਲਕੁਲ ਉਸੇ ਤਰ੍ਹਾਂ ਨਾਰਮਲ ਹੋ ਜਾਂਦਾ ਹੈ ਅਤੇ ਇਨਸਾਨ ਦਾ ਖ਼ੂਨ ਨਵਾਂ ਬਣਦਾ ਹੈ।ਇਸ ਮੌਕੇ ਸੁਸਾਇਟੀ ਦੇ ਪ੍ਰਧਾਨ ਸੁਖਰਾਜ ਬਰਾੜ, ਉੱਪ ਪ੍ਰਧਾਨ ਤੀਰਥ ਜਿੰਦਲ, ਜਨਰਲ ਸਕੱਤਰ ਸੰਜੀਵ ਜਿੰਦਲ, ਜੁਆਇੰਟ ਸਕੱਤਰ ਰਾਜੀਵ ਬਾਂਸਲ, ਖਜ਼ਾਨਚੀ ਜਿਤੇਸ਼ ਗਰਗ, ਪ੍ਰੈੱਸ ਸਕੱਤਰ ਜਸਵੀਰ ਸਿੰਘ ਪੰਨੂ, ਪਵਨ ਵਾਟਸ, ਕੁਲਵਿੰਦਰ ਸਿੰਘ ਸ਼ੌਕੀ, ਸ਼ੁਭਮ ਕਾਲੜਾ, ਲਵਿਸ਼ ਕਟਾਰੀਆ, ਅਤੁਲ ਗਰਗ, ਸੈਮ ਕੁਮਾਰ, ਅਸ਼ੀਸ਼ ਬਜਾਜ, ਚੇਤਨ ਕਬੂਰੀਆ, ਕਰਨ ਲੱਖੇਵਾਲੀ, ਪਵਨ ਬਾਂਸਲ ਤੇ ਸਮੂਹ ਮੈਂਬਰ ਮੌਜੂਦ ਸਨ।ਇਸ ਮੌਕੇ ਪ੍ਰਬੰਧਕਾਂ ਵੱਲੋਂ ਵਿਸ਼ੇਸ਼ ਮਹਿਮਾਨ ਪ੍ਰੋ. ਬਾਈ ਭੋਲਾ ਯਮਲਾ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।

ਕਾਤਰਾਂ

ਅਦਾਲਤੀ ਭਗੌੜਾ ਗ੍ਰਿਫ਼ਤਾਰ

ਜਲਾਲਾਬਾਦ (ਜੀਤ ਕੁਮਾਰ)-ਜ਼ਿਲ੍ਹਾ ਫਾਜ਼ਿਲਕਾ ਦੇ ਐਸ.ਐਸ.ਪੀ. ਮਨਜੀਤ ਸਿੰਘ ਢੇਸੀ ਅਤੇ ਅਤੇ ਡੀ.ਐਸ.ਪੀ. (ਡੀ.) ਸੁਖਵਿੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੀ.ਓ. ਸਟਾਫ ਫਾਜ਼ਿਲਕਾ ਵੱਲੋਂ ਮਾਨਯੋਗ ਅਦਾਲਤ ਵੱਲੋਂ ਐਲਾਨੇ ਹੋਏ ਭਗੌੜੇ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਇਸ ਬਾਰੇ ਪੀ.ਓ. ਸਟਾਫ ਦੇ ਇੰਚਾਰਜ ਏ.ਐਸ.ਆਈ. ਰਤਨ ਲਾਲ ਨੇ ਦੱਸਿਆ ਕਿ ਗਗਨਦੀਪ ਸਿੰਘ ਪੁੱਤਰ ਰਘਵੀਰ ਸਿੰਘ ਵਾਸੀ ਲੱਲਾ ਬਸਤੀ ਜਲਾਲਾਬਾਦ ਖਿਲਾਫ ਚੋਰੀਆਂ ਕਰਨ ਦੇ ਦੋਸ਼ ਤਹਿਤ ਥਾਣਾ ਸਿਟੀ ਜਲਾਲਾਬਾਦ ਵਿਖੇ ਮੁਕੱਦਮਾ ਨੰਬਰ 177 ਮਿਤੀ 27-12-2019 ਨੂੰ ਧਾਰਾ 379 ਅਤੇ 411 ਆਈ ਪੀ ਸੀ ਤਹਿਤ ਦਰਜ ਕੀਤਾ ਗਿਆ ਸੀ। ਇਸ ਨਾਮਜ਼ਦ ਵਿਅਕਤੀ ਨੂੰ ਮਾਨਯੋਗ ਅਦਾਲਤ ਵੱਲੋਂ 27-10-2023 ਨੂੰ ਪੀ ਓ 299 ਸੀ.ਆਰ.ਪੀ.ਸੀ.ਤਹਿਤ ਭਗੌੜਾ ਘੋਸ਼ਿਤ ਕੀਤਾ ਗਿਆ ਸੀ। ਅੱਜ ਪੀ ਓ ਸਟਾਫ ਵੱਲੋਂ ਇਸ ਭਗੌੜੇ ਵਿਅਕਤੀ ਨੂੰ ਗ੍ਰਿਫ਼ਤਾਰ ਕਰਕੇ ਅਗਲੀ ਕਾਰਵਾਈ ਲਈ ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਦੇ ਹਵਾਲੇ ਕਰ ਦਿੱਤਾ ਗਿਆ ਹੈ। ਇਸ ਮੌਕੇ ਪੀ ਓ ਸਟਾਫ ਦੇ ਇੰਚਾਰਜ ਏ.ਐਸ.ਆਈ. ਰਤਨ ਲਾਲ, ਏ.ਐਸ.ਆਈ. ਸਵਾਰ ਸਿੰਘ, ਏ.ਐਸ.ਆਈ. ਰਮੇਸ਼ ਕੁਮਾਰ, ਐਚ.ਸੀ. ਜਰਨੈਲ ਸਿੰਘ, ਜਸਵਿੰਦਰ ਸਿੰਘ, ਐਚ ਸੀ ਪ੍ਰੇਮ ਸਿੰਘ, ਸੁਨੀਤਾ ਰਾਣੀ, ਸੋਹਨ ਸਿੰਘ ਮੌਜੂਦ ਸਨ।

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ 'ਤੇ ਨਗਰ ਕੀਰਤਨ ਸਜਾਇਆ

ਧਰਮਕੋਟ (ਪੱਤਰਕਾਰ ਗੁਰਦੀਪ ਸਿੰਘ ਭੁੱਲਰ)-ਸਰਬੰਸਦਾਨੀ ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਗੁਰਦੁਆਰਾ ਸ੍ਰੀ ਸਿੰਘ ਸਭਾ ਧਰਮਕੋਟ ਤੋਂ ਇਲਾਕੇ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਨਗਰ ਕੀਰਤਨ ਸਜਾਇਆ ਗਿਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਲਕੀ ਵਾਲੀ ਬੱਸ ਨੂੰ ਫੁੱਲਾਂ ਨਾਲ ਬਹੁਤ ਸੁੰਦਰ ਤਰੀਕੇ ਨਾਲ ਸਜਾਇਆ ਗਿਆ। ਇਸ ਮੌਕੇ ਪੰਥ ਦੇ ਮਸ਼ਹੂਰ ਰਾਗੀ ਢਾਡੀ ਜਥਿਆਂ ਵੱਲੋਂ ਸੰਗਤਾਂ ਨੂੰ ਗੁਰੂ ਜਸ ਗਾਇਨ ਕਰਵਾਇਆ ਗਿਆ। ਸ਼ਹਿਰ ਵਿੱਚ ਗੁਰੂ ਸਾਹਿਬ ਦੇ ਸਤਿਕਾਰ ਲਈ ਤਰ੍ਹਾਂ ਤਰ੍ਹਾਂ ਦੇ ਗੇਟ ਬਣਾਏ ਗਏ ਅਤੇ ਸੰਗਤਾਂ ਲਈ ਵੱਖ-ਵੱਖ ਪੜਾਵਾਂ 'ਤੇ ਗੁਰੂ ਕਾ ਅਟੁੱਟ ਲੰਗਰ ਵਰਤਾਇਆ ਗਿਆ। ਗਤਕਾ ਪਾਰਟੀ ਵੱਲੋਂ ਗਤਕੇ ਦੇ ਜੌਹਰ ਦਿਖਾਏ ਗਏ। ਇਸ ਮੌਕੇ ਪ੍ਰੀਤਮ ਸਿੰਘ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਅਵਤਾਰ ਸਿੰਘ, ਅੰਗਰੇਜ਼ ਸਿੰਘ, ਬਾਬਾ ਰਾਮ ਸਿੰਘ, ਅਮਰਜੀਤ ਸਿੰਘ, ਅਮਰੀਕ ਸਿੰਘ, ਬਚਿੱਤ ਸਿੰਘ, ਹਰਭਜਨ ਸਿੰਘ ਬੱਤਰਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸਿੱਖ ਸੰਗਤਾਂ ਨੇ ਨਗਰ ਕੀਰਤਨ ਵਿੱਚ ਹਾਜ਼ਰੀ ਭਰੀ।

35 ਬੋਤਲਾਂ ਨਾਜਾਇਜ਼ ਸ਼ਰਾਬ ਬਰਾਮਦ

ਜਲਾਲਾਬਾਦ (ਜੀਤ ਕੁਮਾਰ)-ਥਾਣਾ ਵੈਰੋਕੇ ਦੀ ਪੁਲਸ ਵੱਲੋਂ ਢਾਣੀ ਗੁੱਦੜ ਸਿੰਘ ਤੋਂ 35 ਬੋਤਲਾਂ ਨਾਜਾਇਜ਼ ਸ਼ਰਾਬ ਬਰਾਮਦ ਕੀਤੀ ਗਈ ਹੈ। ਸਹਾਇਕ ਥਾਣੇਦਾਰ ਬਲਕਾਰ ਸਿੰਘ ਸਮੇਤ ਪੁਲਸ ਪਾਰਟੀ ਗਸ਼ਤ ਦੌਰਾਨ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਕਰਦੇ ਹੋਏ ਨਹਿਰ ਦੇ ਪੁਲ ਪਿੰਡ ਚੱਕ ਪੱਖੀ ਕੋਲ ਪੁੱਜੇ ਤਾਂ ਇਕ ਇਤਲਾਹ ਕਿ ਸਤਨਾਮ ਸਿੰਘ ਪੁੱਤਰ ਮਾਹਲਾ ਸਿੰਘ ਅਤੇ ਜਸਵਿੰਦਰ ਸਿੰਘ ਪੁੱਤਰ ਚਿਮਨ ਸਿੰਘ ਵਾਸੀਆਨ ਢਾਣੀ ਗੁੱਦੜ ਸਿੰਘ ਆਪਣੇ ਘਰ ਅੰਦਰ ਲਾਹਣ ਪਾ ਕੇ ਨਾਜਾਇਜ਼ ਸ਼ਰਾਬ ਕੱਢਣ ਅਤੇ ਵੇਚਣ ਦੇ ਆਦੀ ਹਨ, ਜਿਸ 'ਤੇ ਪੁਲਸ ਨੇ ਛਾਪੇਮਾਰੀ ਕਰਕੇ 35 ਬੋਤਲਾਂ ਨਾਜਾਇਜ਼ ਸ਼ਰਾਬ ਬਰਾਮਦ ਕੀਤੀ ਹੈ, ਜਦਕਿ ਕਥਿਤ ਦੋਸ਼ੀ ਵਿਅਕਤੀ ਸਤਨਾਮ ਸਿੰਘ ਅਤੇ ਜਸਵਿੰਦਰ ਸਿੰਘ ਮੌਕੇ ਤੋਂ ਫਰਾਰ ਹੋ ਗਏ। ਥਾਣਾ ਵੈਰੋਕੇ ਵਿਖੇ ਪੁਲਸ ਨੇ ਇਨ੍ਹਾਂ ਵਿਅਕਤੀਆਂ ਖਿਲਾਫ ਮੁਕੱਦਮਾ ਦਰਜ ਕੀਤਾ ਗਿਆ ਹੈ।

ਅਕਾਲ ਅਕੈਡਮੀ ਮਨਾਲ ਵਿਖੇ ਗੁਰਮਤਿ ਮੁਕਾਬਲੇ ਕਰਵਾਏ

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਅਕਾਲ ਅਕੈਡਮੀ ਮਨਾਲ ਵਿਖੇ ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਮੁੱਖ ਰੱਖਦੇ ਹੋਏ ਨਿੱਤਨੇਮ ਉਪਰੰਤ ਸ਼ਬਦ ਕੀਰਤਨ, ਕਵਿਤਾ, ਕਵੀਸ਼ਰੀ ਤੇ ਹੋਰ ਗੁਰਮਤਿ ਮੁਕਾਬਲੇ ਜਿਵੇਂ ਕਿ ਗੁਰਬਾਣੀ ਕੰਠ ਮੁਕਾਬਲਾ, ਗੁਰਮਤਿ ਪ੍ਰਸ਼ਨੋਤਰੀ ਮੁਕਾਬਲਾ, ਕੈਲੀਗ੍ਰਾਫੀ ਸੁੰਦਰ ਲਿਖਾਈ ਮੁਕਾਬਲੇ ਪ੍ਰਿੰਸੀਪਲ ਅਰਸ਼ਪ੍ਰੀਤ ਕੌਰ ਦੀ ਅਗਵਾਈ ਹੇਠ ਕਰਵਾਏ ਗਏ, ਜਿਨ੍ਹਾਂ ਵਿੱਚ ਬੱਚਿਆਂ ਨੇ ਵੱਧ ਚੜ੍ਹ ਕੇ ਭਾਗ ਲੈਂਦਿਆ ਪੁਜ਼ੀਸ਼ਨਾਂ ਪ੍ਰਾਪਤ ਕੀਤੀਆਂ। ਪੰਜਾਬੀ ਅਧਿਆਪਕ ਸੁਖਦੀਪ ਸਿੰਘ ਵੱਲੋਂ ਗੁਰੂ ਗੋਬਿੰਦ ਸਿੰਘ ਜੀ ਦਾ ਕੁਰਬਾਨੀ ਭਰਿਆ ਜੀਵਨ ਬੱਚਿਆਂ ਨਾਲ ਸਾਂਝਾ ਕੀਤਾ ਗਿਆ।ਪ੍ਰਿੰਸੀਪਲ ਅਰਸ਼ਪ੍ਰੀਤ ਕੌਰ ਨੇ ਬੱਚਿਆਂ ਨੂੰ ਗੁਰੂ ਸਾਹਿਬਾਨ ਦੇ ਜੀਵਨ ਨਾਲ ਸੰਬੰਧਤ ਜਾਣਕਾਰੀ ਦਿੰਦਿਆਂ ਵੱਧ ਤੋਂ ਵੱਧ ਬੱਚਿਆਂ ਨੂੰ ਅੰਮ੍ਰਿਤ ਪਾਨ ਕਰਕੇ ਬਾਣੀ, ਬਾਣੇ ਦੇ ਧਾਰਨੀ ਬਨਣ ਲਈ ਪ੍ਰੇਰਿਤ ਕੀਤਾ ਗਿਆ।ਉਨ੍ਹਾਂ ਕਿਹਾ ਕਿ ਇਹ ਗੁਰਮਤਿ ਸਮਾਗਮ ਕਰਵਾਉਣ ਦਾ ਮੁੱਖ ਮਨੋਰਥ ਬੱਚਿਆਂ ਨੂੰ ਦਸ਼ਮੇਸ਼ ਪਿਤਾ ਗੁਰੂ ਗੋਬਿੰਦ ਸਿੰਘ ਜੀ ਦੇ ਜੀਵਨ ਤੇ ਸਿੱਖ ਇਤਿਹਾਸ ਨਾਲ ਸੰਬੰਧਤ ਜਾਣਕਾਰੀ ਦੇਣਾ ਹੈ।

10 ਗ੍ਰਾਮ ਹੈਰੋਇਨ ਸਣੇ 2 ਵਿਅਕਤੀ ਕਾਬੂ

ਜਲਾਲਾਬਾਦ (ਜੀਤ ਕੁਮਾਰ)-ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਨੇ 10 ਗ੍ਰਾਮ ਹੈਰੋਇਨ ਸਣੇ 2 ਵਿਅਕਤੀਆਂ ਨੂੰ ਕਾਬੂ ਕੀਤਾ ਗਿਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਸਹਾਇਕ ਥਾਣੇਦਾਰ ਅਮਰੀਕ ਸਿੰਘ ਸਮੇਤ ਸਾਥੀ ਕਰਮਚਾਰੀਆਂ ਦੇ ਨਾਲ ਐਫ ਐਫ ਰੋਡ ਜਲਾਲਾਬਾਦ ਤੋਂ ਲਿੰਕ ਰੋਡ ਬਸਤੀ ਚੱਕ ਸੁੱਕੜ ਦੇ ਨਜ਼ਦੀਕ ਨਾਕਾਬੰਦੀ ਕੀਤੀ ਗਈ ਸੀ ਅਤੇ ਇਸ ਦੌਰਾਨ ਫਾਜ਼ਿਲਕਾ ਵਾਲੀ ਸਾਈਡ ਤੋਂ ਇਕ ਕਾਰ ਸਕੋਡਾ ਨੰਬਰ (ਲੋਰਾ) ਪੀ ਬੀ 61 ਡੀ-8113 ਆ ਰਹੀ ਸੀ, ਜਿਸ ਨੂੰ ਪੁਲਸ ਵੱਲੋਂ ਰੁਕਣ ਦਾ ਇਸ਼ਾਰਾ ਕੀਤਾ ਗਿਆ ਤਾਂ ਇਸ ਦੇ ਅੱਗੇ ਇਕ ਹੋਰ ਗੱਡੀ

19-JAN-PAGE-8.qxd 1/18/2024 10:45 PM Page 1

ਮੁੱਖ ਮੰਤਰੀ ਨੇ ਸੂਬੇ 'ਚ ਵਿਦੇਸ਼ੀ ਨਿਵੇਸ਼ ਲਈ ਡਿਪਲੋਮੈਟਾਂ ਨਾਲ ਕੀਤੀਆਂ ਮੈਰਾਥਨ ਮੁਲਾਕਾਤਾਂ

ਚੰਡੀਗੜ੍ਹ (ਗੁਰਜੀਤ ਬਿੱਲਾ)-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਦੇ ਠੋਸ ਯਤਨਾਂ ਸਦਕਾ ਬੁੱਧਵਾਰ ਨੂੰ ਵੱਖ-ਵੱਖ ਦੇਸ਼ਾਂ ਦੇ ਸਫ਼ੀਰਾਂ ਨੇ ਸੂਬੇ 'ਚ ਵੱਡੇ ਪੱਧਰ 'ਤੇ ਨਿਵੇਸ਼ ਕਰਨ ਵਿੱਚ ਡੂੰਘੀ ਦਿਲਚਸਪੀ ਦਿਖਾਈ।ਸਫ਼ੀਰਾਂ ਨਾਲ ਮੀਟਿੰਗਾਂ ਦੌਰਾਨ ਮੁੱਖ ਮੰਤਰੀ ਨੇ ਪੰਜਾਬ ਨੂੰ ਅਪਾਰ ਸੰਭਾਵਨਾਵਾਂ ਤੇ ਮੌਕਿਆਂ ਦਾ ਕੇਂਦਰ ਦੱਸਦਿਆਂ ਉਨ੍ਹਾਂ ਨੂੰ ਆਪੋ-ਆਪਣੇ ਦੇਸ਼ਾਂ ਦੀਆਂ ਕੰਪਨੀਆਂ ਰਾਹੀਂ ਸੂਬੇ ਵਿੱਚ ਨਿਵੇਸ਼ ਕਰਨ ਲਈ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਦੇਸ਼ ਦੇ ਉਦਯੋਗਿਕ ਧੁਰੇ ਵਜੋਂ ਤੇਜ਼ੀ ਨਾਲ ਉੱਭਰ ਰਹੇ ਪੰਜਾਬ ਵਿੱਚ ਨਿਵੇਸ਼ ਕਰ ਕੇ ਕੰਪਨੀਆਂ ਨੂੰ ਚੋਖਾ ਲਾਭ ਹੋਵੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਵਿੱਚ ਸੰਪੂਰਨ ਭਾਈਚਾਰਕ ਸਾਂਝ, ਸ਼ਾਂਤੀ ਅਤੇ ਸਦਭਾਵਨਾ ਜਿਹੇ ਮੁੱਖ ਕਾਰਨ ਹੀ ਸੂਬੇ ਦੇ ਸਰਵਪੱਖੀ ਵਿਕਾਸ ਅਤੇ ਖੁਸ਼ਹਾਲੀ ਦਾ ਧੁਰਾ ਹਨ।ਮੁੱਖ ਮੰਤਰੀ ਨੇ ਕਿਹਾ ਕਿ ਵਿਦੇਸ਼ੀ ਕੰਪਨੀਆਂ ਨੂੰ ਆਪਣੇ ਕਾਰੋਬਾਰ ਫੈਲਾਉਣ ਲਈ ਵਧੀਆ ਬੁਨਿਆਦੀ ਢਾਂਚੇ, ਬਿਜਲੀ, ਹੁਨਰਮੰਦ ਮਨੁੱਖੀ ਵਸੀਲਿਆਂ ਅਤੇ ਉੱਤਮ ਉਦਯੋਗਿਕ ਅਤੇ ਕੰਮ-ਕਾਜ ਵਿਧੀਆਂ ਨਾਲ ਲੈਸ ਢੁਕਵੇਂ ਮਾਹੌਲ ਤੋਂ ਭਰਪੂਰ ਲਾਭ ਲੈਣਾ ਚਾਹੀਦਾ ਹੈ। ਕੰਪਨੀਆਂ ਦਾ ਭਰਵਾਂ ਸਵਾਗਤ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਉਦਯੋਗਿਕ ਵਿਕਾਸ ਨੂੰ ਹੁਲਾਰਾ ਦੇਣ ਲਈ ਨਵੇਂ ਵਿਚਾਰਾਂ ਅਤੇ ਕਾਢਾਂ ਲਈ ਸੂਬਾ ਸਰਕਾਰ ਦੇ ਬੂਹੇ ਹਮੇਸ਼ਾ ਖੁੱਲ੍ਹੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਹ ਦਿਨ ਦੂਰ ਨਹੀਂ, ਜਦੋਂ ਪੰਜਾਬ ਦੇਸ਼ ਦਾ ਉਦਯੋਗਿਕ ਧੁਰਾ ਬਣ ਕੇ ਉਭਰੇਗਾ।ਆਸਟਰੇਲੀਆ ਦੇ ਸਫ਼ੀਰ ਫਿਲਿਪ ਗ੍ਰੀਨ ਨਾਲ ਮੀਟਿੰਗ ਦੌਰਾਨ ਮੁੱਖ ਮੰਤਰੀ ਨੇ ਆਸਟਰੇਲੀਆ ਅਤੇ ਪੰਜਾਬ ਦੋਵਾਂ ਦੀ ਆਰਥਿਕਤਾ ਨੂੰ ਹੋਰ ਮਜ਼ਬੂਤ ਕਰਨ ਲਈ ਵੱਖ-ਵੱਖ ਖੇਤਰਾਂ ਵਿੱਚ ਆਪਸੀ ਸਹਿਯੋਗ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਖੇਤੀਬਾੜੀ, ਖੇਡ ਉਦਯੋਗ, ਪਸ਼ੂ-ਚਾਰਾ, ਸਿੱਖਿਆ ਅਤੇ ਹੋਰ ਖੇਤਰਾਂ ਵਿੱਚ ਨਿਵੇਸ਼ ਦੀ ਵੱਡੀ ਸੰਭਾਵਨਾ ਹੈ। ਭਗਵੰਤ ਸਿੰਘ ਮਾਨ ਨੇ ਆਸਟਰੇਲੀਅਨ ਕੰਪਨੀਆਂ ਨੂੰ ਸੂਬੇ ਵਿੱਚ ਨਿਵੇਸ਼ ਕਰਨ ਦਾ ਸੱਦਾ ਦਿੰਦਿਆਂ ਕਿਹਾ ਕਿ ਇਹ ਆਸਟਰੇਲੀਆ ਅਤੇ ਪੰਜਾਬ ਦੋਵਾਂ ਲਈ ਲਾਹੇਵੰਦ ਹੋਵੇਗਾ।

ਯੂ.ਕੇ. ਦੇ ਰਾਜਦੂਤ ਐਲੇਕਸ ਏਲਿਸ ਨਾਲ ਮੁਲਾਕਾਤ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਯੂ.ਕੇ. ਅਤੇ ਪੰਜਾਬ ਵਿੱਚ ਐਗਰੀ-ਫੂਡ ਪ੍ਰੋਸੈਸਿੰਗ ਸੈਕਟਰ ਜਿਵੇਂ ਪੋਲਟਰੀ, ਸੂਰ ਪਾਲਣ, ਵੈਲਯੂ ਐਡਿਡ ਡੇਅਰੀ ਉਤਪਾਦਾਂ, ਫਲਾਂ ਦੇ ਜੂਸ ਕਨਸਨਟਰੇਟ ਮੈਨੂਫੈਕਚਰਿੰਗ, ਆਲੂ ਦੀ ਪ੍ਰੋਸੈਸਿੰਗ, ਫੂਡ ਪੈਕੇਜਿੰਗ ਅਤੇ ਰੈਡੀ ਟੂ ਈਟ /ਕੰਫੈਕਸ਼ਨਰੀ ਆਈਟਮਾਂ ਦੇ ਖੇਤਰ ਵਿੱਚ ਅਪਾਰ ਸੰਭਾਵਨਾਵਾਂ ਹਨ। ਉਨ੍ਹਾਂ ਕਿਹਾ ਕਿ ਇਸੇ ਤਰ੍ਹਾਂ ਯੂ.ਕੇ. ਅਤੇ ਪੰਜਾਬ ਦੋਵਾਂ ਨੂੰ ਫਾਰਮਾਸਿਊਟੀਕਲਜ਼, ਇੰਜਨੀਅਰਿੰਗ, ਸੂਚਨਾ ਤਕਨਾਲੋਜੀ ਅਤੇ ਰਸਾਇਣਕ ਖੇਤਰਾਂ ਵਿੱਚ ਵੀ ਰਣਨੀਤਕ ਸਾਂਝਾਂ ਤੋਂ ਲਾਭ ਹੋ ਸਕਦਾ ਹੈ। ਉਨ੍ਹਾਂ ਯੂ.ਕੇ. ਦੀਆਂ ਯੂਨੀਵਰਸਿਟੀਆਂ ਨੂੰ ਪੰਜਾਬ ਵਿੱਚ ਆਪਣੇ ਕੈਂਪਸ ਸਥਾਪਤ ਕਰਨ ਦਾ ਸੱਦਾ ਦਿੱਤਾ। ਭਗਵੰਤ ਸਿੰਘ ਮਾਨ ਨੇ ਰਾਜਦੂਤ ਨੂੰ ਯੂ.ਕੇ. ਦੇ ਸਮਾਜਿਕ-ਆਰਥਿਕ ਵਿਕਾਸ ਵਿੱਚ



ਪੰਜਾਬੀਆਂ ਵੱਲੋਂ ਨਿਭਾਈ ਜਾ ਰਹੀ ਅਹਿਮ ਭੂਮਿਕਾ ਬਾਰੇ ਵੀ ਯਾਦ ਦਿਵਾਇਆ ਅਤੇ ਉਨ੍ਹਾਂ ਨੇ ਯਾਤਰੀਆਂ ਦੀ ਸਹੂਲਤ ਲਈ ਯੂ.ਕੇ. ਅਤੇ ਪੰਜਾਬ ਦਰਮਿਆਨ ਸਿੱਧੀ ਫਲਾਈਟ ਕੁਨੈਕਟੀਵਿਟੀ ਮੁਹੱਈਆ ਕਰਵਾਏ ਜਾਣ ਸਬੰਧੀ ਮਸਲੇ ਨੂੰ ਵੀ ਹਰੀ ਝੰਡੀ ਦਿੱਤੀ।

ਬ੍ਰਾਜ਼ੀਲ ਦੇ ਸਫ਼ੀਰ ਕੈਨੇਥ ਐਚ. ਡਾ ਨੋਬਰੇਗਾ ਨਾਲ ਮੀਟਿੰਗ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਬ੍ਰਾਜ਼ੀਲ ਦੀਆਂ ਕੰਪਨੀਆਂ ਵੱਲੋਂ ਐਗਰੋ ਫੂਡ ਪ੍ਰੋਸੈਸਿੰਗ, ਨਵੀਂ ਤੇ ਨਵਿਆਉਣਯੋਗ ਊਰਜਾ ਸਰੋਤ, ਲੌਜਿਸਟਿਕਸ, ਸੂਚਨਾ ਅਤੇ ਤਕਨਾਲੋਜੀ ਅਤੇ ਰਸਾਇਣਾਂ ਵਰਗੇ ਖੇਤਰਾਂ ਵਿੱਚ ਨਿਵੇਸ਼ ਦੀ ਵੱਡੀ ਸੰਭਾਵਨਾ ਹੈ। ਉਨ੍ਹਾਂ ਕਿਹਾ ਕਿ ਬ੍ਰਾਜ਼ੀਲ ਦੀਆਂ ਕੰਪਨੀਆਂ ਸੂਬੇ ਵਿੱਚ ਨਿਵੇਸ਼ ਕਰਕੇ ਬਹੁਤ ਲਾਭ ਉਠਾ ਸਕਦੀਆਂ ਹਨ ਕਿਉਂਕਿ ਸੂਬੇ ਵਿੱਚ ਉਪਜਾਊ ਜ਼ਮੀਨ ਤੋਂ ਇਲਾਵਾ ਹੁਨਰਮੰਦ ਅਤੇ ਮਿਹਨਤੀ ਮਨੁੱਖਾ ਸ਼ਕਤੀ ਉਪਲਬਧ ਹੈ ਜੋ ਕਿ ਉਨ੍ਹਾਂ ਲਈ ਬਹੁਤ ਲਾਹੇਵੰਦ ਸਿੱਧ ਹੋ ਸਕਦੀ ਹੈ। ਭਗਵੰਤ ਸਿੰਘ ਮਾਨ ਨੇ ਭਰੋਸਾ ਦਿਵਾਇਆ ਕਿ ਰਾਜ ਵਿੱਚ ਨਿਵੇਸ਼ ਕਰਨ ਦੀਆਂ ਚਾਹਵਾਨ ਬ੍ਰਾਜ਼ੀਲੀਅਨ ਕੰਪਨੀਆਂ ਨੂੰ ਸੂਬੇ ਵੱਲੋਂ ਪੂਰਨ ਸਹਿਯੋਗ ਦਿੱਤਾ ਜਾਵੇਗਾ।

ਸਪੇਨ ਦੇ ਰਾਜਦੂਤ ਜੋਸ ਮਾਰੀਆ ਰਿਦਾਓ ਨਾਲ ਵਿਚਾਰ-ਵਟਾਂਦਰੇ ਦੌਰਾਨ ਮੁੱਖ ਮੰਤਰੀ ਨੇ ਉਨ੍ਹਾਂ ਨੂੰ ਦੱਸਿਆ ਕਿ ਪੰਜਾਬ ਬਾਸਮਤੀ ਚਾਵਲ, ਬਲਕ ਡਰੱਗਜ਼, ਸਟੀਲ ਅਤੇ ਲੋਹੇ ਦੇ ਉਤਪਾਦ, ਆਟੋ ਕੰਪੋਨੈਂਟਸ, ਐਗਰੋ-ਕੈਮੀਕਲਜ਼, ਸੂਤੀ ਕੱਪੜੇ, ਮੇਕਅਪ ਅਤੇ ਹੋਰ ਪ੍ਰਮੁੱਖ ਉਤਪਾਦ ਸਪੇਨ ਨੂੰ ਬਰਾਮਦ (ਨਿਰਯਾਤ) ਕਰਦਾ ਹੈ ਅਤੇ ਇਨ੍ਹਾਂ ਬਰਾਮਦਾਂ ਦਾ ਕੁੱਲ ਮੁੱਲ 510.35 ਕਰੋੜ ਰੁਪਏ ਸੀ। ਉਨ੍ਹਾਂ ਕਿਹਾ ਕਿ ਐਗਰੋ ਫੂਡ ਪ੍ਰੋਸੈਸਿੰਗ, ਏਰੋਸਪੇਸ ਅਤੇ ਰੱਖਿਆ, ਊਰਜਾ ਦੇ ਨਵੇਂ ਅਤੇ ਨਵਿਆਉਣਯੋਗ ਸਰੋਤ, ਸੂਚਨਾ ਅਤੇ ਤਕਨਾਲੋਜੀ ਅਤੇ ਆਟੋ/ਆਟੋਮੋਬਾਈਲ ਕੰਪੋਨੈਂਟਸ ਦੇ ਖੇਤਰਾਂ ਵਿੱਚ ਨਿਵੇਸ਼ ਦੀ ਵੱਡੀ ਸੰਭਾਵਨਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਬਹੁਤ ਹੀ ਮਾਣ ਅਤੇ ਤਸੱਲੀ ਵਾਲੀ ਗੱਲ ਹੈ ਕਿ ਸਪੇਨ ਭਾਰਤ ਵਿੱਚ ਸਿੱਧੇ ਵਿਦੇਸ਼ੀ ਨਿਵੇਸ਼ (ਐਫ.ਡੀ.ਆਈ.) ਵਿੱਚ 16ਵਾਂ ਸਭ ਤੋਂ ਵੱਡਾ ਦੇਸ਼ ਹੈ ਅਤੇ ਪੰਜਾਬ ਵੀ ਇਸ ਤੋਂ ਬਹੁਤ ਲਾਭ ਉਠਾ ਸਕਦਾ ਹੈ।

ਮਲੇਸ਼ੀਆ ਦੇ ਸਫ਼ੀਰ ਦਾਤੋ ਮੁਜ਼ੱਫਰ ਸ਼ਾਹ ਮੁਸਤਫਾ ਨਾਲ ਮੀਟਿੰਗ ਦੌਰਾਨ ਮੁੱਖ ਮੰਤਰੀ ਨੇ ਉਨ੍ਹਾਂ ਨੂੰ ਦੱਸਿਆ ਕਿ ਪੰਜਾਬ ਸਭ ਤੋਂ ਪਸੰਦੀਦਾ ਸੈਰ ਸਪਾਟਾ ਸਥਾਨ ਵਜੋਂ ਉਭਰਿਆ ਹੈ ਅਤੇ ਸੂਬਾ ਸਰਕਾਰ ਪਹਿਲਾਂ ਹੀ ਵੱਡੇ ਪੱਧਰ 'ਤੇ ਸੈਰ-ਸਪਾਟੇ ਨੂੰ ਉਤਸ਼ਾਹਿਤ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਅਤੇ ਮਲੇਸ਼ੀਆ ਦਰਮਿਆਨ ਰਣਨੀਤਕ ਸਾਂਝ ਖਾਸ ਕਰਕੇ ਸੈਰ ਸਪਾਟਾ ਅਤੇ ਵਿਦੇਸ਼ੀ ਪਰਵਾਸੀ ਭਾਰਤੀ ਭਾਈਚਾਰੇ ਦੋਵਾਂ ਲਈ ਬਹੁਤ ਲਾਹੇਵੰਦ ਸਿੱਧ ਹੋ ਸਕਦੀ ਹੈ। ਇਸੇ ਤਰ੍ਹਾਂ ਉਨ੍ਹਾਂ ਇਹ ਵੀ ਕਿਹਾ ਕਿ ਸੂਬੇ ਵਿੱਚ ਨਿਰਮਾਣ, ਸੂਚਨਾ ਅਤੇ ਤਕਨਾਲੋਜੀ, ਊਰਜਾ ਅਤੇ ਖੇਤੀਬਾੜੀ ਅਤੇ ਫੂਡ ਪ੍ਰੋਸੈਸਿੰਗ ਵਰਗੇ ਖੇਤਰਾਂ ਵਿੱਚ ਵੀ ਨਿਵੇਸ਼ ਦੀ ਵੱਡੀ ਸੰਭਾਵਨਾ ਹੈ।ਨੀਦਰਲੈਂਡ ਦੀ ਰਾਜਦੂਤ ਸ੍ਰੀਮਤੀ ਮੈਰੀ ਲੁਈਸਾ ਗੇਰਾਡਜ਼ ਨਾਲ ਮੁਲਾਕਾਤ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਇਹ ਜਾਣ ਕੇ ਖੁਸ਼ੀ ਹੋਈ ਕਿ ਨੀਦਰਲੈਂਡ ਭਾਰਤ ਵਿੱਚ ਸਿੱਧੇ ਵਿਦੇਸ਼ੀ ਨਿਵੇਸ਼ (ਐਫ.ਡੀ.ਆਈ.) ਵਿੱਚ ਚੌਥਾ ਸਭ ਤੋਂ ਵੱਡਾ ਦੇਸ਼ ਹੈ। ਉਨ੍ਹਾਂ ਕਿਹਾ ਕਿ ਨੀਦਰਲੈਂਡ ਦੀਆਂ ਕੰਪਨੀਆਂ ਪਹਿਲਾਂ ਹੀ ਪੰਜਾਬ ਵਿੱਚ ਨਿਵੇਸ਼ ਕਰ ਚੁੱਕੀਆਂ ਹਨ ਅਤੇ ਉਨ੍ਹਾਂ ਨੇ ਅਕਤੂਬਰ 2023 ਵਿੱਚ ਵਿਵਿਧਾ ਇੰਡਸਟਰੀਅਲ ਪਾਰਕ, ਰਾਜਪੁਰਾ ਵਿਖੇ ਡੀ ਹਿਊਜ਼ ਫੈਕਟਰੀ ਦਾ ਨੀਂਹ ਪੱਥਰ ਰੱਖਣ ਦੀ ਰਸਮ ਵੀ ਅਦਾ ਕੀਤੀ ਸੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੈਂਟਰ ਆਫ ਐਕਸੀਲੈਂਸ ਫਾਰ ਪੋਟਾਟੋ ਕਰੋਪ, ਜੋ ਕਿ ਭਾਰਤੀ-ਡੱਚ ਪ੍ਰੋਜੈਕਟ ਹੈ, ਬੜੀ ਸਫਲਤਾਪੂਰਵਕ ਢੰਗ ਨਾਲ ਚੱਲ ਰਿਹਾ ਹੈ ਅਤੇ ਡੱਚ ਸਰਕਾਰ, ਡੱਚ ਸੰਸਥਾਵਾਂ ਸੋਲੀਡੇਰੀਡਾਡ, ਪੀ.ਯੂ.ਐਮ. (ਵੀ.ਐਨ.ਓ-ਐਨ.ਸੀ.ਡਬਲਯੂ. ਅਤੇ ਨੀਦਰਲੈਂਡਜ਼ ਦੇ ਵਿਦੇਸ਼ ਮੰਤਰਾਲੇ ਦੁਆਰਾ ਸਥਾਪਿਤ ਕੀਤੀ ਗਈ ਇੱਕ ਸੰਸਥਾ) ਦੇ ਸਹਿਯੋਗ ਨਾਲ ਲੁਧਿਆਣਾ ਵਿੱਚ ਟੈਕਸਟਾਈਲ ਫਿਨਿਸ਼ਿੰਗ ਕਲੱਸਟਰ 'ਤੇ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਫੂਡ ਪ੍ਰੋਸੈਸਿੰਗ, ਲੌਜਿਸਟਿਕਸ, ਅਲੌਇਸ ਅਤੇ ਸਟੀਲਜ਼, ਫਾਰਮਾਸਿਊਟੀਕਲ ਅਤੇ ਸੂਚਨਾ ਤਕਨਾਲੋਜੀ ਵਰਗੇ ਕਈ ਹੋਰ ਖੇਤਰਾਂ ਵਿੱਚ ਨਿਵੇਸ਼ ਦੀ ਵਡੇਰੀ ਸੰਭਾਵਨਾ ਮੌਜੂਦ ਹੈ।

ਨਿਹੰਗ ਵੱਲੋਂ ਕਤਲ ਕੀਤੇ ਨੌਜਵਾਨ ਦੀ ਵਿਸ਼ਾਲ ਵਜੋਂ ਹੋਈ ਸ਼ਨਾਖ਼ਤ

ਫਗਵਾੜਾ, (ਇੰਦਰਜੀਤ ਸਿੰਘ ਮਠਾੜੂ)-ਗੁਰਦੁਆਰਾ ਛੇਂਵੀ ਪਾਤਸ਼ਾਹੀ ਚੌੜਾ ਖੂਹ ਵਿਖੇ ਨਿਹੰਗ ਵਲੋਂ ਕਤਲ ਕੀਤੇ ਗਏ ਨੌਜਵਾਨ ਦੀ ਪਛਾਣ ਵਿਸ਼ਾਲ ਕਪੂਰ ਪੁੱਤਰ ਸਵ. ਦਵਿੰਦਰ ਕਪੂਰ ਵਜੋਂ ਹੋਈ ਹੈ। ਪੁਲਸ ਵਿਭਾਗ ਵਲੋਂ ਜਾਰੀ ਸੂਚਨਾ ਮੁਤਾਬਕ ਵਿਸ਼ਾਲ ਦਾ ਜਨਮ ਪੱਛਮਪੁਰੀ ਦਿੱਲੀ ਵਿਖੇ ਹੋਇਆ ਸੀ। ਉਸਨੇ ਆਪਣੇ ਬਚਪਨ ਦੇ 8-10 ਫਗਵਾੜਾ 'ਚ ਗੁਜ਼ਾਰੇ ਤੇ ਬਾਅਦ 'ਚ ਆਪਣੀ ਦਾਦੀ ਪਾਸ ਦਿੱਲੀ ਚੱਲਾ ਗਿਆ ਜਿਥੇ ਦਾਦੀ ਦੀ ਮੌਤ ਤੋਂ ਬਾਅਦ ਉਹ ਬੇਸਹਾਰਾ ਹੋ ਗਿਆ ਤੇ ਦਿੱਲੀ ਦੀ ਇੱਕ ਐਨ.ਜੀ.ਓ ਵਲੋਂ ਉਸਨੂੰ ਸੰਭਾਲਿਆ ਗਿਆ ਤੇ ਬਾਅਦ 'ਚ ਉਹ ਉੱਥੋਂ ਗਾਇਬ ਹੋ ਗਿਆ।

ਪਤਾ ਲੱਗਿਆ ਹੈ ਕਿ ਪੁਲਸ ਜਾਂਚ ਕਰਦੇ ਹੋਏ ਅਨਾਰਥ ਆਸ਼ਰਮ ਵਿਖੇ ਪੁੱਜੀ ਤੇ ਵਿਸ਼ਾਲ ਨਾਲ ਜੁੜੇ ਰਿਕਾਰਡ ਆਪਣੇ ਨਾਲ ਲੈ ਆਈ ਹੈ। ਪੁਲਸ ਸੂਤਰਾਂ ਅਨੁਸਾਰ ਵਿਸ਼ਾਲ ਤੋਂ ਪੁਲਸ ਨੂੰ ਕੁੱਝ ਨੰਬਰ ਮਿਲੇ ਸੀ। ਜਾਂਚ 'ਚ ਪਤਾ ਚੱਲਿਆ ਕਿ ਉਹ ਨੰਬਰ ਹਰਿਆਣਾ ਤੋਂ ਜਾਰੀ ਹੋਏ ਸੀ ਪਰ ਉਹ ਨੰਬਰ ਸੋਨੀਪਤ ਦੇ ਨਿਕਲੇ ਤੇ ਉਨ੍ਹਾਂ 'ਚੋਂ ਹੀ ਇੱਕ ਨੰਬਰ ਆਸ਼ਰਮ ਦਾ ਸੀ। ਪੁਲਸ ਇਸ ਬਾਰੇ ਜਾਂਚ ਕਰ ਰਹੀ ਹੈ ਕਿ ਸੋਨੀਪਤ ਤੋਂ ਉਹ ਫਗਵਾੜਾ ਕਿਸ ਤਰ੍ਹਾਂ ਪੁੱਜਿਆ ਤੇ ਗੁਰਦੁਆਰਾ ਸਾਹਿਬ 'ਚ ਹੀ ਕਿਉਂ ਆਇਆ। ਸੂਤਰਾਂ ਅਨੁਸਾਰ ਪੁਲਸ ਨੂੰ ਕੁੱਝ ਅਹਿਮ ਸੁਰਾਗ ਮਿਲੇ ਹਨ। ਦੂਸਰੇ ਪਾਸੇ ਪੁਲਸ ਸੁੱਖੀ ਬਾਰੇ ਵੀ ਪਤਾ ਕਰ ਰਹੀ ਹੈ।ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਲਾਲਪੁਰਾ ਨੇ ਮੁੱਖ ਸਕੱਤਰ ਤੋਂ ਮੰਗੀ 7 ਦਿਨਾਂ ਅੰਦਰ ਰਿਪੋਰਟ, ਪੁਲਸ ਨੇ ਤੁਰੰਤ ਕਿਉਂ ਨਹੀਂ ਕਾਰਵਾਈ।

ਇਸੇ ਦੌਰਾਨ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਇਕਬਾਲ ਸਿੰਘ ਲਾਲਪੁਰਾ ਨੇ ਇਥੋਂ ਦੇ ਗੁਰਦੁਆਰਾ ਛੇਂਵੀ ਪਾਤਸ਼ਾਹੀ ਚੌੜਾ ਖੂਹ ਵਿਖੇ ਵਾਪਰੀ ਘਟਨਾ ਦਾ ਸਖ਼ਤ ਨੋਟਿਸ ਲੈਂਦਿਆ ਪੰਜਾਬ ਦੇ ਮੁੱਖ ਸਕੱਤਰ ਅਨੁਰਾਗ ਵਰਮਾ ਪਾਸੋਂ 7 ਦਿਨਾਂ ਦੇ ਅੰਦਰ (25 ਜਨਵਰੀ) ਤੱਕ ਇਸ ਦੀ ਵਿਸਥਾਰ ਨਾਲ ਰਿਪੋਰਟ ਮੰਗੀ ਹੈ। ਉਨ੍ਹਾਂ ਲਿਖਿਆ ਹੈ ਕਿ ਮੀਡੀਆ ਰਿਪੋਰਟਾ ਅਨੁਸਾਰ ਉਨ੍ਹਾਂ ਦੇ ਧਿਆਨ 'ਚ ਆਇਆ ਹੈ ਕਿ ਗੁਰਦੁਆਰਾ ਸਾਹਿਬ ਵਿਖੇ ਬੇਅਦਬੀ ਕਰਨ ਦੀ ਕੋਸ਼ਿਸ਼ ਕਰਨ ਵਾਲੇ ਇੱਕ ਵਿਅਕਤੀ ਦਾ ਕਤਲ ਕਰ ਦਿੱਤਾ ਗਿਆ ਹੈ।

ਜਦਕਿ ਇਸ ਵਿਅਕਤੀ ਨੂੰ ਪਹਿਲਾ ਗੁਰਦੁਆਰਾ ਦੇ ਸੇਵਾਦਾਰਾਂ ਨੇ ਘੇਰ ਲਿਆ ਸੀ ਤੇ ਕਰੀਬ ਤਿੰਨ ਘੰਟੇ ਉਨ੍ਹਾਂ ਦੀ ਹਿਰਾਸਤ 'ਚ ਉਕਤ ਵਿਅਕਤੀ ਰਿਹਾ ਤੇ ਇਸ ਦੀ ਸੂਚਨਾ ਪੁਲਸ ਨੂੰ ਦਿੱਤੀ ਗਈ ਸੀ ਤੇ ਉਨ੍ਹਾਂ ਤੁਰੰਤ ਕਾਰਵਾਈ ਕਿਉਂ ਨਹੀਂ ਕੀਤੀ ਤੇ ਤਿੰਨ ਘੰਟਿਆਂ ਬਾਅਦ ਉਕਤ ਵਿਅਕਤੀ ਨੂੰ ਗੁਰਦੁਆਰਾ ਸਾਹਿਬ ਦੇ ਅੰਦਰ ਮਾਰ ਦਿੱਤਾ ਗਿਆ ਜੋ ਕਿ ਛੋਟੀ ਗੱਲ ਨਹੀਂ ਹੈ।

ਦਰਬਾਰ ਪੀਰ ਬਾਬਾ ਲੱਖ ਦਾਤਾ ਕਟਾਰੀਆ ਵਿਖੇ ਸਾਲਾਨਾ ਮੇਲਾ 26-27 ਨੂੰ

ਬਹਿਰਾਮ (ਅਵਤਾਰ ਕਲੇਰ) ਦਰਬਾਰ ਪੀਰ ਸੁਲਤਾਨ ਲੱਖ ਦਾਤਾ ਜੀ ਕਟਾਰੀਆ ਵਿਖੇ 38ਵਾਂ ਸਾਲਾਨਾ ਮੇਲਾ ਗੱਦੀ ਨਸ਼ੀਨ ਸਾਈਂ ਲਖਵੀਰ ਸ਼ਾਹ ਕਾਦਰੀ ਜੀ ਦੀ ਰਹਿਨੁਮਾਈ ਹੇਠ 26-27 ਜਨਵਰੀ ਨੂੰ ਮਨਾਇਆ ਜਾ ਰਿਹਾ ਹੈ । ਪੋਸਟਰ ਰਿਲੀਜ ਕਰਦਿਆਂ ਸਾਈਂ ਕਾਦਰੀ ਨੇ ਦੱਸਿਆ ਕਿ ਇਸ ਦੋ ਦਿਨਾ ਮੇਲੇ ਦੌਰਾਨ ਪਹਿਲੇ ਦਿਨ ਚਾਦਰ ਦੀ ਰਸਮ ਹੋਵੇਗੀ । ਦੋਵੇਂ ਦਿਨ ਪੰਜਾਬ ਦੇ ਮਸਹੂਰ ਕਲਾਕਾਰ ਮਾਸਟਰ ਸਲੀਮ , ਦੁਰਗਾ ਰੰਗੀਲਾ , ਮਨੀ ਲਾਡਲਾ , ਸੰਗਰਾਮ ਹੰਜਰਾ, ਗੌਤਮ ਜਲੰਧਰੀ , ਵਨੀਤ ਖਾਨ , ਸੱਤੀ ਖੋਖੇਵਾਲੀਆ, ਸੁਖਦੇਵ ਮਸਤੀ , ਕੌਰ ਸਿਸਟਮਜ , ਜੀ ਸਿੱਧੂ , ਬੰਟੀ ਕਵਾਲ , ਰਮੇਸ ਰੰਗੀਲਾ , ਨਜਾਮੀ ਬ੍ਰਦਰਜ , ਪਰਵੇਜ ਆਲਮ , ਸਲਾਮਤ ਅਲੀ , ਸ਼ਕੀਲ ਸਾਬਰੀ , ਕੁਲਦੀਪ ਰੁਹਾਨੀ , ਮਾਣਕ ਅਲੀ ਆਦਿ ਕਵਾਲ ਅਤੇ ਨਕਾਲ ਪਾਰਟੀਆਂ ਹਾਜਰੀਆਂ ਭਰਨਗੇ । 27 ਜਨਵਰੀ ਰਾਤ ਨੂੰ ਧਰਮਵੀਰ ਪਰਦੇਸੀ ਦੀ ਪਾਰਟੀ ਵਲੋਂ ਨਾਟਕ (ਡਰਾਮਾ) ਪੇਸ਼ ਕੀਤਾ ਜਾਵੇਗਾ । ਇਸ ਮੌਕੇ ਬਿੱਲੇ ਸ਼ਾਹ ਸਪਰੋੜ , ਰਾਣਾ ਬਾਬਾ , ਰਾਮ ਲਾਲ ਬਬਲੀ , ਰੋਸ਼ਨ ਲਾਲ , ਕਸ਼ਮੀਰ ਚੰਦ , ਬਲਵੀਰ ਸਿੰਘ , ਮਾਸਟਰ ਪਾਲ , ਨਿੱਮਾ , ਪਰਮਿੰਦਰ ਸਿੰਘ , ਰਾਕੇਸ਼ , ਦਵਿੰਦਰ ਸਿੰਘ , ਸਤਨਾਮ ਸਿੰਘ , ਸੁਖਵਿੰਦਰ ਸਿੰਘ , ਗੁਲਸ਼ਨ ਕੁਮਾਰ , , ਰਾਮ ਸਰੂਪ , ਗੁਰਪ੍ਰੀਤ ਆਦਿ ਹਾਜਰ ਸਨ ।

ਮਾਨ ਨੇ ਸਰਕਾਰੀ ਸਕੂਲ ਬਚਾਓ ਮੋਰਚਾ ਨੂੰ ਦਿੱਤਾ ਸਕੂਲ ਇਮਾਰਤ ਪੂਰੀ ਕਰਨ ਦਾ ਭਰੋਸਾ

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)-ਸਰਕਾਰੀ ਸਕੂਲ ਬਚਾਓ ਮੋਰਚਾ ਨੂਰਮਹਿਲ ਨੂੰ ਉਸ

19-JAN-PAGE-9.qxd 1/18/2024 10:43 PM Page 1

ਐੱਸ ਜੀ ਪੀ ਸੀ ਵੋਟਰ ਰਜਿਸਟ੍ਰੇਸ਼ਨ ਲਈ ਭਲਕੇ ਜ਼ਿਲ੍ਹੇ ਦੇ ਸਾਰੇ ਬੂਥਾਂ 'ਤੇ ਲੱਗਣਗੇ ਕੈਂਪ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓ ਪੀ ਰਾਣਾ) ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਹੁਸ਼ਿਆਰਪੁਰ ਕੋਮਲ ਮਿੱਤਲ ਨੇ ਦੱਸਿਆ ਕਿ ਸ਼੍ਰੋਮਣੀ ਗੁਰੂਦੁਆਰਾ ਪ੍ਰਬੰਧਕ ਕਮੇਟੀ (ਬੋਰਡ) ਦੀ ਚੋਣ ਲਈ ਵੋਟਰ ਸੂਚੀਆਂ ਦੀਆਂ ਤਿਆਰੀਆਂ ਦਾ ਕਾਰਜ ਚੱਲ ਰਿਹਾ ਹੈ। ਉਨ੍ਹਾਂ ਦੱਸਿਆ ਕਿ ਲੋਕਾਂ ਦੀ ਸੁਵਿਧਾ ਅਤੇ ਵੋਟਰ ਰਜਿਸਟ੍ਰੇਸ਼ਨ ਨੂੰ ਵਧਾਉਣ ਲਈ ਜ਼ਿਲ੍ਹੇ ਦੇ ਸਾਰੇ ਬੂਥਾਂ 'ਤੇ 20 ਜਨਵਰੀ ਦਿਨ ਸ਼ਨੀਵਾਰ ਨੂੰ ਸਵੇਰੇ 10 ਵਜੇ ਤੋਂ ਸ਼ਾਮ 5 ਵਜੇ ਤੱਕ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ। ਉਨ੍ਹਾਂ ਪਟਵਾਰੀਆਂ ਅਤੇ ਬੀ ਐਲ ਓਜ਼ ਨੂੰ ਹਦਾਇਤ ਕੀਤੀ ਕਿ ਉਕਤ ਸਮੇਂ 'ਤੇ ਬੂਥਾਂ 'ਤੇ ਬੈਠ ਕੇ ਫਾਰਮ ਪ੍ਰਾਪਤ ਕੀਤੇ ਜਾਣ। ਉਨ੍ਹਾਂ ਦੱਸਿਆ ਕਿ ਵਿਸ਼ੇਸ਼ ਕੈਂਪ ਦੌਰਾਨ ਪ੍ਰਾਪਤ ਫਾਰਮਾਂ ਦੀ ਰਿਪੋਰਟ 22 ਜਨਵਰੀ ਨੂੰ ਸਵੇਰੇ 11 ਵਜੇ ਤੱਕ ਜ਼ਿਲ੍ਹਾ ਚੋਣ ਦਫ਼ਤਰ ਹੁਸ਼ਿਆਰਪੁਰ ਨੂੰ ਭੇਜੇ ਜਾਣ।

ਮੈਗਾ ਸਿਹਤ ਕੈਂਪ 21 ਨੂੰ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ) ਸ੍ਰੀ ਗੁਰੂ ਗੋਬਿੰਦ ਸਿੰਘ ਦੇ ਪ੍ਰਕਾਸ਼ ਪੁਰਬ ਮੌਕੇ ਆਈ ਵੀ ਵਾਈ ਗਰੁੱਪ ਆਫ਼ ਹਸਪਤਾਲ ਵੱਲੋਂ ਹੁਸ਼ਿਆਰਪੁਰ ਸਮੇਤ ਪੰਜਾਬ ਦੇ ਆਪਣੇ ਸਾਰੇ 5 ਹਸਪਤਾਲਾਂ ਵਿੱਚ 21 ਜਨਵਰੀ ਨੂੰ ਮੁਫ਼ਤ ਮੈਗਾ ਸਿਹਤ ਕੈਂਪ ਲਗਾਇਆ ਜਾ ਰਿਹਾ ਹੈ।ਇਹ ਸਿਹਤ ਕੈਂਪ ਗਰੁੱਪ ਦੇ ਮੁਹਾਲੀ, ਖੰਨਾ, ਨਵਾਂਸ਼ਹਿਰ, ਹੁਸ਼ਿਆਰਪੁਰ ਅਤੇ ਅੰਮ੍ਰਿਤਸਰ ਹਸਪਤਾਲਾਂ ਵਿੱਚ ਸਵੇਰੇ 10 ਵਜੇ ਤੋਂ ਦੁਪਹਿਰ 3 ਵਜੇ ਤੱਕ ਲਗਾਇਆ ਜਾਵੇਗਾ।ਹੈਲਥ ਕੈਂਪ ਦੌਰਾਨ 16 ਮੈਡੀਕਲ ਸਪੈਸ਼ਲਿਟੀ ਬਾਰੇ ਮੁਫ਼ਤ ਸਲਾਹ ਦੇ ਨਾਲ-ਨਾਲ ਈ ਸੀ ਜੀ, ਬਲੱਡ ਸ਼ੂਗਰ ਅਤੇ ਹੱਡੀਆਂ ਦੇ ਟੈਸਟ ਵੀ ਮੁਫ਼ਤ ਕੀਤੇ ਜਾਣਗੇ।ਖੁਰਾਕ ਸੰਬੰਧੀ ਸਲਾਹ-ਮਸ਼ਵਰਾ, ਈ ਸੀ ਐਚ ਓ ਸਕ੍ਰੀਨਿੰਗ ਅਤੇ ਫਿਜ਼ੀਓਥੈਰੇਪੀ ਸਲਾਹ-ਮਸ਼ਵਰਾ ਵੀ ਮੁਫਤ ਦਿੱਤਾ ਜਾਵੇਗਾ। ਐਂਜੀਓਗ੍ਰਾਫੀ ਦੀ ਬੁਕਿੰਗ 'ਤੇ 2000 ਰੁਪਏ ਦੀ ਵਿਸ਼ੇਸ਼ ਛੋਟ ਅਤੇ ਸਾਰੀਆਂ ਲੈਬਾਰਟਰੀ ਅਤੇ ਰੇਡੀਓਲੋਜੀ ਸੇਵਾਵਾਂ 'ਤੇ 20 ਫੀਸਦੀ ਦੀ ਛੋਟ ਮਿਲੇਗੀ।ਮਰੀਜ਼ਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਸਿਹਤ ਕੈਂਪ ਵਿੱਚ ਆਪਣੇ ਨਾਲ ਸਕੈਨ, ਐਂਜੀਓਗ੍ਰਾਫੀ ਸੀਡੀ ਅਤੇ ਐਮ ਆਰ ਆਈ ਸਮੇਤ ਆਪਣੇ ਪੁਰਾਣੇ ਮੈਡੀਕਲ ਰਿਕਾਰਡ ਲੈ ਕੇ ਆਉਣ।

ਚੇਅਰਪਰਸਨ ਜ਼ਿਲ੍ਹਾ ਯੋਜਨਾ ਕਮੇਟੀ ਨੇ ਪਿੰਡਾਂ ਦੇ ਵਿਕਾਸ ਕਾਰਜਾਂ ਲਈ ਰਾਸ਼ੀ ਕੀਤੀ ਜਾਰੀ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਜ਼ਿਲ੍ਹਾ ਯੋਜਨਾ ਕਮੇਟੀ ਦੀ ਚੇਅਰਪਰਸਨ ਕਰਮਜੀਤ ਕੌਰ ਨੇ ਜ਼ਿਲ੍ਹਾ ਯੋਜਨਾ ਕਮੇਟੀ ਦੇ ਬੰਧਨਮੁਕਤ ਫੰਡਾਂ ਤਹਿਤ ਜ਼ਿਲ੍ਹਾ ਹੁਸ਼ਿਆਰਪੁਰ ਦੇ ਵੱਖ-ਵੱਖ ਪਿੰਡਾਂ ਦੇ ਵਿਕਾਸ ਕਾਰਜਾਂ ਲਈ 23 ਲੱਖ 4 ਹਜ਼ਾਰ ਰੁਪਏ ਦੀ ਰਾਸ਼ੀ ਜਾਰੀ ਕੀਤੀ। ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਯੋਜਨਾ ਕਮੇਟੀ ਦੀ ਚੇਅਰਪਰਸਨ ਨੇ ਦੱਸਿਆ ਕਿ ਵਿਕਾਸ ਕਾਰਜਾਂ ਲਈ ਬਲਾਕ ਦਸੂਹਾ ਨੂੰ 5 ਕੰਮਾਂ ਲਈ 7 ਲੱਖ ਰੁਪਏ, ਬਲਾਕ ਮੁਕੇਰੀਆਂ ਨੂੰ 4 ਕੰਮਾਂ ਲਈ 14.04 ਲੱਖ ਰੁਪਏ ਅਤੇ ਬਲਾਕ ਭੂੰਗਾ ਨੂੰ ਇਕ ਕੰਮ ਲਈ ਦੋ ਲੱਖ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਹੈ।

ਡੇਅਰੀ ਧੰਦੇ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਉਠਾਉਣਾ ਦਾ ਸੱਦਾ

ਜਲੰਧਰ, (ਸੁਰਿੰਦਰ ਕੁਮਾਰ) ਡੇਅਰੀ ਧੰਦੇ ਨੂੰ ਅਪਣਾ ਕੇ ਆਪਣੀ ਆਮਦਨ ਵਿੱਚ ਵਾਧਾ ਕਰਨ ਲਈ ਜਾਗਰੂਕ ਕਰਨ ਤਹਿਤ ਡੇਅਰੀ ਵਿਕਾਸ ਵਿਭਾਗ ਵੱਲੋਂ ਬਲਾਕ ਭੋਗਪੁਰ ਵਿਖੇ ਰਾਸ਼ਟਰੀ ਪਸ਼ੂ ਧਨ ਮਿਸ਼ਨ ਅਧੀਨ ਬਲਾਕ ਪੱਧਰੀ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ।ਇਸ 'ਚ ਪਿੰਡ ਜਮਾਲਪੁਰ ਅਤੇ ਨੇੜਲੇ ਪਿੰਡਾਂ ਤੋਂ 250 ਤੋਂ ਵੱਧ ਕਿਸਾਨਾਂ ਵਲੋਂ ਸ਼ਿਰਕਤ ਕਰਕੇ ਦੁੱਧ ਉਤਪਾਦਨ ਦੇ ਖੇਤਰ 'ਚ ਵੱਡਮੁੱਲੀ ਜਾਣਕਾਰੀ ਹਾਸਲ ਕੀਤੀ ਗਈ।ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਦਵਿੰਦਰ ਸਿੰਘ ਨੇ ਕਿਸਾਨਾਂ ਨੂੰ ਡੇਅਰੀ ਧੰਦੇ ਬਾਰੇ ਜਾਗਰੂਕ ਕਰਦਿਆ ਦੱਸਿਆ ਗਿਆ ਕਿ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਦੀ ਆਮਦਨ ਨੂੰ ਵਧਾਉਣ ਵੱਲ ਵਿਸ਼ੇਸ਼ ਤਰਜੀਹ ਦਿੱਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ ਰਾਸ਼ਟਰੀ ਪਸ਼ੂ ਧਨ ਮਿਸ਼ਨ ਤਹਿਤ ਮਿਲਣ ਵਾਲੀਆਂ ਸਹੂਲਤਾਂ ਜਿਵੇਂ ਹਾਈਟੈਕ ਮਸ਼ਨੀਰੀ, ਚਾਰਾ ਪ੍ਰਬੰਧਨ, ਸਾਈਲੇਜ ਬੇਲਰ ਅਤੇ ਰੈਪਰ ਮਸੀਨ ਤੇ ਟੀ ਐਮ ਆਰ ਆਦਿ 'ਤੇ ਮਿਲ ਰਹੀਆਂ ਰਿਆਇਤਾਂ ਦਾ ਵੱਧ ਤੋਂ ਵੱਧ ਲਾਭ ਉਠਾਉਣਾ ਚਾਹੀਦਾ ਹੈ।ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਡੇਅਰੀ ਧੰਦਾ ਲਾਹੇਵਦ ਧੰਦਾ ਹੈ ਇਸ ਲਈ ਖੇਤੀਬਾੜੀ ਦੇ ਨਾਲ-ਨਾਲ ਇਸ ਨੂੰ ਵੀ ਅਪਣਾ ਕੇ ਪੰਜਾਬ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਉਠਾਇਆ ਜਾਵੇ। ਇਸ ਮੌਕੇ ਲੀਡ ਬੈਂਕ ਦੇ ਨੁਮਾਇੰਦਿਆਂ ਵੱਲੋਂ ਮੁਦਰਾ ਅਤੇ ਸਟਾਰਟ ਅਪ ਇੰਡੀਆ ਅਧੀਨ ਮਿਲ ਰਹੀਆਂ ਯੋਜਨਾਵਾਂ ਸੰਬੰਧੀ ਜਾਗਰੂਕ ਕੀਤਾ ਗਿਆ ਤਾਂ ਜੋ ਸਰਕਾਰ ਦਾ ਵਿੱਤੀ ਸਾਖਰਤਾ ਅਤੇ ਪ੍ਰਬੰਧਨ ਟੀਚੇ ਅਧੀਨ ਹਰ ਡੇਅਰੀ ਕਿਸਾਨ ਨੂੰ ਵਿੱਤੀ ਸਹਾਇਤਾ ਮੁਹੱਈਆ ਕਰਵਾਈ ਜਾ ਸਕੇ।

ਮਹਾਂਮਾਈ ਦਾ ਜਾਗਰਣ ਕਰਵਾਇਆ

ਸੁਲਤਾਨਪੁਰ ਲੋਧੀ (ਬਲਵਿੰਦਰ ਧਾਲੀਵਾਲ)- ਉੱਘੇ ਸਮਾਜ ਸੇਵੀ ਅਤੇ ਪੰਜਾਬ ਪੁਲਸ ਵਿੱਚ ਆਪਣੀਆਂ ਸੇਵਾਵਾਂ ਦੇ ਰਹੇ ਏ ਐਸ ਆਈ ਰਾਜਿੰਦਰ ਬੰਬੀ ਦੇ ਗ੍ਰਹਿ ਵਿਖੇ ਮਹਾਂਮਾਈ ਦਾ ਜਾਗਰਣ ਕਰਵਾਇਆ ਗਿਆ। ਜਿਸ 'ਚ ਵੱਡੀ ਗਿਣਤੀ 'ਚ ਸੰਗਤ ਹਾਜ਼ਰ ਹੋਈ ਤੇ ਭਗਤਾਂ ਦੁਆਰਾ ਮਾਤਾ ਰਾਣੀ ਦੇ ਗੁਣਗਾਣ ਕੀਤੇ। ਇਸ ਮੌਕੇ ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਸੁਰਿੰਦਰ ਕੁਮਾਰ,ਉਂਗੀ ਪੁਲਸ ਚੌਕੀ ਇੰਚਾਰਜ ਸਬ ਇੰਸਪੈਕਟਰ ਨਿਰਮਲ ਸਿੰਘ, ਸਾਬਕਾ ਸਰਪੰਚ ਕਮਲਜੀਤ ਖੀਵਾ, ਡਾਕਟਰ ਰਾਜਕੁਮਾਰ, ਆਪ ਆਗੂ ਨਰਿੰਦਰ ਚੂਹੜ, ਹੈੱਡ ਕਾਂਸਟੇਬਲ ਮਾਰਗਰੇਟ ਬੈਚਰ, ਸੀਨੀਅਰ ਆਪ ਆਗੂ ਬੱਬੀ ਸ਼ਰਮਾ ਨਕੋਦਰ, ਕਾਂਸਟੇਬਲ ਅਮਨਦੀਪ ਸਿੰਘ, ਸੁਦੇਸ਼ ਕੁਮਾਰ ਲੱਕੀ ਮਹਿਤਪੁਰ ਆਦਿ ਹਾਜ਼ਰ ਰਹੇ ।

ਵਿਕਾਸ ਦੀ ਰਫਤਾਰ 'ਚ ਹੋਰ ਤੇਜ਼ੀ ਲਿਆ ਕੇ ਬਦਲ ਰਹੇ ਹਾਂ ਪਿੰਡਾਂ ਦੀ ਨੁਹਾਰ : ਬੈਂਸ

ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦ)- ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ 'ਚ ਸੂਬੇ ਦਾ ਸਰਵਪੱਖੀ ਵਿਕਾਸ ਕਰਵਾਇਆ ਜਾ ਰਿਹਾ ਹੈ। ਸ੍ਰੀ ਅਨੰਦਪੁਰ ਸਾਹਿਬ ਹਲਕੇ ਦੇ ਪਿੰਡਾਂ/ ਸ਼ਹਿਰਾ ਵਿੱਚ ਵਿਕਾਸ ਦੀ ਰਫਤਾਰ ਨੂੰ ਹੋਰ ਗਤੀ ਦੇ ਕੇ ਹਰ ਵਰਗ ਲਈ ਬੁਨਿਆਦੀ ਸਹੂਲਤਾਂ ਉਪਲੱਬਧ ਕਰਵਾ ਰਹੇ ਹਾਂ। ਸਰਕਾਰ ਵੱਲੋਂ ਲੋੜਵੰਦਾ ਤੱਕ ਭਲਾਈ ਸਕੀਮਾਂ ਦਾ ਲਾਭ ਪਹੁੰਚਾਉਣ ਦੇ ਨਾਲ ਨਾਲ ਉਨ੍ਹਾਂ ਦੀਆਂ ਮੁਸ਼ਕਿਲਾਂ ਦੇ ਨਿਪਟਾਰੇ ਲਈ ਵਿਆਪਕ ਯੋਜਨਾ ਉਲੀਕੀ ਗਈ ਹੈ। ਇਹ ਪ੍ਰਗਟਾਵਾ ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਕੂਲ ਸਿੱਖਿਆ, ਤਕਨੀਕੀ ਸਿੱਖਿਆ, ਉਦਯੋਗਿਕ ਸਿਖਲਾਈ ਤੇ ਉਚੇਰੀ ਸਿੱਖਿਆ ਪੰਜਾਬ ਨੇ ਅੱਜ ਪਿੰਡ ਬੁਰਜ ਵਿੱਚ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਉਣ ਉਪਰੰਤ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਵਿੱਚ ਸਮੂਲੀਅਤ ਕਰਨ ਉਪਰੰਤ ਸੰਗਤਾਂ/ਸ਼ਰਧਾਲੂਆਂ ਨੂੰ ਸੰਬੋਧਨ ਕਰਦੇ ਹੋਏ ਕੀਤਾ। ਉਨ੍ਹਾਂ ਨੇ ਕਿਹਾ ਕਿ ਅੱਜ ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਮੌਕੇ ਅੱਜ ਕੁੱਲ ਸੰਸਾਰ ਵਿੱਚ ਵੱਖ ਵੱਖ ਥਾਵਾ 'ਤੇ ਧਾਰਮਿਕ ਸਮਾਗਮ ਕਰਵਾਏ ਜਾ ਰਹੇ ਹਨ। ਇਨ੍ਹਾਂ 'ਚ ਵੱਡੀ ਗਿਣਤੀ ਸੰਗਤ ਸ਼ਮੂਲੀਅਤ ਕਰ ਰਹੀ ਹੈ। ਉਨ੍ਹਾਂ ਨੇ ਕਿਹਾ ਕਿ ਅੱਜ ਸਮੁੱਚੀ ਲੋਕਾਈ ਦੀ ਭਲਾਈ ਲਈ ਬੁਰਜ ਵਿਚ ਗੁਰਮੇਲ ਸਿੰਘ ਅਤੇ ਪਿੰਡ ਵਾਸੀਆ ਵੱਲੋਂ ਧਾਰਮਿਕ ਸਮਾਗਮ ਕਰਵਾਏ ਗਏ ਹਨ। ਇਸ ਇਲਾਕੇ ਦੇ ਲੋਕਾਂ ਦੇ ਅਸੀ ਰਿਣੀ ਹਾਂ ਜਿਨ੍ਹਾਂ ਨੇ ਮਿਸਾਲੀ ਜਿੱਤ ਦੇ ਕੇ ਸ੍ਰੀ ਅਨੰਦਪੁਰ ਸਾਹਿਬ ਦੀ ਪਵਿੱਤਰ ਨਗਰੀ ਅਤੇ ਇਸ ਇਲਾਕੇ ਦੀ ਸੇਵਾ ਦਾ ਅਵਸਰ ਦਿੱਤਾ ਹੈ। ਸਾਡੇ ਲਈ ਇੱਕ ਇੱਕ ਦਿਨ ਬਹੁਤ ਹੀ ਕੀਮਤੀ ਹੈ, ਰੋਜ਼ਾਨਾ ਕਰੋੜਾ ਰੁਪਏ ਦੇ ਪ੍ਰੋਜੈਕਟਾਂ ਲਈ ਫੈਸਲੇ ਹੋ ਰਹੇ ਹਨ, ਜਲਦੀ ਹੀ ਕਈ ਵੱਡੇ ਪ੍ਰੋਜੈਕਟ ਲੋਕ ਅਰਪਣ ਕੀਤੇ ਜਾਣਗੇ, ਇਸ ਇਲਾਕੇ ਦੀ ਨੁਹਾਰ ਬਦਲਣ ਲਈ ਵਿਆਪਕ ਯੋਜਨਾਵਾ ਤੇ ਕੰਮ ਚੱਲ ਰਿਹਾ ਹੈ, ਸਿਹਤ ਤੇ ਸਿੱਖਿਆ ਤੋਂ ਇਲਾਵਾ ਇਲਾਕੇ ਵਿਚ ਹੋਰ ਬੁਨਿਆਦੀ ਸਹੂਲਤਾਂ ਲਈ ਕੰਮ ਚੱਲ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਸਾਡੇ ਧਰਮ, ਇਤਿਹਾਸ ਤੇ ਵਿਰਸੇ ਬਾਰੇ ਨੌਜਵਾਨਾ ਤੇ ਬੱਚਿਆ ਨੂੰ ਜਾਣਕਾਰੀ ਦੇਣੀ ਬੇਹੱਦ ਜਰੂਰੀ ਹੈ। ਉਨ੍ਹਾਂ ਨੇ ਕਿਹਾ ਕਿ ਅੱਜ ਬੱਚਿਆ ਨੇ ਸ਼ਬਦ ਗਾਇਨ ਤੇ ਕਵਿਤਾਵਾ ਦਾ ਉਚਾਰਨ ਕੀਤਾ ਹੈ, ਸਾਡੇ ਬੱਚਿਆ ਵਿੱਚ ਆਪਣੇ ਧਰਮ ਦੀ ਜਾਣਕਾਰੀ ਅਤੇ ਉਸ ਦੀ ਵਿਆਖਿਆ ਲਈ ਹੁਨਰ ਦੀ ਕੋਈ ਘਾਟ ਨਹੀ ਹੈ, ਉਨ੍ਹਾਂ ਦੀ ਪ੍ਰਤਿਭਾ ਨੂੰ ਨਿਖਾਰਨ ਦੀ ਜਰੂਰਤ ਹੈ, ਉਨ੍ਹਾਂ ਨੇ ਬੱਚਿਆ ਨੂੰ ਉਤਸ਼ਾਹਿਤ ਕੀਤਾ ਅਤੇ ਸਿੱਖਿਆ ਲਈ ਢੁਕਵਾ ਸਮਾਨ ਵੀ ਵੰਡਿਆ। ਇਸ ਮੌਕੇ ਬਾਬਾ ਸੁੱਚਾ ਸਿੰਘ ਜੀ ਜਿਲ੍ਹਾ ਅਨੰਦਗੜ੍ਹ ਸਾਹਿਬ ਵਾਲਿਆ ਵੱਲੋਂ ਕੈਬਨਿਟ ਮੰਤਰੀ ਹਰਜੋਤ ਬੈਂਸ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਚੇਅਰਮੈਨ ਕਮਿੱਕਰ ਸਿੰਘ ਡਾਢੀ, ਸੋਹਣ ਸਿੰਘ ਨਿੱਕੂਵਾਲ ਬਲਾਕ ਪ੍ਰਧਾਨ, ਸੋਹਣ ਸਿੰਘ ਬੈਂਸ, ਜੁਝਾਰ ਸਿੰਘ ਆਸਪੁਰ ਬਲਾਕ ਪ੍ਰਧਾਨ,ਪਰਮਜੀਤ ਸਿੰਘ ਪ੍ਰਧਾਨ, ਹਰਮੇਲ ਸਿੰਘ ਸਰਪੰਚ, ਗਿਆਨ ਸਿੰਘ ਪੰਚ, ਸ਼ੇਰ ਸਿੰਘ ਪ੍ਰਧਾਨ, ਬਲਵਿੰਦਰ ਫੋਜੀ,ਗੁਲਜਾਰ ਸਿੰਘ, ਸੰਤੋਖ ਸਿੰਘ, ਜਰਨੈਲ ਸਿੰਘ ਨੰਬਰਦਾਰ, ਜਸਵੰਤ ਸਿੰਘ ਤੇ ਵੱਡੀ ਗਿਣਤੀ ਵਿਚ ਪਿੰਡ ਵਾਸੀ ਹਾਜ਼ਰ ਸਨ।

ਇੰਤਕਾਲਾਂ ਵਾਸਤੇ ਲਗਾਏ ਕੈਂਪਾਂ 'ਚ ਭੱਟੀ ਨੇ ਕੀਤਾ ਦੌਰਾ

ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ) - ਤਹਿਸੀਲ ਆਦਮਪੁਰ ਅਤੇ ਸਬ ਤਹਿਸੀਲ ਭੋਗਪੁਰ ਵਿਖੇ ਪੈਂਡਿੰਗ ਪਏ ਇੰਤਕਾਲਾਂ ਨੂੰ ਪੂਰਾ ਕਰਨ ਵਾਸਤੇ ਲਗਾਏ ਗਏ ਕੈਂਪ ਦਾ ਹਲਕਾ ਇੰਚਾਰਜ ਜੀਤ ਲਾਲ ਭੱਟੀ ਨੇ ਦੌਰਾ ਕੀਤਾ।

ਇਸ ਮੌਕੇ 'ਤੇ ਤਹਿਸੀਲਦਾਰ ਹਰਮਿੰਦਰ ਸਿੰਘ ਸਿੱਧੂ, ਤਹਿਸੀਲਦਾਰ ਸੁਖਬੀਰ ਕੌਰ,ਪਰਮਜੀਤ ਸਿੰਘ ਰਾਜਵੇਸ਼ ਚੇਅਰਮੈਨ ਮਾਰਕੀਟ ਕਮੇਟੀ ਆਦਮਪੁਰ,ਬਰਕਤ ਰਾਮ ਚੇਅਰਮੈਨ ਮਾਰਕੀਟ ਕਮੇਟੀ ਭੋਗਪੁਰ, ਬਲਾਕ ਪ੍ਰਧਾਨ ਬਲਵਿੰਦਰ ਭੰਡਾਰੀ, ਬਲਾਕ ਪ੍ਰਧਾਨ ਹਰਜੀਤ ਸਿੰਘ ਢਿੱਲੋਂ, ਬਲਾਕ ਪ੍ਰਧਾਨ ਪਰਮਜੀਤ ਪੰਮਾ, ਬਲਾਕ ਪ੍ਰਧਾਨ ਇੰਦਰਜੀਤ ਸਿੰਘ, ਰਮੇਸ਼ ਚੰਦਰ ਜਿਲਾ ਜੋਇੰਟ ਸਕੱਤਰ ਟਰੇਡ ਵਿੰਗ,ਪਵਨ ਅਰੋੜਾ ਸ਼ਹਿਰੀ ਪ੍ਰਧਾਨ ਵਪਾਰ ਮੰਡਲ,ਬਲਵਿੰਦਰ ਸਿੰਘ, ਮੰਗਾ ਰਾਮ ਜਿਲਾ ਜੁਆਇੰਟ ਸਕੱਤਰ ਐਸ.ਸੀ ਵਿੰਗ, ਸਤਨਾਮ ਸਿੰਘ ਮਨਕੋਟੀਆ, ਹਨਿੰਦਰ ਸਿੰਘ ਪਾਰਟੀ ਦੇ ਮੈਂਬਰ ਮੌਜੂਦ ਰਹੇ।

100 ਮੀਟਰ ਦੌੜ 'ਚ ਰਾਸ਼ਟਰੀ ਸੋਨੇ ਦਾ ਤਗਮਾ ਜਿੱਤਣ ਵਾਲੇ ਵਿਵੇਕ ਸ਼ਰਮਾ ਦਾ ਸਨਮਾਨ

ਮੋਹਾਲੀ (ਗੁਰਜੀਤ ਬਿੱਲਾ) 100 ਮੀਟਰ ਦੀ ਦੌੜ 'ਚ ਰਾਸ਼ਟਰੀ ਪੱਧਰ 'ਤੇ ਸੋਨੇ ਦਾ ਤਗਮਾ ਜਿੱਤਣ ਵਾਲੇ ਅੰਗਹੀਣ ਵਿਵੇਕ ਸ਼ਰਮਾ ਨੂੰ ਸ਼੍ਰੋਮਣੀ ਅਕਾਲੀ ਦਲ ਹਲਕਾ ਮੋਹਾਲੀ ਦੇ ਮੁੱਖ ਸੇਵਾਦਾਰ ਪਰਵਿੰਦਰ ਸਿੰਘ ਸੋਹਾਣਾ, ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਦੀ ਕਮੇਟੀ ਅਤੇ ਸੋਹਾਣਾ ਦੇ ਨਿਵਾਸੀਆਂ ਵੱਲੋਂ ਸਨਮਾਨਿਤ ਕੀਤਾ ਗਿਆ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਰਵਿੰਦਰ ਸਿੰਘ ਸੋਹਾਣਾ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਅਜਿਹੇ ਨੌਜਵਾਨਾਂ ਨੂੰ ਫੌਰੀ ਤੌਰ 'ਤੇ ਸਰਕਾਰੀ ਨੌਕਰੀ ਦਿੱਤੀ ਜਾਵੇ ਅਤੇ ਉਹਨਾਂ ਦਾ ਹੌਸਲਾ ਵਧਾਇਆ ਜਾਵੇ।ਜਿਕਰਯੋਗ ਹੈ ਕਿ ਵਿਵੇਕ ਸ਼ਰਮਾ ਸੋਹਾਣਾ ਦਾ ਵਸਨੀਕ ਹੈ ਅਤੇ ਪਿਛਲੇ ਦਿਨੀ ਗੋਆ ਵਿਖੇ ਰਾਸ਼ਟਰੀ ਖੇਡਾਂ ਵਿੱਚ 100 ਮੀਟਰ ਦੌੜ ਵਿੱਚ ਸੋਨੇ ਦਾ ਤਗਮਾ ਜਿੱਤ ਕੇ ਆਇਆ ਹੈ।

ਪਰਵਿੰਦਰ ਸਿੰਘ ਸੋਹਾਣਾ ਨੇ ਕਿਹਾ ਕਿ ਵਿਵੇਕ ਸ਼ਰਮਾ ਇੱਕ ਆਮ ਸਧਾਰਨ ਪਰਵਾਰ ਤੋਂ ਸੰਬੰਧ ਰੱਖਦਾ ਹੈ ਅਤੇ ਪਿੰਡ ਸੋਹਾਣਾ ਦਾ ਹੀ ਜੰਮਪਲ ਹੈ।ਉਹਨਾਂ ਕਿਹਾ ਕਿ ਇਹ ਬੜੇ ਮਾਣ ਦੀ ਗੱਲ ਹੈ ਕਿ ਅੰਗਹੀਣ ਹੋਣ ਦੇ ਬਾਵਜੂਦ ਵਿਵੇਕ ਸ਼ਰਮਾ ਨੇ ਹੌਸਲਾ ਨਹੀਂ ਛੱਡਿਆ ਅਤੇ ਅਥਲੈਟਿਕਸ ਦੀ ਖੇਡ ਵਿੱਚ ਖਾਸ ਤੌਰ 'ਤੇ 100 ਮੀਟਰ ਦੀ ਦੌੜ ਵਿੱਚ ਰਾਸ਼ਟਰੀ ਸੋਨ ਤਗਮਾ ਜਿੱਤਣ ਵਿੱਚ ਸਫਲ ਰਿਹਾ ਹੈ।ਪਰਵਿੰਦਰ ਸਿੰਘ ਸੋਹਾਣਾ ਨੇ ਖਾਸ ਤੌਰ 'ਤੇ ਕੇਂਦਰ ਦੀ ਭਾਜਪਾ ਸਰਕਾਰ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੋਂ ਮੰਗ ਕੀਤੀ ਕਿ ਵਿਵੇਕ ਸ਼ਰਮਾ ਵਰਗੇ ਨੌਜਵਾਨਾਂ ਦੀ ਹੌਸਲਾ ਅਫਜਾਈ ਲਈ ਵੱਧ ਤੋਂ ਵੱਧ ਮਦਦ ਕੀਤੀ ਜਾਵੇ ਅਤੇ ਵਿਵੇਕ ਸ਼ਰਮਾ ਨੂੰ ਸਰਕਾਰੀ ਨੌਕਰੀ ਫੌਰ

19-JAN-PAGE-10.qxd 1/18/2024 10:31 PM Page 1

ਰਾਏਕੇ ਕਲਾਂ 'ਚ ਬੇ-ਭੇਤੀ ਬਿਮਾਰੀ ਕਾਰਨ ਪਸ਼ੂਆਂ ਦਾ ਮਰਨਾ ਜਾਰੀ

5 ਦਿਨਾਂ 'ਚ ਸੈਂਕੜੇ ਪਸ਼ੂ ਮਰੇ, ਪਿੰਡ 'ਚ ਬਠਿੰਡਾ, ਚੰਡੀਗੜ੍ਹ ਤੇ ਜਲੰਧਰ ਦੀਆਂ ਟੀਮਾਂ ਪੁੱਜੀਆਂ

ਬਠਿੰਡਾ (ਪਰਵਿੰਦਰ ਜੀਤ ਸਿੰਘ)

ਬਠਿੰਡਾ ਦਿਹਾਤੀ ਦੇ ਪਿੰਡ ਰਾਏਕੇ ਕਲਾਂ ਵਿਖੇ ਬੀਤੇ 5 ਦਿਨਾਂ ਤੋਂ ਬੇ-ਭੇਤੀ ਬਿਮਾਰੀ ਕਾਰਨ ਲਗਾਤਾਰ ਪਸ਼ੂ ਮਰ ਰਹੇ ਹਨ। ਦੁਧਾਰੂ ਪਸ਼ੂਆਂ ਦੇ ਮਰਨ ਕਾਰਨ ਪਿੰਡ ਵਿੱਚ ਸਹਿਮ ਦਾ ਮਾਹੌਲ ਹੈ। ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਬਲਾਕ ਪ੍ਰਧਾਨ ਕੁਲਵੰਤ ਸ਼ਰਮਾ ਨੇ ਪੱਤਰਕਾਰ ਨਾਲ ਜਾਣਕਾਰੀ ਸਾਂਝੀ ਕਰਦੇ ਹੋਏ ਦੱਸਿਆ ਕਿ ਬੀਤੇ 5 ਦਿਨ ਤੋਂ ਕਿਸੇ ਭਿਆਨਕ ਬਿਮਾਰੀ ਕਾਰਨ ਪਸ਼ੂ ਮਰ ਰਹੇ ਹਨ, ਜਿਸ ਕਾਰਨ ਪਿੰਡ ਵਿੱਚ ਹੜਕੰਪ ਮੱਚਿਆ ਹੋਇਆ ਹੈ। ਪਿੰਡ ਵਿੱਚ ਫੈਲੀ ਭਿਆਨਕ ਬਿਮਾਰੀ ਨੂੰ ਦੇਖਦਿਆਂ ਵੈਟਰਨਰੀ ਵਿਭਾਗ ਬਠਿੰਡਾ, ਜਲੰਧਰ ਤੇ ਚੰਡੀਗੜ੍ਹ ਦੀਆਂ ਟੀਮਾਂ ਪੀੜਤ ਕਿਸਾਨਾਂ ਦੇ ਘਰ ਘਰ ਜਾ ਕੇ ਮਰੇ ਹੋਏ ਪਸ਼ੂਆਂ ਦੀ ਸੈਂਪਲਿੰਗ ਸਮੇਤ ਰਿਪੋਰਟ ਇਕੱਠੀ ਕਰ ਰਹੀਆਂ ਹਨ। ਪਿੰਡ ਵਾਸੀਆਂ ਨੇ ਦੱਸਿਆ ਕਿ ਕਿਸੇ ਬੇ-ਭੇਤੀ ਬਿਮਾਰੀ ਕਾਰਨ ਪਹਿਲਾਂ ਤਾਂ ਪਸ਼ੂ ਨੂੰ ਬੁਖ਼ਾਰ ਹੁੰਦਾ ਤੇ ਮੂੰਹ ਵਿੱਚ ਪਾਣੀ ਆਉਣ ਤੋਂ ਬਾਅਦ ਮੌਤ ਹ�ो ਜਾਂਦੀ ਹੈ। ਪਿੰਡ ਦੇ ਪੀੜਤ ਕਿਸਾਨ ਦੇ ਦੱਸਣ ਮੁਤਾਬਿਕ ਕਿਸਾਨ ਮੱਖਣ ਸਿੰਘ ਦੇ 2 ਗਾਵਾਂ, ਇੱਕ ਕੱਟੀ ਦੀ ਮੌਤ ਹੋ ਗਈ ਹੈ। ਇਸੇ ਤਰ੍ਹਾਂ

ਪਿੰਡ ਰਾਏਕੇ ਕਲਾਂ ਵਿੱਚ ਮਰੇ ਹੋਏ ਪਸ਼ੂਆਂ ਦਾ ਦ੍ਰਿਸ਼।

ਹੀ ਬੁਲੰਦ ਸਿੰਘ ਦੀ ਇੱਕ ਝੋਟੀ, ਸੀਤਾ ਸਿੰਘ ਦੀਆਂ 2 ਮੱਝਾਂ ਤੇ ਇੱਕ ਕੱਟੀ, ਬੂਟਾ ਸਿੰਘ ਦੀ ਇੱਕ ਮੱਝ ਤੇ ਇੱਕ ਕੱਟਾ, ਭਜਨ ਸਿੰਘ ਦੀ ਇੱਕ ਮੱਝ ਦੀ ਮੌਤ ਹੋਣ ਤੋਂ ਇਲਾਵਾ ਜਸਮੋਹਨ ਸਿੰਘ ਦੇ 4 ਪਸ਼ੂਆਂ ਦੀ ਮੌਤ ਹੋਣ ਦੀ ਖ਼ਬਰ ਹੈ। ਪਿੰਡ ਵਾਸੀਆਂ ਦਾ ਕਹਿਣਾ ਹੈ ਕਿ ਸੈਂਕੜੇ ਪਸ਼ੂਆਂ ਦੀ ਮੌਤ ਹੋ ਗਈ ਹੈ। ਪਿੰਡ ਵਾਸੀਆਂ ਨੇ ਪਸ਼ੂ ਪਾਲਣ ਦੇ ਸਥਾਨਕ ਡਾਕਟਰ 'ਤੇ ਵਰ੍ਹਦੇ ਹੋਏ ਕਿਹਾ ਕਿ ਮਹਿਕਮੇ ਦੀ ਅਣਗਹਿਲੀ ਕਾਰਨ ਪਿੰਡ ਵਿੱਚ 80 ਦੇ ਕਰੀਬ ਪਸ਼ੂਆਂ ਦੀ ਮੌਤ ਹੋ ਗਈ ਚੁੱਕੀ ਹੈ। ਐਤਵਾਰ ਨੂੰ ਖ਼ਫ਼ਾ ਹੋਏ ਲੋਕਾਂ ਨੇ ਪਿੰਡ ਰਾਏਕੇ ਕਲਾਂ ਦੇ ਪਸ਼ੂ ਹਸਪਤਾਲ ਵਿਖੇ ਬੀਕੇਯੂ ਉਗਰਾਹਾਂ ਦੇ ਸੰਗਤ ਬਲਾਕ ਦੇ ਪ੍ਰਧਾਨ ਕੁਲਵੰਤ ਸ਼ਰਮਾ ਦੀ ਅਗਵਾਈ ਹੇਠ ਇਕੱਠੇ ਹੋ ਕੇ ਪੰਜਾਬ ਸਰਕਾਰ ਅਤੇ ਸਥਾਨਕ ਡਾਕਟਰ ਮਨੀਸ਼ ਕੁਮਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ। ਇਸ ਮੌਕੇ ਕੁਲਵੰਤ ਸ਼ਰਮਾ ਨੇ ਦੋਸ਼ ਲਗਾਏ ਕਿ ਪਿੰਡ ਵਿਚਲੇ ਪਸ਼ੂ ਹਸਪਤਾਲ ਦੇ ਡਾਕਟਰ ਮਨੀਸ਼ ਕੁਮਾਰ ਵੱਲੋਂ ਸੈਂਕੜੇ ਪਸ਼ੂ ਮਰਨ ਦੇ ਬਾਵਜੂਦ ਪਿੰਡ ਵਿੱਚ ਗੇੜਾ ਤੱਕ ਨਹੀਂ ਮਾਰਿਆ, ਜਦੋਂਕਿ ਪਿੰਡ ਵਿੱਚ ਵੈਟਰਨਰੀ ਵਿਭਾਗ ਦੇ ਸੀਨੀਅਰ ਡਾਕਟਰਾਂ ਦੀਆਂ ਟੀਮਾਂ ਪਿੰਡ ਵਿੱਚ ਦੌਰਾ ਕਰਕੇ ਇਸ ਗੰਭੀਰ ਬਿਮਾਰੀ ਦੀ ਜਾਂਚ ਕਰਦੇ ਹੋਏ ਵੇਰਵੇ ਇਕੱਠੇ ਕੀਤੇ ਜਾ ਰਹੇ ਹਨ।

ਇਸ ਸਬੰਧੀ ਜਦੋਂ ਪੱਖ ਜਾਣਨ ਲਈ ਵੈਟਰਨਰੀ ਡਾਕਟਰ ਮਨੀਸ਼ ਕੁਮਾਰ ਨਾਲ ਗੱਲ ਕਰਨ ਦੀ ਕੋਸ਼ਿਸ਼ ਕੀਤੀ ਤਾਂ ਉਨ੍ਹਾ ਫ਼ੋਨ ਨਹੀਂ ਚੁੱਕਿਆ। ਬਠਿੰਡਾ ਵੈਟਰਨਰੀ ਵਿਭਾਗ ਦੇ ਡਿਪਟੀ ਡਾਇਰੈਕਟਰ ਰਾਜਦੀਪ ਸਿੰਘ ਦਾ ਕਹਿਣਾ ਹੈ ਕਿ ਪਿੰਡ ਵਿੱਚ ਮਰੇ ਹੋਏ ਪਸ਼ੂਆਂ ਦੇ ਖ਼ੂਨ ਦੇ ਨਮੂਨੇ ਲੈ ਕੇ ਜਾਂਚ ਲਈ ਭੇਜੇ ਗਏ ਹਨ। ਉਨ੍ਹਾ ਕਿਹਾ ਕਿ ਬਿਮਾਰੀ ਬਾਰੇ ਰਿਪੋਰਟ ਆਉਣ ਤੋਂ ਬਾਅਦ ਹੀ ਦੱਸ ਸਕਣਗੇ ਕਿ ਕਿਸ ਬਿਮਾਰੀ ਕਾਰਨ ਪਸ਼ੂਆਂ ਦੀ ਮੌਤ ਹੋਈ ਹੈ। ਉਨ੍ਹਾ ਕਿਹਾ ਕਿ ਸੀਨੀਅਰ ਡਾਕਟਰਾਂ ਦੀ ਟੀਮ ਇਸ 'ਤੇ ਕੰਮ ਕਰ ਰਹੀ ਹੈ ਤੇ ਬਿਮਾਰੀ ਦੇ ਕਾਰਨਾਂ ਦਾ ਪਤਾ ਲਗਾਉਣ ਲਈ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ।

ਦਸਮ ਪਿਤਾ ਦੇ ਪ੍ਰਕਾਸ਼ ਦਿਹਾੜੇ ਮੌਕੇ ਨਗਰ ਕੀਰਤਨ ਸਜਾਇਆ

ਮਾਛੀਵਾੜਾ ਸਾਹਿਬ (ਸ਼ੌਕੀ ਸ਼ਰਮਾ, ਜਗਦੀਸ਼ ਰਾਏ)-ਸਿੱਖਾਂ ਦੇ ਦਸਵੇਂ ਗੁਰੂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਚਰਨ ਛੋਹ ਪ੍ਰਾਪਤ ਇਤਿਹਾਸਕ ਧਰਤੀ ਮਾਛੀਵਾੜਾ ਵਿਖੇ ਉਨ੍ਹਾਂ ਦਾ ਪ੍ਰਕਾਸ਼ ਦਿਹਾੜਾ ਸੰਗਤਾਂ ਵੱਲੋਂ ਬੜੀ ਹੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ।

ਬੁੱਧਵਾਰ ਸਵੇਰੇ ਇਤਿਹਾਸਕ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦਾ ਭੋਗ ਪਾਉਣ ਉਪਰੰਤ ਇੱਕ ਨਗਰ ਕੀਰਤਨ ਸਜਾਇਆ ਗਿਆ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਮੈਨੇਜਰ ਗੁਰਬਖ਼ਸ਼ ਸਿੰਘ, ਸ਼ਹਿਰੀ ਪ੍ਰਧਾਨ ਜਸਪਾਲ ਸਿੰਘ ਜੱਜ, ਬਲਾਕ ਸੰਮਤੀ ਮੈਂਬਰ ਹਰਜੋਤ ਸਿੰਘ ਮਾਂਗਟ ਨੇ ਪੰਜ ਪਿਆਰਿਆਂ ਨੂੰ ਸਿਰੋਪਾਓ ਭੇਟ ਕੀਤਾ ਤੇ ਜੋ ਬੋਲੇ ਸੋ ਨਿਹਾਲ ਦੇ ਜੈਕਾਰਿਆਂ ਦੀ ਗੂੰਜ ਨਾਲ ਇਹ ਨਗਰ ਕੀਰਤਨ ਰਵਾਨਾ ਹੋਇਆ ਅਤੇ ਇਤਿਹਾਸਕ ਗੁਰਦੁਆਰਾ ਸ੍ਰੀ ਚੁਬਾਰਾ ਸਾਹਿਬ ਤੇ ਗੁਰਦੁਆਰਾ ਭਾਈ ਗਨੀ ਖਾਂ ਨਬੀ ਖਾਂ ਦੇ ਦਰਸ਼ਨ ਕਰਨ ਉਪਰੰਤ ਗੁਰਦੁਆਰਾ ਸਾਹਿਬ ਵਿਖੇ ਆ ਕੇ ਹੀ ਸਮਾਪਤ ਹੋਇਆ। ਨਗਰ ਕੀਰਤਨ ਦੇ ਸਵਾਗਤ ਲਈ ਸੰਗਤਾਂ ਵੱਲੋਂ ਥਾਂ-ਥਾਂ 'ਤੇ ਸਜਾਵਟੀ ਗੇਟ ਤੇ ਲੰਗਰ ਲਗਾਏ ਗਏ। ਇਸ ਤੋਂ ਇਲਾਵਾ ਨਗਰ ਕੀਰਤਨ 'ਚ ਮਾਤਾ ਹਰਦੇਈ ਇਸਤਰੀ ਸਤਿਸੰਗ ਸਭਾ ਦੀਆਂ ਬੀਬੀਆਂ ਵੱਲੋਂ ਕੀਰਤਨ ਕੀਤਾ ਗਿਆ। ਗੁਰਦੁਆਰਾ ਸਿੰਘ ਸਭਾ ਮੇਨ ਬਜ਼ਾਰ ਦੀ ਪ੍ਰਬੰਧਕ ਕਮੇਟੀ ਤੇ ਸਮਾਜ ਸੇਵੀ ਜੇ. ਪੀ. ਸਿੰਘ ਮੱਕੜ ਵੱਲੋਂ ਨਗਰ ਕੀਰਤਨ ਦਾ ਗੁਰੂ ਘਰ ਵਿਖੇ ਪਹੁੰਚਣ 'ਤੇ ਨਿੱਘਾ ਸਵਾਗਤ ਕੀਤਾ ਗਿਆ। ਉਨ੍ਹਾਂ ਨੇ ਵੀ ਪੰਜ ਪਿਆਰਿਆਂ ਨੂੰ ਸਿਰੋਪਾ ਭੇਟ ਕਰ ਫੁੱਲਾਂ ਦੀ ਵਰਖਾ ਕੀਤੀ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਹੈੱਡ ਗ੍ਰੰਥੀ ਹਰਪਾਲ ਸਿੰਘ, ਕਥਾਵਾਚਕ ਭਾਈ ਏਕਨਾਮ ਸਿੰਘ, ਅਕਾਊਂਟੈਂਟ ਸੁਖਦੇਵ ਸਿੰਘ, ਖਜ਼ਾਨਚੀ ਜਸਪਿੰਦਰ ਸਿੰਘ, ਰਿਕਾਰਡ ਕੀਪਰ ਭੁਪਿੰਦਰ ਸਿੰਘ, ਸਟੋਰ ਕੀਪਰ ਗੁਲਜ਼ਾਰ ਸਿੰਘ, ਅਮਨਦੀਪ ਸਿੰਘ ਤਨੇਜਾ, ਗੁਰਨਾਮ ਸਿੰਘ ਖਾਲਸਾ, ਗ੍ਰੰਥੀ ਭੋਲਾ ਸਿੰਘ, ਜਸਵੀਰ ਸਿੰਘ ਗਿੱਲ, ਸਿਮਰਨਜੀਤ ਸਿੰਘ ਗੋਗੀਆ, ਅਨਮੋਲ ਸਿੰਘ ਆਦਿ ਮੌਜੂਦ ਸਨ।

ਕਿਰਤ ਵਿਭਾਗ ਵੱਲੋਂ 'ਪੰਜਾਬ ਕਿਰਤੀ ਸਹਾਇਕ' ਐਪ ਤਿਆਰ

ਬਠਿੰਡਾ (ਪਰਵਿੰਦਰ ਜੀਤ ਸਿੰਘ)

ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਨੇ ਦੱਸਿਆ ਕਿ ਪੰਜਾਬ ਬਿਲਡਿੰਗ ਐਂਡ ਅਦਰ ਕੰਸਟ੍ਰਕਸਨ ਵਰਕਰਜ ਵੈਲਫੇਅਰ ਬੋਰਡ ਇੱਕ ਅਜਿਹਾ ਬੋਰਡ ਹੈ, ਜਿਸ ਵਿਚ ਉਸਾਰੀ ਨਾਲ ਸਬੰਧਤ ਕੰਮ ਕਰਨ ਵਾਲਾ ਕੋਈ ਵੀ ਕਿਰਤੀ ਜਿਵੇਂ ਮਜ਼ਦੂਰ, ਰਾਜ ਮਿਸਤਰੀ, ਤਰਖਾਣ, ਸਰੀਆ ਬੰਨ੍ਹਣ ਵਾਲੇ, ਇਲੈਕਟ੍ਰੀਸ਼ੀਅਨ, ਪਲੰਬਰ ਆਦਿ ਇਸ ਬੋਰਡ ਵਿੱਚ ਰਜਿਸਟਰ ਹੋ ਸਕਦੇ ਹਨ। ਜੇਕਰ ਉਨ੍ਹਾਂ ਵੱਲੋਂ ਪਿਛਲੇ ਇੱਕ ਸਾਲ ਵਿੱਚ 90 ਦਿਨਾਂ ਤੋਂ ਵੱਧ ਉਸਾਰੀ ਨਾਲ ਸਬੰਧਤ ਕੰਮ ਕੀਤਾ ਹੋਵੇ ਤਾਂ ਇਸ ਸਬੰਧ ਵਿੱਚ ਕਿਰਤੀਆਂ ਵੱਲੋਂ ਫਾਰਮ ਨੰਬਰ 27 ਸਬਮਿਟ ਕੀਤਾ ਜਾਣਾ ਹੁੰਦਾ ਹੈ। ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਨੇ ਦੱਸਿਆ ਕਿ ਪਹਿਲਾਂ ਕਿਸੇ ਵੀ ਕਿਰਤੀ ਨੂੰ ਰਜਿਸਟਰ ਕਰਵਾਉਣ ਲਈ ਸੇਵਾ ਕੇਂਦਰ ਵਿੱਚ ਜਾ ਕੇ ਆਪਣੇ ਸਾਰੇ ਦਸਤਾਵੇਜ਼ ਦੇ ਕੇ ਰਜਿਸਟਰ ਹੋਣਾ ਪੈਂਦਾ ਸੀ, ਪਰ ਹੁਣ ਕਿਰਤ ਵਿਭਾਗ ਵਲੋਂ 'ਪੰਜਾਬ ਕਿਰਤੀ ਸਹਾਇਕ' ਐਪ ਤਿਆਰ ਕੀਤੀ ਗਈ ਹੈ। ਇਸ ਐਪ ਵਿੱਚ ਕਿਰਤੀ ਦੀ ਤਸਦੀਕ ਅਧਾਰ ਨਾਲ ਹੁੰਦੀ ਹੈ। ਕਿਰਤੀ ਦਾ ਸਾਰਾ ਡਾਟਾ ਅਧਾਰ ਡਾਟਾ ਵਿੱਚੋਂ ਭਰਿਆ ਜਾਂਦਾ ਹੈ। ਕਿਰਤੀ ਵਲੋਂ ਰਜਿਸਟ੍ਰੇਸ਼ਨ ਲਈ ਇੱਕ ਸਾਲ ਵਾਸਤੇ ਜਮ੍ਹਾਂ ਕਰਾਏ ਜਾਣ ਵਾਲੇ 145 ਰੁਪਏ ਪਹਿਲਾਂ ਬੈਂਕ ਰਾਹੀ ਜਾਂ ਆਨਲਾਈਨ ਜਮ੍ਹਾਂ ਕਰਾਏ ਜਾ ਸਕਦੇ ਸਨ ਅਤੇ ਇਹ ਸੁਵਿਧਾ ਐਪ ਵਿੱਚ ਉਪਲਬਧ ਸੀ, ਪਰ ਇਸ ਨੂੰ ਹੋਰ ਸੁਖਾਲਾ ਕਰਨ ਲਈ ਬੋਰਡ ਵੱਲੋਂ ਰੂਲਜ ਵਿੱਚ ਤਰਮੀਮ ਕੀਤੀ ਗਈ ਹੈ, ਜਿਸ ਨਾਲ ਕਿਰਤ ਵਿਭਾਗ ਦੇ ਕਿਸੇ ਵੀ ਅਧਿਕਾਰੀ ਜਿਵੇਂ ਕਿਰਤ ਇੰਸਪੈਕਟਰ, ਕਿਰਤ ਤੇ ਸਲਾਹ ਅਫ਼ਸਰ, ਸਹਾਇਕ ਕਿਰਤ ਕਮਿਸਨਰ, ਸਹਾਇਕ ਡਾਇਰੈਕਟਰ ਫੈਕਟਰੀਜ ਜਾਂ ਡਿਪਟੀ ਡਾਇਰੈਕਟਰ ਫੈਕਟਰੀਜ ਵੱਲੋਂ ਮੌਕੇ 'ਤੇ ਜਾ ਕੇ ਰਸੀਦਾਂ ਕੱਟੀਆਂ ਜਾ ਸਕਦੀਆਂ ਹਨ ਤੇ ਰਜਿਸਟ੍ਰੇਸ਼ਨ ਦਾ ਸਾਰਾ ਕੰਮ ਐਪ ਰਾਹੀਂ ਮੌਕੇ 'ਤੇ ਕੀਤਾ ਜਾ ਸਕਦਾ ਹੈ।

ਡੇਰਾ ਸ੍ਰੀ ਗੁਰੂ ਰਵਿਦਾਸ ਬੌੜਾਂ ਗੇਟ ਵਿਖੇ ਮਨਾਇਆ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ

ਨਾਭਾ (ਵਰਿੰਦਰ ਵਰਮਾ, ਤੇਜਾ ਸਿੰਘ)

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਦਿਹਾੜਾ ਡੇਰਾ ਸ੍ਰੀ ਗੁਰੂ ਰਵਿਦਾਸ ਬੌੜਾਂ ਗੇਟ ਨਾਭਾ ਵਿਖੇ ਸ੍ਰੀ ਗੁਰੂ ਰਵਿਦਾਸ ਸੇਵਾ ਸੁਸਾਇਟੀ (ਰਜਿ.) ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ ਸ਼ਰਧਾ ਪੂਰਵਕ ਮਨਾਇਆ ਗਿਆ।ਇਸ ਮੌਕੇ ਸ੍ਰੀਮਤੀ ਵਿਮਲ ਕੌਰ ਅਤੇ ਮਨਿੰਦਰ ਕੌਰ ਵਾਸੀ ਜੈਮਲ ਕਲੋਨੀ ਦੀ ਅਗਵਾਈ ਤੇ ਪ੍ਰੇਰਣਾ ਸਦਕਾ ਬੀਬੀਆਂ ਵੱਲੋਂ 1 ਜਨਵਰੀ ਤੋਂ 17 ਜਨਵਰੀ 2024 ਤੱਕ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਸਵੇਰੇ 5 ਤੋਂ 7 ਵਜੇ ਤੱਕ ਕੀਤੇ ਜਾਂਦੇ ਰਹੇ ਹਨ।ਬੱਚੀਆਂ ਦੁਆਰਾ ਸ਼ਬਦ ਕੀਰਤਨ ਤੇ ਬਾਬਾ ਹਰਜਿੰਦਰ ਸਿੰਘ ਵੱਲੋਂ ਕਥਾ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ਗਿਆ।1 ਜਨਵਰੀ ਤੋਂ 17 ਜਨਵਰੀ ਤੱਕ ਚਾਹ, ਰਸ, ਬਿਸਕੁਟ, ਬਰੈੱਡ ਪਕੌੜੇ ਦੇ ਲੰਗਰ ਲਾਏ ਜਾਂਦੇ ਰਹੇ ਹਨ।17

ਜਨਵਰੀ ਨੂੰ ਪ੍ਰਕਾਸ਼ ਪੁਰਬ ਮੌਕੇ ਸਵੇਰੇ 8 ਵਜੇ ਤੋਂ ਸ਼ਾਮ 4 ਵਜੇ ਤੱਕ ਚਾਹ, ਰਸ, ਬਿਸਕੁਟ, ਬਰੈਡ ਪਕੌੜੇ, ਦੁੱਧ ਦੇ ਲੰਗਰ ਲਾਏ ਗਏ।ਸ੍ਰੀ ਸੁਖਮਨੀ ਸਾਹਿਬ ਸੇਵਾ ਸੋਸਾਇਟੀ ਦੀਆਂ ਬੀਬੀਆਂ ਤੇ ਰਾਗੀ ਸਿੰਘਾਂ ਨੂੰ ਗਰਮ ਲੋਈਆਂ ਅਤੇ ਬੀਬੀਆਂ ਨੂੰ ਸ਼ਾਲ ਨਾਲ ਰਵਿੰਦਰ ਸਿੰਘ ਕੈਸ਼ੀਅਰ ਦੇ ਸਮੂਹ ਪਰਵਾਰ ਵੱਲੋਂ ਸਨਮਾਨਤ ਕੀਤਾ ਗਿਆ।ਰਾਜਵਿੰਦਰ ਸਿੰਘ ਰਾਜੂ ਵੱਲੋਂ 200 ਗਰੀਬ ਬੱਚਿਆਂ ਨੂੰ ਬੂਟ ਵੰਡੇ ਗਏ।ਬਰੈੱਡ ਤੇ ਚਾਹ ਦੀ ਸੇਵਾ ਵਿੱਚ ਗੁਰਲਾਲ ਜਨਾਲ, ਗੁਰਦਰਸ਼ਨ ਸਿੰਘ ਤੇ ਪ੍ਰਗਟ ਸਿੰਘ ਟੋਡਰਵਾਲ ਵੱਲੋਂ ਵਿਸ਼ੇਸ਼ ਸੇਵਾ ਕੀਤੀ ਗਈ।ਚਾਹ, ਬਰੈੱਡ ਬਣਾਉਣ ਅਤੇ ਵਰਤਾਉਣ ਦੀ ਸੇਵਾ ਗੁਰਜੰਟ ਸਿੰਘ ਜੰਟਾ, ਕਰਮ ਸਿੰਘ, ਹਰਨੇਕ ਸਿੰਘ, ਕਾਕਾ ਸਿਮਰਨ ਸਿੰਘ, ਸਤਨਾਮ ਸਿੰਘ, ਪ੍ਰਦੀਪ ਸਿੰਘ, ਬਿੱਟੂ ਮਹਿਮੀ, ਲਖਵਿੰਦਰ ਸਿੰਘ, ਕਰਨ ਸਿੰਘ, ਗੁਰਵਿੰਦਰ ਸਿੰਘ, ਜਸਵਿੰਦਰ ਸਿੰਘ ਨਿੱਪੂ ਆਦਿ ਨੇ ਵਿਸ਼ੇਸ਼ ਸੇਵਾ ਨਿਭਾਈ।ਇਸ ਸ਼ੁਭ ਮੌਕੇ ਸੁਸਾਇਟੀ ਦੇ ਅਹੁਦੇਦਾਰ ਰਾਮ ਸਿੰਘ ਮਹਿਮੀ ਪ੍ਰਧਾਨ, ਅਮਰ ਸਿੰਘ ਟੋਡਰਵਾਲ, ਰਵਿੰਦਰ ਸਿੰਘ, ਜਸਵੀਰ ਸਿੰਘ ਫੌਜੀ, ਰਾਮਧਨ ਸਿੰਘ ਤੇ ਰਣਜੀਤ ਸਿੰਘ ਆਦਿ ਨੇ ਹਾਜ਼ਰ ਹੋ ਕੇ ਸੇਵਾ ਨਿਭਾਈ।

ਪ੍ਰੈੱਸ ਕਲੱਬ ਨੂੰ ਰਾਮ ਭਗਤਾਂ ਨੇ ਦਿੱਤਾ ਸੱਦਾ ਪੱਤਰ

ਗੁਰੂ ਹਰਸਹਾਇ (ਫ਼ਕੀਰ ਚੰਦ ਸਿਕਰੀ)

ਅਯੋਧਿਆ ਵਿਖੇ 22 ਜਨਵਰੀ ਨੂੰ ਸ੍ਰੀ ਰਾਮ ਮੰਦਰ ਦੀ ਹੋਣ ਜਾ ਰਹੀ ਪ੍ਰਾਣ ਪ੍ਰਤਿਸ਼ਠਾ ਨੂੰ ਲੈ ਕੇ ਜਿੱਥੇ ਦੇਸ ਭਰ ਦੇ ਲੋਕਾਂ ਵਿੱਚ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ ਤੇ ਲੋਕਾਂ ਵੱਲੋਂ 22 ਜਨਵਰੀ ਨੂੰ ਵੱਖ-ਵੱਖ ਸ਼ਹਿਰਾਂ ਵਿੱਚ ਸਥਿਤ ਮੰਦਰਾਂ ਤੋਂ ਸ਼ੋਭਾ ਯਾਤਰਾ ਕੱਢੀਆਂ ਜਾ ਰਹੀਆਂ ਹਨ, ਉਥੇ ਹੀ ਲੋਕਾਂ ਵੱਲੋਂ ਇਸ ਦਿਨ ਕਈ ਮੰਦਰਾਂ ਵਿੱਚ ਪਾਠ, ਕੀਰਤਨ ਆਦਿ ਵੀ ਕੀਤੇ ਜਾ ਰਹੇ ਹਨ। ਇਸੇ ਦੇ ਚਲਦਿਆਂ ਸ੍ਰੀ ਰਾਮ ਮੰਦਰ ਦੀ ਪ੍ਰਾਣ ਪ੍ਰਤਿਸਠਾ ਨੂੰ ਲੈ ਕੇ ਰਾਮ ਭਗਤਾਂ ਵੱਲੋਂ ਵੱਖ-ਵੱਖ ਸ਼ਹਿਰਾਂ ਵਿੱਚ ਘਰ-ਘਰ ਜਾ ਕੇ ਲੋਕਾਂ ਨੂੰ ਸੱਦਾ ਪੱਤਰ ਦਿੱਤਾ ਜਾ ਰਿਹਾ ਹੈ ਤੇ ਅਯੋਧਿਆ ਤੋਂ ਆਏ ਪੀਲੇ ਰੰਗ ਦੇ ਚਾਵਲ ਪ੍ਰਸਾਦ ਦੇ ਰੂਪ 'ਚ ਦਿੱਤੇ ਜਾ ਰਹੇ ਹਨ। ਇਸੇ ਦੇ ਚੱਲਦਿਆਂ ਗੁਰੂਹਰਸਹਾਏ ਵਿਖੇ ਵੀ ਰਾਮ ਭਗਤਾਂ ਵੱਲੋਂ ਦੀ ਗੁਰੂ ਹਰ ਸਹਾਇ ਪ੍ਰੈਸ ਕਲੱਬ ਨੂੰ ਸ੍ਰੀ ਰਾਮ ਮੰਦਰ ਦੀ ਪ੍ਰਣ ਪ੍ਰਤਿਸ਼ਠਾ ਨੂੰ ਲੈ ਕੇ ਸੱਦਾ ਪੱਤਰ ਦਿੱਤਾ ਗਿਆ। ਇਸ ਮੌਕੇ ਦੀ ਗੁਰੂ ਹਰਸਹਾਇ ਪ੍ਰੈਸ ਕਲੱਬ ਦੇ ਪ੍ਰਧਾਨ ਕਪਿਲ ਕੰਧਾਰੀ, ਚੇਅਰਮੈਨ ਸੁਨੀਲ ਵਿੱਕੀ ਆਵਲਾ, ਉਪ ਪ੍ਰਧਾਨ ਮਨਜੀਤ ਸਿਯੋਨਾ, ਸਰਪ੍ਰਸਤ ਫਕੀਰ ਚੰਦ ਸਿਕਰੀ, ਸੈਕਟਰੀ ਗਗਨ ਮੱਕੜ, ਕੈਸ਼ੀਅਰ ਬਲਜਿੰਦਰ ਹਾਂਡਾ, ਸੁਰਿੰਦਰ ਹਾਂਡਾ, ਰਜਿੰਦਰ ਕੰਬੋਜ, ਮਨੀਸ਼ ਪਿੰਡੀ, ਜੀਵਨਜੋਤ ਕੌਰ ਨੂੰ ਰਾਮ ਭਗਤਾਂ ਵੱਲੋਂ ਤਿਲਕ ਲਾ ਕੇ ਅਯੋਧਿਆ ਤੋਂ ਆਏ ਪੀਲੇ ਚਾਵਲ ਪ੍ਰਸਾਦ ਦੇ ਰੂਪ ਵਿੱਚ ਦਿੱਤੇ ਤੇ ਉੱਥੋਂ ਆਏ ਸੱਦਾ ਪੱਤਰ ਵੀ ਪੂਰੀ ਪ੍ਰੈਸ ਕਲੱਬ ਨੂੰ ਦਿੱਤਾ ਗਿਆ।

ਕਪਿਲ ਕੰਧਾਰੀ ਤੇ ਸਮੂਹ ਅਹੁਦੇਦਾਰਾਂ ਨੂੰ ਸ੍ਰੀ ਰਾਮ ਮੰਦਰ ਦੀ ਪ੍ਰਾਣ ਪ੍ਰਤਿਸ਼ਠਾ ਦੇ ਸੰਬੰਧ ਵਿੱਚ ਸੱਦਾ ਪੱਤਰ ਦਿੰਦੇ ਹੋਏ ਰਾਮ ਭਗਤ।

ਰਾਮ ਮੰਦਰ ਉਦਘਾਟਨ ਨੂੰ ਲੈ ਕੇ ਭਗਤਾ ਭਾਈਕਾ 'ਚ ਤਿਆਰੀਆਂ ਜ਼ੋਰਾਂ 'ਤੇ

ਦੁ

19-JAN-PAGE-11-Majha-24.qxd 1/18/2024 10:43 PM Page 1

ਪਹਿਲੀ ਫਰਵਰੀ ਨੂੰ ਲੱਖਾਂ ਕਿਸਾਨ, ਮਜ਼ਦੂਰ ਤੇ ਬੀਬੀਆਂ ਹੋਣਗੇ ਦਿੱਲੀ ਨੂੰ ਰਵਾਨਾ : ਸ਼ਕਰੀ

ਮੀਆਂਵਿੰਡ (ਰਵੀ ਖਹਿਰਾ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ੋਨ ਸ੍ਰੀ ਗੁਰੂ ਅੰਗਦ ਦੇਵ ਵੱਲੋਂ ਦੋ ਗੈਰ ਰਾਜਨੀਤਕ ਫੋਰਮਾਂ ਵੱਲੋਂ ਦਿੱਲੀ ਸਾਂਝੇ ਮੋਰਚੇ ਦੀਆਂ ਤਿਆਰੀਆਂ ਦੇ ਸਬੰਧ ਵਿੱਚ ਅੱਜ ਪਿੰਡ ਜਲਾਲਾਬਾਦ ਦੀ ਦਾਣਾ ਮੰਡੀ ਵਿਖੇ ਜ਼ੋਨ ਪ੍ਰਧਾਨ ਮੁਖਤਾਰ ਸਿੰਘ ਬਿਹਾਰੀਪੁਰ, ਜ਼ੋਨ ਸਕੱਤਰ ਸਤਨਾਮ ਸਿੰਘ ਖੋਜਕੀਪੁਰ, ਜ਼ੋਨ ਪ੍ਰੈਸ ਸਕੱਤਰ ਹਰਜਿੰਦਰ ਸਿੰਘ ਘੱਗੇ ਅਤੇ ਸਾਹਿਬ ਸਿੰਘ ਨਰੋਤਮਪੁਰ ਦੀ ਅਗਵਾਈ ਹੇਠ ਕਨਵੈਨਸ਼ਨ ਕਰਵਾਈ ਗਈ ਜਿਸ ਵਿੱਚ ਕਿਸਾਨ ਆਗੂਆਂ ਨੇ ਕਿਸਾਨਾਂ ਮਜ਼ਦੂਰਾਂ ਅਤੇ ਬੀਬੀਆਂ ਦੇ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਸੂਬਾ ਅਤੇ ਜ਼ਿਲ੍ਹਾ ਸਕੱਤਰ ਹਰਜਿੰਦਰ ਸਿੰਘ ਸਕਰੀ ਨੇ ਦੱਸਿਆ ਕਿ ਉਤਰ ਭਾਰਤ ਦੀਆਂ 18 ਜਥੇਬੰਦੀਆਂ ਵੱਲੋਂ ਤੇ ਗੈਰ ਰਾਜਨੀਤਕ ਸੰਯੁਕਤ ਮੋਰਚੇ ਕਾਲ 'ਤੇ 13 ਫਰਵਰੀ ਨੂੰ ਫਿਰ ਤੋਂ ਦਿੱਲੀ ਪੱਕੇ ਮੋਰਚੇ ਦਾ ਬਿਗੁਲ ਵੱਜ ਗਿਆ ਹੈ ਜਿਸ ਵਿੱਚ ਭਾਰਤ ਦੇ ਕਿਸਾਨਾਂ ਮਜ਼ਦੂਰਾਂ ਤੇ ਆਮ ਵਰਗ ਦੀਆਂ ਮੰਗਾਂ ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ ਅਨੁਸਾਰ 23 ਫਸਲਾਂ 'ਤੇ ਐਮ ਐਸ ਪੀ ਗਰੰਟੀ ਕਾਨੂੰਨ ਮੰਨ ਕੇ ਮੋਦੀ ਸਰਕਾਰ ਨੇ ਵਾਅਦਾ ਖਿਲਾਫੀ ਕੀਤੀ । ਲਖੀਮਪੁਰ ਖੀਰੀ ਕਤਲ ਕਾਂਡ ਨਿਹੱਥੇ ਕਿਸਾਨਾਂ ਉਪਰ ਕੇਂਦਰੀ ਮੰਤਰੀ ਅਜੇ ਮਿਸ਼ਰਾ ਦੇ ਗੁੰਡਿਆਂ ਵੱਲੋਂ ਗੱਡੀਆਂ ਚਾੜ੍ਹ ਕੇ ਸ਼ਹੀਦ ਕੀਤਾ ਗਿਆ ਅਤੇ ਦੋਸ਼ੀ ਅਜੇ ਤੱਕ ਸਲਾਖਾਂ ਤੋ ਬਾਹਰ ਬੇਖੌਫ ਘੁਮ ਰਹੇ ਹਨ। ਭਾਰਤ ਦੇ ਕਿਸਾਨਾਂ ਨੂੰ ਖੇਤੀ ਤੋਂ ਦੂਰ ਕਰਨ ਵਾਸਤੇ ਨਵੇਂ ਕਾਨੂੰਨ ਲਿਆਂਦੇ ਜਾ ਰਹੇ ਹਨ। ਕਿਸਾਨਾਂ ਮਜ਼ਦੂਰਾਂ ਦੇ ਸਮੁੱਚੇ ਕਰਜ਼ੇ ਮੁਆਫ ਕਰਨ ਅਤੇ ਫਸਲੀ ਬੀਮਾ ਯੋਜਨਾ ਲਾਗੂ ਕਰਵਾਉਣ, 2020 ਬਿਜਲੀ ਸੋਧ ਬਿੱਲ ਰੱਦ ਕਰਵਾਉਣ ਸਮੇਤ ਹੋਰ ਮੰਗਾਂ ਮਨਵਾਉਣ ਲਈ ਹੋਣ ਜਾ ਰਹੇ ਅੰਦੋਲਨ ਵਿਚ ਵੱਧ ਚੜ੍ਹ ਕੇ ਸਾਥ ਦੇਣ ਦੀ ਅਪੀਲ ਕੀਤੀ ਅਤੇ ਪਿੰਡਾਂ ਵਿੱਚ ਘਰ ਘਰ ਜਾ ਕੇ ਲੋਕਾਂ ਨੂੰ ਜਾਗਰੂਕ ਕਰਕੇ ਪਿੰਡਾਂ ਵਿੱਚ ਵੱਡੀਆਂ ਮੀਟਿੰਗਾਂ ਅਤੇ ਟਰੈਕਟਰ ਮਾਰਚ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪਿਛਲੇ ਦਿਨੀਂ ਉਸਮਾਂ ਟੋਲ ਪਲਾਜ਼ਾ ਤੇ ਕੁਝ ਮੰਗਾਂ ਨੂੰ ਲੈ ਕੇ ਧਰਨਾ ਲਗਾਇਆ ਗਿਆ ਸੀ ਜੋ ਗੋਇੰਦਵਾਲ ਡੀ ਐਸ ਐਸ ਪੀ ਰਵੀਸ਼ੇਰ ਸਿੰਘ ਨੇ ਮਸਲੇ ਹੱਲ ਕਰਨ ਦਾ ਸਮਾਂ ਲਿਆ ਸੀ। ਜੇਕਰ 30 ਜਨਵਰੀ ਤੱਕ ਮਸਲਿਆਂ ਨੂੰ ਹੱਲ ਨਾ ਕੀਤਾ ਤਾਂ ਡੀ ਐਸ ਪੀ ਗੋਇੰਦਵਾਲ ਦੇ ਦਫਤਰ ਅੱਗੇ ਵੱਡੇ ਸੰਘਰਸ਼ ਕੀਤੇ ਜਾਣਗੇ।

ਇਸ ਮੌਕੇ ਪਰਮਜੀਤ ਸਿੰਘ ਬਾਠ ਦਾਰਾਪੁਰ, ਪ੍ਰਤਾਪ ਸਿੰਘ ਸ਼ਾਹ ਰਾਮਪੁਰ, ਜਸਬੀਰ ਸਿੰਘ ਜਲਾਲਾਬਾਦ ਖੁਰਦ, ਗੁਰਪਾਲ ਸਿੰਘ ਜਲਾਲਾਬਾਦ, ਪ੍ਰਭਜੋਤ ਸਿੰਘ ਜਲਾਲਾਬਾਦ, ਨਿਰਮਲ ਸਿੰਘ ਹੋਠੀਆ, ਜਗਜੀਤ ਸਿੰਘ ਭਲੋਜਲਾ, ਕੰਵਰਜੀਤ ਸਿੰਘ ਬਹਾਦਰਪੁਰ, ਤਰਲੋਚਨ ਸਿੰਘ ਨਰੋਤਮਪੁਰ, ਮੰਨਤ ਸਿੰਘ ਨਰੋਤਮਪੁਰ , ਲਖਬੀਰ ਸਿੰਘ ਵੈਰੋਵਾਲ, ਧਰਮਿੰਦਰ ਸਿੰਘ ਆਲਮਪੁਰ, ਜਗਤਾਰ ਸਿੰਘ ਘੱਗੇ, ਬਲਜੀਤ ਸਿੰਘ ਘੱਗੇ, ਲਵਜੀਤ ਸਿੰਘ ਖੋਜਕੀਪੁਰ, ਮਨਜੀਤ ਸਿੰਘ ਖੋਜਕੀਪੁਰ, ਕਾਹਨ ਸਿੰਘ ਗਗੜੇਵਾਲ, ਸੁਖਦੇਵ ਸਿੰਘ ਬਿਹਾਰੀਪੁਰ, ਅਮਰਜੀਤ ਸਿੰਘ ਬਿਹਾਰੀਪੁਰ, ਜਸਬੀਰ ਸਿੰਘ ਪਿੰਡੀਆਂ, ਰਣਜੀਤ ਸਿੰਘ ਲਿੱਧੜ, ਸਤਪਾਲ ਸਿੰਘ ਲਿੱਧੜ, ਰੂਪ ਸਿੰਘ ਵੈਰੋਵਾਲ ਬਾਵੇ, ਸੂਬੇਦਾਰ ਨਿਰਮਲ ਸਿੰਘ ਘੱਗੇ, ਬੀਬੀ ਰਾਜਵਿੰਦਰ ਕੌਰ ਖੋਜਕੀਪੁਰ, ਮਾਤਾ ਚਰਨ ਕੌਰ ਖੋਜਕੀਪੁਰ, ਜਗੀਰ ਕੌਰ ਘੱਗੇ, ਭੁਪਿੰਦਰ ਕੌਰ ਘੱਗੇ, ਕੁਲਵਿੰਦਰ ਕੌਰ ਜਲਾਲਾਬਾਦ, ਜਸਵਿੰਦਰ ਕੌਰ ਜਲਾਲਾਬਾਦ, ਪ੍ਰਕਾਸ਼ ਕੌਰ ਜਲਾਲਾਬਾਦ, ਅਮਰਜੀਤ ਕੌਰ ਖੋਜਕੀਪੁਰ, ਕੁਲਵੰਤ ਕੌਰ ਖੋਜਕੀਪੁਰ, ਹਰਭਜਨ ਕੌਰ ਘੱਗੇ ਅਤੇ ਬੀਬੀ ਬਲਵਿੰਦਰ ਕੌਰ ਸਮੇਤ ਵੱਖ ਵੱਖ ਪਿੰਡਾਂ ਤੋਂ ਵੱਡੀ ਗਿਣਤੀ ਵਿੱਚ ਕਿਸਾਨ ਮਜ਼ਦੂਰ ਅਤੇ ਬੀਬੀਆਂ ਹਾਜ਼ਰ ਸਨ।

15 ਟਰੱਕ ਤੇ ਦੋ ਜੇ ਸੀ ਬੀ ਸਣੇ ਨਜਾਇਜ਼ ਮਾਈਨਿੰਗ ਕਰਦੇ ਤਿੰਨ ਕਾਬੂ

ਅਜਨਾਲਾ (ਸੁਖਜਿੰਦਰ ਸਿੰਘ ਰਾਜੂ)-ਸਰਹੱਦੀ ਪਿੰਡ ਸਾਹੋਵਾਲ ਤੋਂ ਥਾਣਾ ਅਜਨਾਲਾ ਦੀ ਪੁਲਸ ਨੇ ਰੇਤੇ ਦਾ ਨਜਾਇਜ਼ ਕਾਰੋਬਾਰ ਕਰਨ ਵਾਲਿਆਂ ਖਿਲਾਫ ਵੱਡੀ ਕਾਰਵਾਈ ਕਰਦਿਆਂ 15 ਟਰੱਕਾਂ ਸਮੇਤ ਤਿੰਨ ਵਿਅਕਤੀਆਂ ਨੂੰ ਕਾਬੂ ਕੀਤਾ ਹੈ। ਇਸ ਸਬੰਧੀ ਐੱਸ.ਐੱਚ.ਓ ਸੁਖਜਿੰਦਰ ਸਿੰਘ ਖਹਿਰਾ ਨੇ ਦੱਸਿਆ ਕਿ ਮਾਈਨਿੰਗ ਅਫਸਰ ਅੰਮ੍ਰਿਤਸਰ ਰਮਨਦੀਪ ਸਿੰਘ ਵੱਲੋਂ ਪਿੰਡ ਸਾਹੋਵਾਲ ਵਿਖੇ 10 ਤੋਂ 14 ਫੁੱਟ ਤੱਕ ਨਜਾਇਜ਼ ਤੌਰ 'ਤੇ ਮਿੱਟੀ ਦੀ ਪੁਟਾਈ ਹੋਣ ਸਬੰਧੀ ਪੱਤਰ ਮਿਲਿਆ ਸੀ ਜਿਸ 'ਤੇ ਕਾਰਵਾਈ ਕਰਦਿਆਂ ਜਦੋਂ ਪਿੰਡ ਸਾਹੋਵਾਲ ਵਿਖੇ ਪੁਲਸ ਨੇ ਛਾਪੇਮਾਰੀ ਕੀਤੀ ਤਾਂ ਨਜਾਇਜ਼ ਮਾਈਨਿੰਗ ਕਰ ਰਹੇ 15 ਟਰੱਕ (ਟਿੱਪਰ), 2 ਜੇ.ਸੀ.ਬੀ ਮਸ਼ੀਨਾਂ ਬਰਾਮਦ ਕਰਦਿਆਂ ਜਗਤਾਰ ਸਿੰਘ ਵਾਸੀ ਡੱਲਾ, ਗੁਰਸੇਵਕ ਸਿੰਘ ਵਾਸੀ ਰਾਏਪੁਰ ਅਤੇ ਸ਼ਮਸ਼ੇਰ ਸਿੰਘ ਵਾਸੀ ਸਾਹੋਵਾਲ ਨੂੰ ਗ੍ਰਿਫ਼ਤਾਰ ਕਰਕੇ ਅਗਲੇਰੀ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਉਨ੍ਹਾ ਇਹ ਵੀ ਦੱਸਿਆ ਕਿ ਇਸ ਸਬੰਧੀ ਤਫਤੀਸ਼ ਜਾਰੀ ਹੈ ਅਤੇ ਜਿਸ ਕਿਸੇ ਦੀ ਵੀ ਸ਼ਮੂਲੀਅਤ ਸਾਹਮਣੇ ਆਵੇਗੀ ਉਸ ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ।

30 ਨੂੰ ਦਾਣਾ ਮੰਡੀ ਕਲਾਨੌਰ ਹੋਵੇਗੀ ਕਿਸਾਨ ਪੰਚਾਇਤ : ਭੋਜਰਾਜ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਕਿਸਾਨ ਤੇ ਜਵਾਨ ਭਲਾਈ ਯੂਨੀਅਨ ਪੰਜਾਬ ਦੇ ਪ੍ਰਧਾਨ ਸੁਖਦੇਵ ਸਿੰਘ ਭੋਜਰਾਜ ਅਤੇ ਸੂਬਾ ਜਨਰਲ ਸਕੱਤਰ ਕਵਲਜੀਤ ਸਿੰਘ ਖੁਸ਼ਹਾਲਪੁਰ ਨੇ ਪ੍ਰੈਸ ਨੋਟ ਜਾਰੀ ਕਰਦਿਆਂ ਕਿਹਾ ਕਿ ਸੂਬਾ ਸਰਕਾਰ ਨਾਲ ਸੰਬੰਧਤ ਕੁਝ ਸਥਾਨਕ ਮਸਲੇ ਅਤੇ ਕੇਂਦਰ ਸਰਕਾਰ ਵੱਲੋਂ ਪਿਛਲੇ ਸੰਘਰਸ਼ ਦੌਰਾਨ ਮੰਨੀਆਂ ਹੋਈਆਂ ਮੰਗਾਂ ਨੂੰ ਲਾਗੂ ਕਰਵਾਉਣ ਲਈ ਸੰਯੁਕਤ ਕਿਸਾਨ ਮੋਰਚਾ ਗੈਰ ਰਾਜਨੀਤਿਕ ਅਤੇ ਉੱਤਰੀ ਭਾਰਤ ਦੀਆਂ 18 ਜਥੇਬੰਦੀਆਂ ਦੇ ਸਾਂਝੇ ਫੋਰਮ ਵੱਲੋਂ 13 ਫਰਵਰੀ ਨੂੰ ਮੁੜ ਦਿੱਲੀ ਨੂੰ ਕੂਚ ਕੀਤਾ ਜਾ ਰਿਹਾ ਹੈ ਜਿਸ ਦੀ ਲਾਮਬੰਦੀ ਲਈ 30 ਜਨਵਰੀ ਨੂੰ ਦਾਣਾ ਮੰਡੀ ਕਲਾਨੌਰ ਵਿੱਚ ਕਿਸਾਨ ਪੰਚਾਇਤ ਰੱਖੀ ਗਈ ਹੈ। ਕਿਸਾਨ ਆਗੂਆਂ ਨੇ ਕਿਹਾ ਕਿ ਇਸ ਸੰਘਰਸ਼ ਦੀਆਂ ਮੁੱਖ ਮੰਗਾਂ ਸਾਰੀਆਂ ਫਸਲਾਂ 'ਤੇ ਐਮ ਐਸ ਪੀ ਦਾ ਗਰੰਟੀ ਕਾਨੂੰਨ ਲਾਗੂ ਕਰਵਾਉਣ ਅਤੇ ਡਾਕਟਰ ਸਵਾਮੀਨਾਥਨ ਕਮਿਸ਼ਨ ਦੀ ਸਿਫਾਰਸ਼ ਮੁਤਾਬਿਕ ਫਸਲਾਂ ਦੇ ਭਾਅ ਤੈਅ ਕਰਨੇ, ਬਿਜਲੀ ਸੈਕਟਰ ਨੂੰ ਨਿੱਜੀ ਹੱਥਾਂ ਵਿੱਚ ਦੇਣ ਵਾਲੇ ਬਿਜਲੀ ਸੋਧ ਬਿੱਲ 2020 ਨੂੰ ਰੱਦ ਕਰਨਾ, ਕਿਸਾਨਾਂ ਅਤੇ ਮਜ਼ਦੂਰਾਂ ਨੂੰ ਕਰਜ਼ ਮੁਕਤ ਕਰਨਾ, ਲਖੀਮਪੁਰ ਖੀਰੀ ਕਾਂਡ ਦੇ ਪੀੜਤਾਂ ਨੂੰ ਇਨਸਾਫ ਦਿਵਾਉਣ, ਦਿੱਲੀ ਮੋਰਚੇ ਦੌਰਾਨ ਸ਼ਹੀਦ ਹੋਏ ਕਿਸਾਨਾਂ ਅਤੇ ਮਜ਼ਦੂਰਾਂ ਦੇ ਪਰਵਾਰਾਂ ਨੂੰ ਸਰਕਾਰੀ ਨੌਕਰੀਆਂ ਅਤੇ ਮੁਆਵਜ਼ਾ ਰਾਸ਼ੀ ਦਿਵਾਉਣ ਲਈ, ਕਿਸਾਨੀ ਅੰਦੋਲਨ ਦੌਰਾਨ ਸਾਰੇ ਸੂਬਿਆਂ 'ਚ ਕਿਸਾਨਾਂ ਮਜ਼ਦੂਰਾਂ ਉੱਤੇ ਦਰਜ ਹੋਏ ਪਰਚੇ ਰੱਦ ਕਰਵਾਉਣ ਲਈ, ਖੇਤੀ ਸੈਕਟਰ ਨੂੰ ਪ੍ਰਦੂਸਣ ਕਾਨੂੰਨ ਵਿੱਚੋਂ ਬਾਹਰ ਕਰਵਾਉਣ ਲਈ, ਭਾਰਤ ਵਿਸ਼ਵ ਵਪਾਰ ਸੰਸਥਾ ਵਿੱਚੋਂ ਬਾਹਰ ਸੰਸਥਾ ਵਿੱਚੋਂ ਬਾਹਰ ਆਵੇ, ਵਿਦੇਸ਼ਾਂ ਤੋਂ ਆਉਣ ਵਾਲੀਆਂ ਖੇਤੀ ਜਿਣਸਾਂ ਉੱਪਰ ਆਯਾਤ ਡਿਊਟੀ ਘਟਾਉਣ ਦੀ ਬਜਾਏ ਵਧਾਈ ਜਾਵੇ, 58 ਸਾਲ ਤੋਂ ਵਧੇਰੇ ਉਮਰ ਦੇ ਕਿਸਾਨ ਅਤੇ ਮਜ਼ਦੂਰਾਂ ਲਈ ਪੈਨਸਨ ਯੋਜਨਾ ਲਾਗੂ ਕਰਕੇ 10000 ਰੁਪਏ ਪ੍ਰਤੀ ਮਹੀਨਾ ਪੈਨਸ਼ਨ ਦਿੱਤੀ ਜਾਵੇ, ਖੇਤ ਨੂੰ ਇਕਾਈ ਮੰਨ ਕੇ ਸਰਕਾਰ ਖੁਦ ਪ੍ਰੀਮੀਅਮ ਭਰ ਕੇ ਫਸਲ ਬੀਮਾ ਯੋਜਨਾ ਲਾਗੂ ਕਰੇ, ਜ਼ਮੀਨ ਐਕਵਾਇਰ ਕਰਨ ਸਬੰਧੀ 2013 ਦੇ ਐਕਟ ਨੂੰ ਉਸੇ ਰੂਪ ਵਿੱਚ ਲਾਗੂ ਕਰਵਾਉਣਾ ਆਦਿ ਮੰਗਾਂ ਮੁੱਖ ਚਰਚਾ ਵਿੱਚ ਰਹਿਣਗੀਆਂ।

ਕਿਸਾਨ ਆਗੂ ਭੋਜਰਾਜ ਨੇ ਕਿਹਾ ਕਿ ਇਸ ਕਿਸਾਨ ਪੰਚਾਇਤ ਵਿੱਚ ਪੰਜਾਬ ਸਰਕਾਰ ਨਾਲ ਸੰਬੰਧਤ ਅਤੇ ਸਥਾਨਕ ਮਸਲੇ ਜਿਨ੍ਹਾਂ ਵਿੱਚ ਚਿੱਪ ਵਾਲੇ ਮੀਟਰ ਬੰਦ ਕਰਵਾਉਣੇ, ਕਾਰਪੋਰੇਟ ਘਰਾਣਿਆਂ ਦੇ ਸਾਈਲੋਜ ਨੂੰ ਦਿੱਤੀ ਗਈ ਮੰਡੀਆਂ ਵਜੋਂ ਮਾਨਤਾ ਰੱਦ ਕਰਵਾਉਣੀ, ਸ਼ਹੀਦ ਕਿਸਾਨਾਂ ਦੇ ਪਰਵਾਰਾਂ ਨੂੰ ਮੁਆਵਜ਼ਾ ਤੇ ਸਰਕਾਰੀ ਨੌਕਰੀਆਂ ਦਿਵਾਉਣੀਆਂ, ਤਹਿਸੀਲ ਧਰ ਕਲਾਂ ਦੀ 27,550 ਏਕੜ ਜ਼ਮੀਨ ਦਾ ਜੰਗਲਾਤ ਮਹਿਕਮੇ ਦੇ ਨਾਂ ਗੈਰ ਕਾਨੂੰਨੀ ਇੰਤਕਾਲ ਰੱਦ ਕਰਵਾਉਣਾ, ਨਿਕਾਸੀ, ਪ੍ਰਦੇਸ ਸਰਕਾਰ ਅਤੇ 2007 ਦੀ ਪੋਲਸੀ ਵਾਲੀਆਂ ਜ਼ਮੀਨਾਂ ਦੇ ਆਬਾਦਕਾਰਾਂ ਨੂੰ ਮਾਲਕਾਂ ਨਾਲ ਹੱਕ ਦਿਵਾਉਣੇ, ਲੰਪੀ ਸਕਿਨ ਬਿਮਾਰੀ ਨਾਲ ਮਾਰੇ ਗਏ ਪਸ਼ੂ ਧਨ, ਝੋਨੇ ਦੀ ਫਸਲ, ਗੜੇਮਾਰੀ ਨਾਲ ਖਰਾਬ ਹੋਈਆਂ ਫਸਲਾਂ ਅਤੇ ਹੜ੍ਹਾਂ ਦੌਰਾਨ ਖਰਾਬ ਹੋਈਆਂ ਫਸਲਾਂ ਦਾ ਮੁਆਵਜ਼ਾ ਲੈਣਾ, ਕਲਾਨੌਰ ਡਿਸਟਰੀਬਿਊਟਰੀ ਨੂੰ ਸੰਪੂਰਨ ਨਹਿਰ ਦੀ ਸ਼ਕਲ ਦੇਣ, ਮਾਈਕਰੋ ਫਾਇਨਾਂਸ ਕੰਪਨੀਆਂ ਵੱਲੋਂ ਗਰੀਬ ਕਿਸਾਨਾਂ ਅਤੇ ਮਜ਼ਦੂਰਾਂ ਨਾਲ ਕੀਤੀ ਜਾਂਦੀ ਧੱਕੇਸ਼ਾਹੀ ਰੋਕਣੀ ਆਦਿ ਮਸਲੇ ਵੀ ਗੰਭੀਰਤਾ ਨਾਲ ਉਠਾਏ ਜਾਣਗੇ। ਇਸ ਮੌਕੇ ਕਿਸਾਨ ਮਜ਼ਦੂਰ ਯੂਨੀਅਨ ਪੰਜਾਬ ਦੇ ਪ੍ਰਧਾਨ ਬਲਬੀਰ ਸਿੰਘ ਰੰਧਾਵਾ ਵੀ ਮੌਜੂਦ ਰਹੇ। ਉਨ੍ਹੇ ਇਸ ਕਿਸਾਨ ਪੰਚਾਇਤ ਨੂੰ ਪੂਰਨ ਸਮਰਥਨ ਦੇਣ ਦਾ ਭਰੋਸਾ ਦਿੱਤਾ ਅਤੇ ਕਿਸਾਨਾਂ, ਮਜ਼ਦੂਰਾਂ, ਔਰਤਾਂ ਸਮੂਹ ਕਿਰਤੀਆਂ, ਛੋਟੇ ਕਾਰੋਬਾਰੀਆਂ, ਦੁਕਾਨਦਾਰਾਂ, ਵਿਦਿਆਰਥੀਆਂ, ਕੱਚੇ ਪੱਕੇ ਮੁਲਾਜ਼ਮਾਂ, ਆੜ੍ਹਤੀਆਂ, ਪੱਤਰਕਾਰਾਂ ਨੂੰ ਇਸ ਕਿਸਾਨ ਪੰਚਾਇਤ ਵਿੱਚ ਸ਼ਾਮਲ ਹੋਣ ਦੀ ਬੇਨਤੀ ਕੀਤੀ।

ਮੁੱਖ ਮੰਤਰੀ ਦੇ 26 ਨੂੰ ਲੁਧਿਆਣਾ 'ਚ ਘਿਰਾਓ ਸੰਬੰਧੀ ਸੂਬਾ ਪੱਧਰੀ ਅਹਿਮ ਮੀਟਿੰਗ 21 ਨੂੰ

ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਆਪ ਸਰਕਾਰ ਦੇ ਲਾਰਿਆਂ ਅਤੇ ਵਾਅਦਾ ਖਿਲਾਫੀ ਤੋਂ ਨਰਾਜ਼ ਮੁਲਾਜ਼ਮ ਵਰਗ ਵਿੱਚੋਂ ਇੱਕ ਸੰਘਰਸਸੀਲ ਜਥੇਬੰਦੀ ਪੰਜਾਬ ਏਡਜ ਕੰਟਰੋਲ ਇੰਪਲਾਈਜ਼ ਵੈਲਫੇਅਰ ਐਸੋਸੀਏਸ਼ਨ (ਰਜਿ.) ਸਿਹਤ ਵਿਭਾਗ ਜਿਸ ਨੇ 26 ਜਨਵਰੀ ਨੂੰ ਲੁਧਿਆਣਾ ਵਿਖੇ ਮੁੱਖ ਮੰਤਰੀ ਦੇ ਗਣਤੰਤਰ ਦਿਵਸ ਉਪਰ ਝੰਡਾ ਲਹਿਰਾਉਣ ਦੀ ਰਸਮ ਦੌਰਾਨ ਵਿਰੋਧ ਪ੍ਰਦਰਸ਼ਨ ਕਰਨ ਦਾ ਫੈਸਲਾ ਕੀਤਾ ਹੋਇਆ ਹੈ, ਇਸ ਪ੍ਰਦਰਸ਼ਨ ਦੀ ਰਣਨੀਤੀ ਉਲੀਕਣ ਲਈ 21 ਜਨਵਰੀ ਨੂੰ ਲੁਧਿਆਣਾ ਵਿਖੇ ਕਿਸਾਨ ਯੂਨੀਅਨ ਲੱਖੋਵਾਲ ਨੇੜੇ ਬੱਸ ਸਟੈਂਡ ਵਿਖੇ ਪੰਜਾਬ ਭਰ ਦੇ ਨੁਮਾਇੰਦਿਆਂ ਦੀ ਅਹਿਮ ਮੀਟਿੰਗ ਬੁਲਾਈ ਹੈ ਇਹ ਜਾਣਕਾਰੀ ਪ੍ਰੈਸ ਨੂੰ ਦਿੰਦਿਆਂ ਸੂਬਾ ਪ੍ਰਧਾਨ ਜਸਮੇਲ ਸਿੰਘ ਦਿਓਲ ਲੁਧਿਆਣਾ ਨੇ ਦੱਸਿਆ ਕਿ ਵਾਰ ਵਾਰ ਮੀਟਿੰਗ ਕਰਕੇ ਦਿੱਤੇ ਭਰੋਸਿਆਂ ਤੋਂ ਹੁਣ ਮਨ ਅੱਕ ਚੁੱਕਿਆ ਹੈ। ਹਰ ਵਾਰ ਧਰਨਾ ਪ੍ਰਦਰਸ਼ਨ ਰੋਕਣ ਲਈ ਫੇਰੀ ਤੋਂ ਬਾਅਦ ਦੀ ਮੀਟਿੰਗ ਲਈ ਲਿਖਤ ਪੱਤਰ ਮੌਕੇ ਦੇ ਅਫਸਰ ਦੁਆਰਾ ਦਿੱਤਾ ਜਾਂਦਾ ਹੈ ਪਰ ਮੀਟਿੰਗ ਕਰਵਾਈ ਹੀ ਨਹੀਂ ਜਾਂਦੀ। ਜੇ ਕਰਵਾਈ ਜਾਂਦੀ ਹੈ ਤਾਂ ਓ ਐੱਸ ਡੀ ਨਾਲ ਜਿਸ ਦਾ ਕੋਈ ਰਿਜ਼ਲਟ ਨਹੀਂ ਨਿਕਲਦਾ। ਇਸ ਵਕਤ ਸਮੂਹ ਮੁਲਾਜ਼ਮ ਵਰਗ ਸਰਕਾਰ ਦੇ ਵਾਅਦਿਆਂ ਨੂੰ ਪੂਰਾ ਕਰਨ ਵਿੱਚ ਕੀਤੀ ਜਾ ਰਹੀ ਬੇਲੋੜੀ ਦੇਰੀ ਤੋਂ ਨਰਾਜ਼ ਹੋ ਕੇ ਸੰਘਰਸ਼ ਕਰਨ ਲਈ ਮਜਬੂਰ ਹੈ। ਮੁਲਾਜ਼ਮ ਆਗੂ ਜਨਰਲ ਸਕੱਤਰ ਗੁਰਜੰਟ ਸਿੰਘ ਨੇ ਕਿਹਾ ਕਿ ਸਰਕਾਰ ਤਾਨਾਸ਼ਾਹੀ ਅਫਸਰਸ਼ਾਹੀ ਨੂੰ ਨੱਥ ਪਾਉਣ ਵਿੱਚ ਨਾਕਾਮ ਰਹੀ ਹੈ। ਵਿਭਾਗ ਦੇ ਅਫਸਰ ਖਿਲਾਫ ਸਮੂਹ ਕਰਮਚਾਰੀਆਂ ਵੱਲੋਂ ਦਿੱਤੀ ਲਿਖਤ ਸ਼ਿਕਾਇਤ ਨੂੰ ਅੱਖੋਂ ਪਰੋਖੇ ਕਰਕੇ ਤਬਾਦਲਾ ਨਹੀਂ ਕੀਤਾ ਜਾ ਰਿਹਾ ਜਦਕਿ ਇਸ ਦੀ ਸ਼ਿਕਾਇਤ ਮੁੱਖ ਮੰਤਰੀ ਦਫਤਰ ਅਤੇ ਸਿਹਤ ਮੰਤਰੀ ਨੂੰ ਮਿਲ ਕੇ ਕੀਤੀ ਜਾ ਚੁੱਕੀ ਹੈ।

ਇਸ ਤੋਂ ਇਲਾਵਾ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਨਾਲ 20% ਤਨਖਾਹ ਵਿੱਚ ਕੀਤੇ ਜਾਣ ਵਾਲੇ ਵਾਧੇ ਨੂੰ ਜਾਣਬੁੱਝ ਕੇ ਲਟਕਾਇਆ ਜਾ ਰਿਹਾ ਹੈ। ਪ੍ਰਮੁੱਖ ਸਲਾਹਕਾਰ ਮਹਿੰਦਰ ਪਾਲ ਸਿੰਘ ਪਟਿਆਲਾ ਨੇ ਦੱਸਿਆ ਕਿ ਸਰਕਾਰ ਰੈਗੂਲਰ ਕਰਨ ਅਤੇ ਹੋਰ ਵਾਅਦਿਆਂ ਵਿੱਚ ਦੇਰੀ ਫੰਡਾਂ ਦੀ ਕਮੀ ਨੂੰ ਦੱਸ ਰਹੀ ਹੈ ਜਦਕਿ ਇਸ਼ਤਿਹਾਰਬਾਜ਼ੀ 'ਤੇ ਇਸ ਤੋਂ ਕਿਤੇ ਜ਼ਿਆਦਾ ਖਰਚਾ ਕੀਤਾ ਜਾ ਰਿਹਾ ਹੈ ਜਿਸ ਨਾਲ ਇਨ੍ਹਾਂ ਮੁਲਾਜ਼ਮ ਵਰਗ ਨੂੰ ਮੁਢਲੀਆਂ ਸਹੂਲਤਾਂ ਦਿੱਤੀਆਂ ਜਾ ਸਕਦੀਆਂ ਸਨ। ਇਸ ਕਰਕੇ ਸਮੂਹ ਮੁਲਾਜ਼ਮਾਂ ਵਿੱਚ ਰੋਸ ਦੀ ਭਾਵਨਾ ਹੈ ਜਿਸ ਨੂੰ ਉਹ 26 ਜਨਵਰੀ ਨੂੰ ਰੋਸ ਪ੍ਰਗਟ ਕਰਕੇ ਦਿਖਾਵਾ ਕਰਨਗੇ ਅਤੇ ਇਸ ਦੀ ਰਣਨੀਤੀ ਉਲੀਕਣ ਲਈ 21 ਜਨਵਰੀ ਨੂੰ ਸਮੂਹ ਪੰਜਾਬ ਦੇ ਅਹੁਦੇਦਾਰ ਅਤੇ ਸੀਨੀਅਰ ਆਗੂ ਲੁਧਿਆਣਾ ਦੇ ਕਿਸਾਨ ਭਵਨ ਵਿਖੇ ਅਹਿਮ ਮੀਟਿੰਗ ਕਰਨਗੇ।

ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਕੰਮ ਕਰੋ : ਡੈਨੀ ਬੰਡਾਲਾ

ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਸਰਕਾਰਾਂ ਆਉਂਦੀਆਂ ਜਾਂਦੀਆਂ ਰਹਿੰਦੀਆਂ ਹਨ ਪਰ ਸਾ

19-JAN-PAGE-12.qxd 1/18/2024 10:42 PM Page 1

ਰੁਪਿੰਦਰ ਸਿੰਘ ਦੇ ਪਰਵਾਰ ਨਾਲ ਵੱਖ-ਵੱਖ ਆਗੂਆਂ ਨੇ ਕੀਤਾ ਗਹਿਰੇ ਦੁੱਖ ਦਾ ਪ੍ਰਗਟਾਵਾ

ਨੰਗਲ (ਸੁਰਜੀਤ ਸਿੰਘ ਢੇਰ)-ਇਲਾਕੇ ਦੇ ਸਮਾਜ ਸੇਵੀ ਕਸਤੂਰ ਸਿੰਘ ਸਾਧੜਾ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਿਆ ਜਦੋਂ ਉਹਨਾਂ ਦੇ ਜਵਾਨ ਪੁੱਤਰ ਰੁਪਿੰਦਰ ਸਿੰਘ 48 ਸਾਲ ਦੀ ਸੰਖੇਪ ਬਿਮਾਰੀ ਤੋਂ ਬਾਅਦ ਲੰਘੀ 12 ਜਨਵਰੀ ਨੂੰ ਪੀਜੀਆਈ ਚੰਡੀਗੜ੍ਹ ਵਿੱਚ ਮੌਤ ਹੋ ਗਈ ਸੀ। ਕਸਤੂਰ ਸਿੰਘ ਦੇ ਪਰਵਾਰ ਨਾਲ ਇਲਾਕੇ ਦੇ ਵੱਖ ਵੱਖ ਆਗੂਆਂ ਨੇ ਸੀਪੀਆਈਐਮ ਜ਼ਿਲ੍ਹਾ ਸਕੱਤਰ ਕਾਮਰੇਡ ਸੁਰਜੀਤ ਸਿੰਘ ਢੇਰ, ਜਸਵਿੰਦਰ ਸਿੰਘ ਭੰਗਲ, ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਜਥੇਦਾਰ ਮੋਹਨ ਸਿੰਘ ਢਾਹੇ, ਰਮੇਸ਼ ਚੰਦ ਦਸਗਰਾਈਂ, ਮਾਸਟਰ ਸੁੱਚਾ ਸਿੰਘ ਖੱਟੜਾ ,ਨੰਬਰਦਾਰ ਬਲਵੰਤ ਸਹਿਗਲ,ਡਾਕਟਰ ਰਵਿੰਦਰ ਨਾਥ,ਸਰਪੰਚ ਰਜਿੰਦਰ ਸਿੰਘ ਡੋਡ, ਬਰਜਿੰਦਰ ਸਿੰਘ ਡੋਡ ,ਰਘਵੀਰ ਸਿੰਘ ਭੰਗਲ, ਜਗਤਾਰ ਸਿੰਘ ਅਟਵਾਲ, ਸਾਬਕਾ ਸਰਪੰਚ ਸਵਰਨ ਸਿੰਘ ਮੰਡੇਰ, ਰਾਜਪਾਲ ਆਂਗਰਾ, ਸਰਪੰਚ ਰਾਜਪਾਲ ਸਿੰਘ,ਖੁਸ਼ਹਾਲ ਸਿੰਘ ਭੰਗਲ, ਸੁਖਦੇਵ ਸਿੰਘ, ਜਗਜੀਤ ਸਿੰਘ, ਗੁਰਦੀਪ ਸਿੰਘ ਦੜੋਲੀ, ਇੰਦਰਜੀਤ ਸਿੰਘ ਫੌਜੀ, ਹਰਜਾਪ ਸਿੰਘ ਬਡਿਆਲ, ਗੁਰਮੀਤ ਸਿੰਘ ਡੋਡ,ਬਾਬਾ ਜਗਤਾਰ ਸਿੰਘ ਤਾਰੀ, ਕੁਲਵਿੰਦਰ ਸਿੰਘ ਭੰਗਲ,ਹਕੀਮ ਹਰਮਿੰਦਰ ਪਾਲ ਸਿੰਘ ਮਿਨਹਾਸ,ਐਡਵੋਕੇਟ ਜਤਿੰਦਰ ਪਾਲ ਸਿੰਘ ਢੇਰ ਨੇ ਪਰਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਅਤੇ ਕਿਹਾ ਕਿ ਇਲਾਕੇ ਨੂੰ ਨਾ ਹੋਣ ਵਾਲਾ ਘਾਟਾ ਪਿਆ ਹੈ। ਰੁਪਿੰਦਰ ਸਿੰਘ ਦੀ ਅੰਤਿਮ ਅਰਦਾਸ 22 ਜਨਵਰੀ ਦਿਨ ਸੋਮਵਾਰ ਨੂੰ ਉਹਨਾਂ ਦੇ ਗ੍ਰਹਿ ਵਿਖੇ ਪਿੰਡ ਢੇਰ ਵਿਖੇ ਹੋਵੇਗੀ।

ਗੁ. ਸਿੰਘ ਸ਼ਹੀਦਾਂ ਸੋਹਾਣਾ ਵਿਖੇ ਦਸਵੀਂ ਦਾ ਦਿਹਾੜਾ ਭਲਕੇ

ਐੱਸ.ਏ.ਐੱਸ ਨਗਰ (ਗੁਰਜੀਤ ਬਿੱਲਾ): ਇੱਥੋਂ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਦਸਵੀਂ ਦਾ ਸ਼ੁੱਭ ਦਿਹਾੜਾ ਮਿਤੀ 20 ਜਨਵਰੀ ਨੂੰ ਬੜੀ ਸ਼ਰਧਾ ਭਾਵਨਾ ਨਾਲ ਉਤਸ਼ਾਹ ਪੂਰਵਕ ਮਨਾਇਆ ਜਾਵੇਗਾ । ਇਸ ਦਿਨ ਸਵੇਰੇ 9:00 ਵਜੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ । ਇਸ ਉਪਰੰਤ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ ਦੇ ਹਜ਼ੂਰੀ ਰਾਗੀ ਜੱਥੇ, ਇੰਟਰਨੈਸ਼ਨਲ ਢਾਡੀ ਜੱਥੇ ਅਤੇ ਉੱਚ ਕੋਟੀ ਦੇ ਪੰਥ ਪ੍ਰਸਿੱਧ ਪ੍ਰਚਾਰਕ ਸੰਗਤਾਂ ਨੂੰ ਸਾਰਾ ਦਿਨ ਹਰਿ ਜਸ ਸੁਣਾ ਕੇ ਨਿਹਾਲ ਕਰਨਗੇ । ਇਸ ਦਿਨ ਵਿਸ਼ਾਲ ਅੰਮ੍ਰਿਤ ਸੰਚਾਰ ਦਾ ਆਯੋਜਨ ਸਵੇਰੇ 10 ਵਜੇ ਕੀਤਾ ਜਾਵੇਗਾ। ਅੰਮ੍ਰਿਤ ਅਭਿਲਾਖੀ ਪ੍ਰਾਣੀ ਕੇਸੀ ਇਸ਼ਨਾਨ ਕਰਕੇ ਆਉਣ ਦੀ ਕ੍ਰਿਪਾਲਤਾ ਕਰਨ। ਇਸ ਮੌਕੇ ਗੁਰੂ ਕਾ ਲੰਗਰ ਸਾਰਾ ਦਿਨ ਅਤੁੱਟ ਵਰਤਾਇਆ ਜਾਵੇਗਾ।

82 ਗ੍ਰਾਮ ਨਸ਼ੀਲੇ ਪਦਾਰਥ ਸਮੇਤ ਕਾਬੂ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)— ਪਰਮਿੰਦਰ ਸਿੰਘ ਪੀ ਪੀ ਐਸ ਉਪ ਪੁਲਸ ਕਪਤਾਨ ਤਫਤੀਸ਼ ਦੀ ਯੋਗ ਰਹਿਨੁਮਾਈ ਹੇਠ ਐਸ.ਆਈ ਗੁਰਸਾਹਿਬ ਸਿੰਘ ਮੁੱਖ ਅਫਸਰ ਥਾਣਾ ਚੱਬੇਵਾਲ ਦੇ ਅਧੀਨ ਫੋਰਸ ਨੂੰ ਉਸ ਸਮੇਂ ਵੱਡੀ ਕਾਮਯਾਬੀ ਮਿਲੀ ਜਦੋਂ ਐਸ ਆਈ ਗੁਰਮੀਤ ਸਿੰਘ ਨੇ ਸਮੇਤ ਸਾਥੀ ਕਰਮਚਾਰੀਆਂ ਨੇ ਦੌਰਾਨੇ ਗਸ਼ਤ ਪਿੰਡ ਰੂਪੋਵਾਲ ਤੋਂ ਹੁੰਦੇ ਹੋਏ ਪਿੰਡ ਮੁਗੋਪੱਟੀ ਪੁੱਜੇ ਤਾਂ ਲਿੰਕ ਰੋਡ ਪਿੰਡ ਮੁਗੋਪੱਟੀ ਦੀ ਤਰਫੋ ਸ਼ੱਕ ਦੀ ਬਿਨਾਹ 'ਤੇ ਇੱਕ ਵਿਅਕਤੀ ਨੂੰ ਕਾਬੂ ਕੀਤਾ, ਜਿਸ ਨੇ ਆਪਣਾ ਨਾਂਅ ਕਰਨੈਲ ਸਿੰਘ ਪੁੱਤਰ ਲਾਲ ਚੰਦ ਵਾਸੀ ਦੱਸਿਆ। ਜਿਸ ਪਾਸੋਂ 82 ਗ੍ਰਾਮ ਨਸ਼ੀਲਾ ਪਦਾਰਥ ਬਰਾਮਦ ਹੋਣ 'ਤੇ ਐਨ.ਡੀ.ਪੀ.ਐਸ ਐਕਟ ਥਾਣਾ ਚੱਬੇਵਾਲ ਵਿਖੇ ਦਰਜ ਕੀਤਾ ਗਿਆ।

ਮਾਤ ਭਾਸ਼ਾ ਸੰਬੰਧੀ ਐਕਟ ਦੀ ਉਲੰਘਣਾ 'ਤੇ ਹੋਵੇਗਾ ਜੁਰਮਾਨਾ

ਹੁਸ਼ਿਆਰਪੁਰ (ਓ ਪੀ ਰਾਣਾ)-ਸੂਬਾ ਸਰਕਾਰ ਵਲੋਂ ਮਾਤ ਭਾਸ਼ਾ ਨੂੰ ਬਣਦਾ ਸਤਿਕਾਰ ਦੇਣ ਹਿੱਤ ਕਿਰਤ ਵਿਭਾਗ ਦੇ ਐਕਟ ਪੰਜਾਬ ਰਾਜ ਦੁਕਾਨਾਂ ਅਤੇ ਵਪਾਰਕ ਸਥਾਪਨਾ (ਪਹਿਲੀ ਤਰਮੀਮ) ਨਿਯਮ-2023 ਹੋਂਦ ਵਿਚ ਲਿਆਂਦਾ ਗਿਆ ਹੈ। ਇਹ ਐਕਟ ਪੰਜਾਬ ਰਾਜ ਵਿਚ ਸਥਿਤ ਸਮੂਹ ਦੁਕਾਨਾਂ ਅਤੇ ਅਦਾਰਿਆਂ 'ਤੇ ਲਾਗੂ ਹੁੰਦਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਜਸਵੰਤ ਰਾਏ ਨੇ ਦੱਸਿਆ ਕਿ ਇਸ ਐਕਟ ਅਨੁਸਾਰ ਸਬੰਧਤ ਦੁਕਾਨ ਜਾਂ ਅਦਾਰੇ ਦਾ ਨਾਂਅ ਉਪਰਲੇ ਪਾਸੇ ਪੰਜਾਬੀ ਭਾਸ਼ਾ (ਗੁਰਮੁਖੀ ਲਿੱਪੀ) ਵਿਚ ਲਿਖਿਆ ਜਾਣਾ ਯਕੀਨੀ ਬਣਾਉਣਾ ਹੈ ਅਤੇ ਜੇਕਰ ਕਿਸੇ ਹੋਰ ਭਾਸ਼ਾ ਵਿਚ ਲਿਖਣਾ ਹੋਵੇ ਤਾਂ ਪੰਜਾਬੀ ਭਾਸ਼ਾ ਤੋਂ ਹੇਠਾਂ ਦੂਸਰੀ ਭਾਸ਼ਾ ਵਿਚ ਲਿਖਿਆ ਜਾਵੇ। ਇਸ ਐਕਟ ਦੀ ਪਹਿਲੀ ਵਾਰ ਉਲੰਘਣਾ ਕਰਨ 'ਤੇ ਇਕ ਹਜ਼ਾਰ ਰੁਪਏ ਦਾ ਜੁਰਮਾਨਾ ਕੀਤਾ ਜਾਵੇਗਾ ਅਤੇ ਇਸ ਤੋਂ ਬਾਅਦ ਹਰੇਕ ਉਲੰਘਣਾ ਲਈ ਦੋ ਹਜ਼ਾਰ ਰੁਪਏ ਦਾ ਜੁਰਮਾਨਾ ਕੀਤਾ ਜਾਵੇਗਾ। ਉਨ੍ਹਾਂ ਸਮੂਹ ਕਾਰਜ ਸਾਧਕ ਅਫ਼ਸਰ ਸਮੂਹ ਨਗਰ ਕੌਂਸਲਾਂ, ਵਪਾਰ ਮੰਡਲ ਪ੍ਰਧਾਨਾਂ, ਬੈਂਕ ਮੈਨੇਜਰਾਂ, ਸਕੱਤਰ ਸਮੂਹ ਮਾਰਕੀਟ ਕਮੇਟੀਆਂ, ਪ੍ਰਾਈਵੇਟ ਸਕੂਲਾਂ ਅਤੇ ਨਗਰ ਪੰਚਾਇਤਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਦੀਆਂ ਹਦਾਇਤਾਂ ਦੀ ਪਾਲਣਾ ਯਕੀਨੀ ਬਣਾਉਣ ਅਤੇ ਮਾਤ ਭਾਸ਼ਾ ਦਾ ਬਣਦਾ ਸਤਿਕਾਰ ਕਾਇਮ ਰੱਖਣ ਵਿਚ ਮੋਹਰੀ ਭੂਮਿਕਾ ਨਿਭਾਉਣ। ਇਸ ਦੇ ਨਾਲ ਹੀ ਇਹ ਸਾਡਾ ਸਾਰਿਆਂ ਦਾ ਨੈਤਿਕ ਫ਼ਰਜ਼ ਵੀ ਬਣਦਾ ਹੈ ਕਿ ਅਸੀਂ ਮਾਤ ਭਾਸ਼ਾ ਦਾ ਮਾਣ ਅਤੇ ਜਲੌਅ ਕਾਇਮ ਰੱਖੀਏ। ਉਨ੍ਹਾਂ ਕਿਹਾ ਕਿ ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਬੰਧਤਾਂ ਨੂੰ ਪੱਤਰ ਜਾਰੀ ਕਰਕੇ ਪੰਜਾਬ ਸਰਕਾਰ ਦੀਆਂ ਹਦਾਇਤਾਂ ਸਬੰਧੀ ਵਿਸਥਾਰ ਸਹਿਤ ਜਾਣੂ ਕਰਵਾ ਦਿੱਤਾ ਹੈ।

ਡੈਮੋਕਰੇਟਿਕ ਮੁਲਾਜ਼ਮ ਫੈਡਰੇਸ਼ਨ ਨੇ 23 ਨੂੰ ਕੈਬਨਿਟ ਮੰਤਰੀ ਨੂੰ ਰੋਸ-ਪੱਤਰ ਦੇਣ ਦਾ ਕੀਤਾ ਫ਼ੈਸਲਾ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)-ਡੈਮੋਕ੍ਰੇਟਿਕ ਮੁਲਾਜਮ ਫੈਡਰੇਸਨ (ਡੀ.ਐੱਮ.ਐੱਫ.) ਪੰਜਾਬ ਦੀ ਜ਼ਿਲ੍ਹਾ ਹੁਸ਼ਿਆਰਪੁਰ ਦੀ ਕਾਰਜਕਾਰਨੀ ਦੀ ਇੱਕ ਅਹਿਮ ਮੀਟਿੰਗ ਸ਼ਹੀਦ ਊਧਮ ਸਿੰਘ ਪਾਰਕ ਹੁਸ਼ਿਆਰਪੁਰ ਵਿਖੇ ਜ਼ਿਲ੍ਹਾ ਪ੍ਰਧਾਨ ਪ੍ਰੇਮ ਗਿੱਲ ਅਤੇ ਜ਼ਿਲ੍ਹਾ ਜਨਰਲ ਸਕੱਤਰ ਮਨਜੀਤ ਸਿੰਘ ਦਸੂਹਾ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਡੀ.ਟੀ.ਐੱਫ. ਦੇ ਸੂਬਾ ਜਨਰਲ ਸਕੱਤਰ ਮੁਕੇਸ਼ ਗੁਜਰਾਤੀ, ਜ਼ਿਲ੍ਹਾ ਪ੍ਰਧਾਨ ਸੁਖਦੇਵ ਡਾਨਸੀਵਾਲ, ਪੁਰਾਣੀ ਪੈਨਸ਼ਨ ਪ੍ਰਾਪਤੀ ਫ਼ਰੰਟ ਦੇ ਦੋਆਬਾ ਜ਼ੋਨ ਦੇ ਕਨਵੀਨਰ ਇੰਦਰ ਸੁਖਦੀਪ ਸਿੰਘ ਓਢਰਾ, ਨਿਰਮਲ ਸਿੰਘ ਨਿਹਾਲਪੁਰ, ਡੈਮੋਕਰੈਟਿਕ ਪੈਰਾ ਮੈਡੀਕਲ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਵਿਸ਼ਾਲ ਪੁਰੀ, ਰਣਜੀਤ ਸਿੰਘ, ਡੈਮੋਕਰੈਟਿਕ ਮਿਡ ਡੇ ਮੀਲ ਯੂਨੀਅਨ ਦੀ ਜ਼ਿਲ੍ਹਾ ਪ੍ਰਧਾਨ ਕਮਲਜੀਤ ਕੌਰ, ਹੰਸ ਰਾਜ, ਵਾਟਰ ਸਪਲਾਈ ਅਤੇ ਸੈਨੀਟੇਸ਼ਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਹਰਪ੍ਰੀਤ ਸਿੰਘ, ਪਸ਼ੂ ਪਾਲਣ ਯੂਨੀਅਨ ਦੇ ਆਗੂ ਰਾਮ ਰੌਸ਼ਨ, ਆਸ਼ਾ ਵਰਕਰ ਯੂਨੀਅਨ ਦੀ ਜ਼ਿਲ੍ਹਾ ਪ੍ਰਧਾਨ ਇੰਦੂ ਰਾਣਾ, ਵਰਿੰਦਰ ਸੈਣੀ, ਰੇਸ਼ਮ ਸਿੰਘ ਧੁੱਗਾ, ਰਾਕੇਸ਼ ਕੁਮਾਰ, ਸੰਜੀਵ ਠਾਕੁਰ, ਸ਼ਿਵ ਕੁਮਾਰ ਅਤੇ ਮਨਜੀਤ ਸਿੰਘ ਬਾਬਾ ਆਦਿ ਆਗੂ ਸ਼ਾਮਿਲ ਹੋਏ। ਇਸ ਮੌਕੇ ਆਗੂਆਂ ਨੇ ਚਰਚਾ ਕੀਤੀ ਕਿ ਪੰਜਾਬ ਸਰਕਾਰ ਪੰਜਾਬ ਦੇ ਕੱਚੇ-ਪੱਕੇ ਮੁਲਾਜਮਾਂ ਅਤੇ ਵਰਕਰਾਂ ਨਾਲ ਕੀਤੇ ਗਏ ਵਾਅਦਿਆਂ ਤੋਂ ਮੁੱਕਰ ਚੁੱਕੀ ਹੈ। ਉਹਨਾ ਨੇ ਕਿਹਾ ਕਿ ਮਿਡ-ਡੇ-ਮੀਲ ਵਰਕਰਾਂ, ਆਸ਼ਾ ਵਰਕਰਾਂ, ਆਸਾ ਫੈਸਿਲੀਟੇਟਰਾਂ ਅਤੇ ਆਂਗਣਵਾੜੀ ਵਰਕਰਾਂ ਪਿਛਲੇ ਲੰਬੇ ਸਮੇਂ ਤੋਂ ਅਪਮਾਨਜਨਕ ਭੱਤਿਆਂ 'ਤੇ ਕੰਮ ਕਰਦੀਆਂ ਆ ਰਹੀਆਂ ਹਨ ਅਤੇ ਆਮ ਆਦਮੀ ਪਾਰਟੀ ਵੱਲੋਂ 2022 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਮਾਣ-ਭੱਤਾ ਫੌਰੀ ਦੁਗਣਾ ਕਰਨ ਦੀ ਗਰੰਟੀ ਦੇਣ ਦੇ ਬਾਵਜੂਦ ਵੀ ਇਹਨਾਂ ਦੇ ਕਥਿਤ ਭੱਤੇ ਵਿੱਚ ਕੋਈ ਵਾਧਾ ਨਹੀਂ ਕੀਤਾ ਗਿਆ। ਇਸੇ ਤਰ੍ਹਾਂ ਕੱਚੇ ਮੁਲਾਜਮਾਂ ਨੂੰ ਪੱਕਾ ਕਰਨ ਦੀ ਧੂਆਂਧਾਰ ਇਸਤਿਹਾਰਬਾਜੀ ਕੀਤੀ ਗਈ ਸੀ ਪ੍ਰੰਤੂ ਅਜੇ ਤੱਕ ਇੱਕ ਵੀ ਕੱਚਾ ਮੁਲਾਜਮ ਪੱਕਾ ਨਹੀਂ ਕੀਤਾ ਗਿਆ ਅਤੇ ਜਨਵਰੀ 2004 ਤੋਂ ਬਾਅਦ ਭਰਤੀ ਕੀਤੇ ਗਏ 2 ਲੱਖ ਮੁਲਾਜਮਾਂ ਦੀ ਪੁਰਾਣੀ ਪੈਨਸਨ ਸਕੀਮ ਬਹਾਲ ਕਰਨ ਦੇ ਕਥਿਤ ਵਾਅਦੇ ਨੂੰ ਠੰਡੇ ਬਸਤੇ ਵਿੱਚ ਪਾ ਦਿੱਤਾ ਗਿਆ ਹੈ , ਜਿਸ ਕਾਰਨ ਡੀ.ਐਮ.ਐਫ. ਵੱਲੋਂ ਪੰਜਾਬ ਦੇ ਸਮੂਹ ਜਿ?ਲ੍ਹਿਆਂ ਵਿੱਚ ਰੈਲੀਆਂ ਕਰਕੇ ਮੰਤਰੀਆਂ ਅਤੇ ਵਿਧਾਇਕਾਂ ਦੇ ਘਰਾਂ ਵੱਲ ਮਾਰਚ ਕੀਤੇ ਜਾ ਰਹੇ ਹਨ। ਮੀਟਿੰਗ ਵਿੱਚ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ ਆਸਾ ਵਰਕਰਾਂ ਮਿੱਡ-ਡੇ-ਮੀਲ ਵਰਕਰਾਂ ਅਤੇ ਆਂਗਨਵਾੜੀ ਹੈਲਪਰਾਂ ਨੂੰ ਛੇਵੇਂ ਤਨਖਾਹ ਕਮਿਸਨ ਦੀ ਮੁਢਲੀ ਸਲੈਬ ਅਨੁਸਾਰ18 ਹਜਾਰ ਰੁਪਏ ਪ੍ਰਤੀ ਮਹੀਨਾ ਤਨਖਾਹ ਦਿੱਤੀ ਜਾਵੇ ਅਤੇ ਆਸਾ ਫੈਸਿਲੀਟੇਟਰਾਂ ਤੇ ਆਂਗਨਵਾੜੀ ਵਰਕਰਾਂ ਲਈ ਇਸ ਤੋਂ ਅਗਲੀ ਸਲੈਬ ਫਿਕਸ ਕੀਤੀ ਜਾਵੇ, ਵੱਖ ਵੱਖ ਵਿਭਾਗਾਂ ਅੰਦਰ ਕੰਮ ਕਰਦੇ ਹਰ ਤਰ੍ਹਾਂ ਦੇ ਕੱਚੇ, ਠੇਕਾ, ਆਊਟ ਸੋਰਸ ਅਤੇ ਇਨਲਿਸਟਮੈਂਟ ਸਕੀਮਾਂ ਦੇ ਮੁਲਾਜਮਾਂ ਨੂੰ ਪੱਕਾ ਕੀਤਾ ਜਾਵੇ, ਕੰਪਿਊਟਰ ਅਧਿਆਪਕਾਂ ਨੂੰ ਸਿੱਖਿਆ ਵਿਭਾਗ ਵਿੱਚ ਸਾਮਲ ਕੀਤਾ ਜਾਵੇ ਅਤੇ ਤਨਖਾਹ ਵਾਧੇ ਵਾਲੇ 8736 ਕੱਚੇ ਪ੍ਰਾਇਮਰੀ ਅਧਿਆਪਕਾਂ ਨੂੰ ਨਿਯਮਾਂ ਅਨੁਸਾਰ ਪੱਕਾ ਕੀਤਾ ਜਾਵੇ, ਜਨਵਰੀ 2004 ਤੋਂ ਬਾਅਦ ਭਰਤੀ ਮੁਲਾਜਮਾਂ 'ਤੇ 1972 ਦੇ ਨਿਯਮਾਂ ਮੁਤਾਬਕ ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇ, ਪਰਖ ਸਮੇਂ ਦੌਰਾਨ ਮੁੱਢਲੀ ਤਨਖਾਹ ਦੇਣ ਸੰਬੰਧੀ 15-01-2015 ਅਤੇ 09-07-2016 ਦੇ ਨੋਟੀਫਿਕੇਸ਼ਨਾਂ ਨੂੰ ਰੱਦ ਕੀਤਾ ਜਾਵੇ, 17-07-2020 ਤੋਂ ਬਾਅਦ ਭਰਤੀ ਹੋਏ ਮੁਲਾਜਮਾਂ 'ਤੇ ਕੇਂਦਰ ਦੀ ਬਜਾਏ ਪੰਜਾਬ ਦੇ ਤਨਖਾਹ ਸਕੇਲ ਲਾਗੂ ਕੀਤੇ ਜਾਣ, ਪੇਂਡੂ ਅਤੇ ਬਾਰਡਰ ਏਰੀਏ ਸਮੇਤ ਬੰਦ ਕੀਤੇ ਸਮੂਹ ਭੱਤੇ ਅਤੇ ਏ.ਸੀ.ਪੀ. ਸਕੀਮ ਬਹਾਲ ਕੀਤੀ ਜਾਵੇ, ਮਹਿੰਗਾਈ ਭੱਤੇ ਦੀਆਂ ਰਹਿੰਦੀਆਂ ਦੋ ਕਿਸਤਾਂ (8%) ਅਤੇ ਪਿਛਲੇ ਸਾਰੇ ਬਕਾਏ ਫੌਰੀ ਅਦਾ ਕੀਤੇ ਜਾਣ, ਛੇਵੇਂ ਤਨਖਾਹ ਕਮਿਸਨ ਦੇ 01-01-2016 ਤੋਂ 30-06-2021 ਤੱਕ ਦੇ ਸਮੂਚੇ ਬਕਾਏ ਯੱਕ-ਮੁਸਤ ਅਦਾ ਕੀਤੇ ਜਾਣ, ਕਾਂਗਰਸ ਸਰਕਾਰ ਦੁਆਰਾ ਥੋਪਿਆ ਗਿਆ 200 ਰੁਪਏ ਜਜੀਆ ਟੈਕਸ ਬੰਦ ਕੀਤਾ ਜਾਵੇ, ਵੱਖ-ਵੱਖ ਵਿਭਾਗਾਂ ਵਿੱਚ ਅਕਾਰ ਘਟਾਈ ਤਹਿਤ ਖਤਮ ਕੀਤੀਆਂ ਗਈਆਂ ਹਜਾਰਾਂ ਅਸਾਮੀਆਂ ਨੂੰ ਮੁੜ ਸੁਰਜੀਤ ਕੀਤਾ ਜਾਵੇ ਅਤੇ ਸਮੂਹ ਵਿਭਾਗਾਂ ਅੰਦਰ ਦਰਜਾ-4 ਮੁਲਾਜਮਾਂ ਦੀ ਬੰਦ ਕੀਤੀ ਗਈ ਭਰਤੀ ਮੁੜ ਸ਼ੁਰੂ ਕੀਤੀ ਜਾਵੇ। ਇਸ ਮੌਕੇ ਫ਼ੈਸਲਾ ਕੀਤਾ ਗਿਆ ਕਿ 23 ਜਨਵਰੀ ਦਿਨ ਮੰਗਲਵਾਰ ਨੂੰ ਪੰਜਾਬ ਦੇ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਦੀ ਪੂਰਤੀ ਲਈ ਕੈਬਨਿਟ ਮੰਤਰੀ ਬ੍ਰਹਮ ਸ਼ੰਕਰ ਜਿੰਪਾ ਨੂੰ ਰੋਸ-ਪੱਤਰ ਦਿੱਤਾ ਜਾਵੇਗਾ।

ਨਾਨ-ਟੀਚਿੰਗ ਇੰਪਲਾਈਜ਼ ਯੂਨੀਅਨ ਵੱਲੋਂ ਹੁਣ ਰੋਸ ਧਰਨਾ 29 ਨੂੰ

ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)—ਛੇਵੇਂ ਤਨਖਾਹ ਕਮਿਸਨ ਦੀਆਂ ਸਿਫਾਰਸ਼ਾਂ ਲਾਗੂ ਕਰਨ ਵਿੱਚ ਦੇਰੀ ਕਰਨ ਦੇ ਵਿਰੁੱਧ ਨਾਨ ਟੀਚਿੰਗ ਇੰਪਲਾਈਜ਼ ਯੂਨੀਅਨ ਪੰਜਾਬ ਵੱਲੋਂ ਮਿਤੀ 19 ਜਨਵਰੀ ਨੂੰ ਸਥਾਨਕ ਭਗਤ ਰਵਿਦਾਸ ਚੌਕ ਵਿੱਚ ਧਰਨਾ ਦਿੱਤਾ ਜਾਣਾ ਸੀ ਪਰ ਅਫਸੋਸ ਪਿਛਲੇ ਦਿਨੀਂ ਯੂਨੀਅਨ ਦੇ ਜਥੇਬੰਦਕ ਸਕੱਤਰ ਸ਼ਮਸ਼ੇਰ ਸਿੰਘ ਦੇ ਅਕਾਲ ਚਲਾਣਾ ਕਰ ਜਾਣ ਕਾਰਨ ਧਰਨਾ ਮਿਤੀ 29 ਜਨਵਰੀ ਤੱਕ ਮੁਲਤਵੀ ਕਰ ਦਿੱਤਾ ਗਿਆ ਹੈ । ਸਥਾਨਕ ਸਕੱਤਰ ਪ੍ਰੇਮ ਅਤੇ ਪ੍ਰਧਾਨ ਸੋਹਣ ਸਿੰਘ ਨੇ ਦੱਸਿਆ ਕਿ ਮਿਤੀ 29 ਜਨਵਰੀ ਨੂੰ ਸਥਾਨਕ ਭਗਤ ਰਵਿਦਾਸ ਚੌਕ ਵਿੱਚ ਧਰਨਾ ਸਵੇਰੇ ਗਿਆਰਾਂ ਵਜੇ ਤੋਂ ਬਾਅਦ ਦੁਪਹਿਰ ਤੱਕ ਦਿੱਤਾ ਜਾਵੇਗਾ। ਜੇ ਪੰਜਾਬ ਸਰਕਾਰ ਦੇ ਉਚੇਰੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਸਾਡੀਆਂ ਮੰਗਾਂ ਨੂੰ ਹਮਦਰਦੀ ਨਾਲ ਵਿਚਾਰ ਕੇ ਨੋਟੀਫਿਕੇਸ਼ਨ ਜਾਰੀ ਕਰਵਾ ਦੇਣ ਤਾਂ ਸਾਨੂੰ ਧਰਨੇ ਲਾਉਣ ਦੀ ਜਰੂਰਤ ਹੀ ਨਾ ਪਵੇ। ਇਸ ਤੋਂ ਪਹਿਲਾਂ ਅਨੰਦਪੁਰ ਸਾਹਿਬ ਦੀ ਇਕਾਈ ਨੇ ਕਾਲਜ ਵਿੱਚ ਇਕੱਤਰ ਹੋ ਕੇ ਮਰਹੂਮ ਸ਼ਮਸ਼ੇਰ ਸਿੰਘ ਦੀ ਯਾਦ ਵਿੱਚ ਸ਼ੋਕ ਸਭਾ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਅਨੰਦਪੁਰ ਸਾਹਿਬ ਇਕਾਈ ਦੇ ਖਜਾਨਚੀ ਜਗਜੀਤ ਸਿੰਘ,ਮੀਤ ਪ੍ਰਧਾਨ ਮਨਦੀਪ ਸਿੰਘ, ਦਲਜੀਤ ਕੌਰ, ਨਵੀਨ ਪੁਰੀ, ਪ੍ਰਦੀਪ ਸਿੰਘ,ਪਰਮਿੰਦਰ ਸਿੰਘ ਲਾਇਬ੍ਰੇਰੀ ਸਹਾਇਕ, ਹਰਜਿੰਦਰ ਸਿੰਘ ਅਤੇ ਮੀਡੀਆ ਸਕੱਤਰ ਤੇਜਿੰਦਰ ਸਿੰਘ ਸੀਨੀਅਰ ਲੈਕਚਰਾਰ ਸਹਾਇਕ ਵੀ ਹਾਜਰ ਸਨ।

ਗਣਤੰਤਰ ਦਿਵਸ ਸਮਾਰੋਹ ਦੇ ਪ੍ਰਬੰਧਾਂ ਸੰਬੰਧੀ ਰਿਵਿਊ ਮੀਟਿੰਗ